ਸਾਂਝੀ ਸੋਚ
SANJHI SOCH
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

DOWNLOAD THE APP
NOW AVAILABLE ON
24x7
LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-12 ISSUE 2189 10 August, 2025 Sunday www.sanjhisoch.com ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ +1 (209) 303-1260

# ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਚਰਨ ਛੋਹ ਪ੍ਰਾਪਤ ਸਥਾਨਾਂ ਦੀ ਬਦਲੀ ਜਾਵੇਗੀ ਨੁਹਾਰ- ਈਟੀਓ

## ਬਾਬਾ ਬਕਾਲਾ ਸਾਹਿਬ ਹਲਕੇ ਦੀ ਕੋਈ ਵੀ ਸੜਕ ਕੱਚੀ ਨਹੀਂ ਰਹਿਣ ਦੇਵਾਂਗੇ- ਟੌਂਗ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਸਾਚਾ ਗੁਰੂ ਲਾਧੋ ਰੇ ਦਿਵਸ ਅਤੇ ਰੱਖੜ ਪੁੰਨਿਆ ਦੇ ਮੌਕੇ ਉੱਤੇ ਪੰਜਾਬ ਸਰਕਾਰ ਵੱਲੋਂ ਕਰਵਾਏ ਗਏ ਰਾਜ ਪੱਧਰੀ ਸਮਾਗਮ ਨੂੰ ਸੰਬੋਧਨ ਕਰਦੇ ਹੋਏ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਸੰਗਤਾਂ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਅਰਵਿੰਦ ਕੇਜਰੀਵਾਲ, ਮਨੀਸ਼ ਸਿਸ਼ੋਦੀਆ ਅਤੇ ਪਾਰਟੀ ਪ੍ਰਧਾਨ ਅਮਨ ਅਰੋੜਾ ਵੱਲੋਂ ਪਵਿੱਤਰ ਦਿਹਾੜੇ ਦੀ ਵਧਾਈ ਦਿੰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਜੋ ਗਰੰਟੀਆਂ ਵੋਟਾਂ ਤੋਂ ਪਹਿਲਾਂ ਲੋਕਾਂ ਨੂੰ ਦਿੱਤੀਆਂ ਸਨ, ਉਹ ਲਗਭਗ ਪੂਰੀਆਂ ਕਰ ਦਿੱਤੀਆਂ ਹਨ। ਉਹਨਾਂ ਨੇ ਸਰਕਾਰ ਵੱਲੋਂ ਹਰ ਘਰ ਨੂੰ 600 ਯੂਨਿਟ ਮੁਫਤ ਬਿਜਲੀ ਸਪਲਾਈ, ਬਿਜਲੀ ਵਿੱਚ ਕੀਤੇ ਵੱਡੇ ਸੁਧਾਰ, ਕਿਸਾਨਾਂ ਨੂੰ ਅੱਠ ਘੰਟੇ ਨਿਰਵਿਘਨ ਬਿਜਲੀ ਉਹ ਵੀ ਦਿਨ ਦੇ ਸਮੇਂ ਅਤੇ ਪੰਜਾਬ ਸਰਕਾਰ ਵੱਲੋਂ ਨਿਜੀ ਖੇਤਰ ਤੋਂ ਖਰੀਦੇ ਗਏ ਥਰਮਲ ਪਲਾਂਟ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਪਿਛਲੀਆਂ ਸਰਕਾਰਾਂ ਨੇ ਆਪਣੇ ਮੁਨਾਫੇ ਲਈ ਜੋ ਗੋਰਖ ਧੰਦਾ ਕੋਲੇ ਦੀ ਖਰੀਦ ਵਿੱਚ ਚਲਾਇਆ ਸੀ, ਨੂੰ ਬੰਦ ਕਰਕੇ ਅਸੀਂ ਆਪਣੀ ਕੋਲ ਖਾਣ ਸ਼ੁਰੂ ਕੀਤੀ ਹੈ, ਜਿਸ ਨਾਲ ਬਿਜਲੀ ਵਿਭਾਗ ਨੂੰ ਵੱਡਾ ਆਰਥਿਕ ਲਾਹਾ ਮਿਲਿਆ ਹੈ ਅਤੇ ਅੱਜ ਬਿਜਲੀ ਵਿਭਾਗ 2500 ਕਰੋੜ ਰੁਪਏ ਤੋਂ ਵੱਧ ਦੇ ਮੁਨਾਫੇ ਵਿੱਚ ਹੈ।

ਉਹਨਾਂ ਨੇ ਇਸ ਮੌਕੇ ਦੱਸਿਆ ਕਿ ਛੇਤੀ ਹੀ ਮੁੱਖ ਮੰਤਰੀ ਹਰ ਘਰ ਨੂੰ 10 ਲੱਖ ਰੁਪਏ ਦਾ ਮੈਡੀਕਲ ਬੀਮਾ ਦੇਣ ਜਾ ਰਹੇ ਹਨ, ਜਿਸ ਨਾਲ ਆਮ ਆਦਮੀ ਦੀ ਜੇਬ ਉੱਤੇ ਪੈਂਦਾ ਦਵਾਈਆਂ ਦਾ ਭਾਰ ਸਦਾ ਲਈ ਦੂਰ ਹੋ ਜਾਵੇਗਾ। ਯੁੱਧ ਨਸ਼ਿਆਂ ਵਿਰੁੱਧ ਦੀ ਗੱਲ ਕਰਦੇ ਕੈਬਨਿਟ ਮੰਤਰੀ ਨੇ ਦੱਸਿਆ ਕਿ ਹੁਣ ਤੱਕ ਸਾਡੇ ਮੰਤਰੀ, ਵਿਧਾਇਕ, ਹਲਕਾ ਇੰਚਾਰਜ ਅਤੇ ਹੋਰ ਪਾਰਟੀ ਆਗੂ 7000 ਤੋਂ ਵੱਧ ਪਿੰਡਾਂ ਤੇ ਸ਼ਹਿਰਾਂ ਵਿੱਚ ਨਸ਼ੇ ਨੂੰ ਰੋਕਣ ਲਈ ਘਰ ਘਰ ਦਸਤਕ ਦੇ ਚੁੱਕੇ ਹਨ। ਇਸ ਦਾ ਇਹ ਅਸਰ ਪਿਆ ਹੈ ਕਿ 4000 ਤੋਂ ਵੱਧ ਪੰਚਾਇਤਾਂ ਨੇ ਲਿਖ ਕੇ ਦੇ ਦਿੱਤਾ ਹੈ ਕਿ ਅਸੀਂ ਨਸ਼ੇ ਵੇਚਣ ਵਾਲਿਆਂ ਦਾ ਸਾਥ ਨਹੀਂ ਦੇਵਾਂਗੇ। ਉਹਨਾਂ ਕਿਹਾ ਕਿ ਇਹ ਯੁੱਧ ਲਗਾਤਾਰ ਜਾਰੀ ਹੈ ਅਤੇ ਨਸ਼ਾ ਤਸਕਰ ਚਾਹੇ ਉਹ ਕਿੰਨੀ ਵੀ ਵੱਡੀ ਪਹੁੰਚ ਰੱਖਦਾ ਹੋਵੇ ,ਨੂੰ ਸਜ਼ਾ ਦਿੱਤੀ ਜਾਵੇਗੀ । ਉਹਨਾਂ ਨੇ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਪੁਰਬ ਦਾ ਜ਼ਿਕਰ ਕਰਦਿਆਂ ਵੱਧ ਤੋਂ ਵੱਧ ਸੰਗਤਾਂ ਨੂੰ ਇਹਨਾਂ ਪ੍ਰੋਗਰਾਮ ਵਿੱਚ ਸ਼ਿਰਕਤ ਕਰਨ ਦਾ ਸੱਦਾ ਦਿੱਤਾ ਅਤੇ ਕਿਹਾ ਕਿ 5 ਸਤੰਬਰ ਤੋਂ ਪਹਿਲਾਂ ਅਨੰਦਪੁਰ ਸਾਹਿਬ ਵਿੱਚ ਭਾਈ ਜੈਤਾ ਜੀ ਦੀ ਯਾਦਗਰ ਜੋ ਕਿ ਕਰੀਬ 20 ਕਰੋੜ ਰੁਪਏ ਨਾਲ ਬਣਾਈ ਜਾ ਰਹੀ ਹੈ, ਦਾ ਉਦਘਾਟਨ ਕਰਕੇ ਇਹਨਾਂ ਪ੍ਰੋਗਰਾਮਾਂ ਨੂੰ ਰਸਮੀ ਤੌਰ ਉਤੇ ਸ਼ੁਰੂ ਕਰ ਦਿੱਤਾ ਜਾਵੇਗਾ। ਕੈਬਨਿਟ ਮੰਤਰੀ ਨੇ ਐਲਾਨ ਕੀਤਾ ਕਿ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਚਰਨ ਛੋਹ ਪ੍ਰਾਪਤ ਪਿੰਡਾਂ ਅਤੇ ਸ਼ਹਿਰਾਂ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਜਾਵੇਗੀ। ਉਹਨਾਂ ਕਿਹਾ ਕਿ ਸਾਢੇ ਤਿੰਨ ਸਾਲ ਵਿੱਚ ਜਿੰਨੇ ਕੰਮ ਭਗਵੰਤ ਸਿੰਘ ਮਾਨ ਸਰਕਾਰ ਨੇ ਕੀਤੇ ਹਨ, ਉਨੇ ਕੰਮ 75 ਸਾਲਾਂ ਵਿੱਚ ਸਰਕਾਰਾਂ ਨਹੀਂ ਕਰ ਸਕੀਆਂ।

ਇਸ ਮੌਕੇ ਸੰਬੋਧਨ ਕਰਦੇ ਵਿਧਾਇਕ ਸ ਕੁਲਦੀਪ ਸਿੰਘ ਧਾਲੀਵਾਲ ਨੇ ਅੱਜ ਸਰਹੱਦ ਉੱਤੇ ਨਸ਼ੇ ਦੀ ਤਸਕਰੀ ਰੋਕਣ




ਲਈ ਸ਼ੁਰੂ ਕੀਤੀ ਗਈ ਐਂਟੀ ਡਰੋਨ ਸਿਸਟਮ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਨਾਲ ਸਾਡੇ ਪੰਜਾਬ ਵਿੱਚ ਹੁੰਦੀ ਤਸਕਰੀ ਬੰਦ ਹੋਵੇਗੀ ਅਤੇ ਜਿਸ ਨਾਲ ਨਸ਼ੇ ਦਾ ਕਾਰੋਬਾਰ ਸਦਾ ਲਈ ਬੰਦ ਹੋ ਜਾਵੇਗਾ।

ਹਲਕਾ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਕਾਨਫਰੰਸ ਵਿੱਚ ਪਹੁੰਚੇ ਹਲਕੇ ਦੇ ਲੀਡਰਾਂ, ਸੰਗਤ ਅਤੇ ਆਗੂਆਂ ਦਾ ਧੰਨਵਾਦ ਕਰਦੇ ਦੱਸਿਆ ਕਿ ਕਿਸ ਤਰ੍ਹਾਂ ਸਿੱਖਿਆ ਅਤੇ ਸਿਹਤ ਵਿੱਚ ਵੱਡੇ ਸੁਧਾਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਕੀਤੇ ਹਨ। ਉਹਨਾਂ ਨੇ ਕਿਹਾ ਕਿ ਬਾਬਾ ਬਕਾਲਾ ਸਾਹਿਬ ਹਲਕੇ ਦੀਆਂ 60% ਤੋਂ ਵੱਧ ਸੜਕਾਂ ਬਣਾਈਆਂ ਜਾ ਚੁੱਕੀਆਂ ਹਨ ਅਤੇ ਬਾਕੀ ਰਹਿੰਦੀਆਂ ਸੜਕਾਂ ਵੀ ਜਲਦੀ ਬਣਾ ਦਿੱਤੀਆਂ ਜਾਣਗੀਆਂ। ਉਹਨਾਂ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਪੂਰਬ ਮੌਕੇ ਬਾਬਾ ਬਕਾਲਾ ਸਾਹਿਬ ਵਿਖੇ ਵੱਡੇ ਪ੍ਰੋਗਰਾਮ ਕਰਵਾਉਣ ਲਈ ਪੰਜਾਬ ਸਰਕਾਰ ਦਾ ਧੰਨਵਾਦ ਵੀ ਕੀਤਾ। ਉਹਨਾਂ ਕਿਹਾ ਕਿ ਮੈਂ ਆਪਣੇ ਹਲਕੇ ਵਿੱਚ 200 ਤੋਂ ਵੱਧ ਸਕੂਲਾਂ ਵਿੱਚੋਂ 130 ਸਕੂਲਾਂ ਵਿੱਚ ਲੋੜੀਦਾ ਮੁਢਲਾ ਢਾਂਚਾ ਪੂਰਾ ਕਰਨ ਲਈ ਵਿਕਾਸ ਕੰਮ ਕਰਵਾ ਚੁੱਕਾ ਹਾਂ ਅਤੇ ਬਾਕੀ ਸਕੂਲਾਂ ਵਿੱਚ ਵੀ ਛੇਤੀ ਕੰਮ ਪੂਰੇ ਕਰਕੇ ਉਦਘਾਟਨ ਕੀਤੇ ਜਾਣਗੇ। ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਅਤੇ ਵਿਧਾਇਕ ਸਾਹਿਬਾਨ ਨੇ ਗੁਰਦੁਆਰਾ ਬਾਬਾ ਬਕਾਲਾ ਸਾਹਿਬ ਵਿਖੇ ਮੱਥਾ ਟੇਕਿਆ ਜਿੱਥੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉਹਨਾਂ ਨੂੰ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਵਿਧਾਇਕ ਜਸਵਿੰਦਰ ਸਿਘ ਰਮਦਾਸ, ਵਿਧਾਇਕ ਅਮਰਪਾਲ ਸਿੰਘ ਸ੍ਰੀ ਹਰਗੋਬਿੰਦਪੁਰ ਸਾਹਿਬ, ਵਿਧਾਇਕ ਗੁਰਦੀਪ ਸਿੰਘ ਰੰਧਾਵਾ, ਚੇਅਰਮੈਨ ਰਮਨ ਬਹਿਲ, ਸੰਜੀਵ ਭੰਡਾਰੀ ਸੰਗਠਨ ਇੰਚਾਰਜ ਬਾਬਾ ਬਕਾਲਾ, ਵਧੀਕ ਡਿਪਟੀ ਕਮਿਸ਼ਨਰ ਸ਼ਹਿਰੀ ਵਿਕਾਸ ਅਮਨਦੀਪ ਕੌਰ, ਐਸਡੀਐਮ ਅਮਨਪ੍ਰੀਤ ਸਿੰਘ, ਗੁਰਪ੍ਰਤਾਪ ਸਿੰਘ ਸੰਧੂ, ਜਸਬੀਰ ਸਿੰਘ ਸੁਰ ਸਿੰਘ, ਜਗਰੂਪ ਸਿੰਘ ਸੇਖਵਾਂ ਹਲਕਾ ਇੰਚਾਰਜ ਕਾਦੀਆਂ, ਤਲਬੀਰ ਸਿੰਘ ਗਿੱਲ, ਪ੍ਰਧਾਨ ਸੁਰਜੀਤ ਸਿੰਘ ਕੰਗ, ਸ਼ਮਸ਼ੇਰ ਸਿੰਘ ਦੀਨਾਨਗਰ, ਬਲਬੀਰ ਸਿੰਘ ਪੰਨੂ ਫਤਿਹਗੜ੍ਹ ਚੂੜੀਆਂ,ਕੁਲਦੀਪ ਸਿੰਘ ਮਥਰੇਵਾਲ,ਤਰਸੇਮ ਸਿੰਘ ਸਿਆਲਕਾ ਅਤੇ ਹੋਰ ਆਗੂ ਵੀ ਹਾਜ਼ਰ ਸਨ।

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

GINNY BEDI LAW PC
Immigration
Divorce
Custody and Support issues
Business Disputes
Living Trusts
Criminal Matters
Misdemeanors
DUI
Ginny Bedi Attorney
ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।
255 N Market St Ste 150 San Jose CA 95110
Tel: (408) 800-0242 Fax: (408) 800-0240, Mobile: (408) 802-2501
Email: ginny@ginnybedilaw.com Web: www.ginnybedilaw.com

Space availabe for Ad
Contact #
+1 (209) 303-1260

Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor ®
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

Space availabe for Ad
Contact #
+1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Ph: (414) 551-0530
Simranveer Singh
Realtor
The JRP Group
DRE #02114137

PAL FILMS & PHOTO BOOKS
WWW.PALFILMS.COM
All Your Photo/Videography & Post Production needs Under One Roof
Music Video | Pre Shoots | Weddings | Birthdays | Graduations Stage Shows Or Any Kind Of Events | Customize Photobooks (upto 6 feet) Video Editing VFX/DI/CC & Much More....
Full Photo & Videography studio with Green Screen Blue Screen
PH: (925) 489 3400, (341) 356 1517
4007 Railroad Ave Pittsburgh, CA 94565 | Email: palfilms@yahoo.com, palfilms925@gmail.com

# JRP REALTY GROUP

A TRADITION OF REAL ESTATE EXCELLENCE

## SERVING CALIFORNIA FOR COMMERCIAL REAL ESTATE NEEDS





Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS

**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ


ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**

**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

EQUAL HOUSING OPPORTUNITY



Apply online at www.lendingassets.com and check out the live lowest rates on our website


OPEN
NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria MONEY TRANSFER
INDIA ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ
SANJHI SOCH

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH

DAILY NEWSPAPER

2601 Oakdale Road, Suite H2-167 Modesto, CA 95355 USA

Cell: (209) 303-1260

Email: info@sanjhisoch.com

Visit at: www.sanjhisoch.com

# ਸ੍ਰੀ ਅਕਾਲ ਤਖਤ ਸਾਹਿਬ ਦੇ ਸੰਕਲਪ ਅਤੇ ਪ੍ਰਭੂ ਸੱਤਾ ਸੰਪਨ ਹਸਤੀ ਨੂੰ ਢਹਿ ਢੇਰੀ ਕੌਣ ਕਰ ਰਿਹਾ ਹੈ? ਕੀ ਅਕਾਲ ਤਖਤ ਸਾਹਿਬ ਜਾ ਇਸ ਦੇ ਜਥੇਦਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧੀਨ ਆਉਂਦੇ ਹਨ? ਕਿੰਨਾ ਕੁ ਘਾਤਕ ਹੋ ਸਕਦਾ ਹੈ, ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਬਾਰੇ "ਸਰਵਿਸ ਨਿਯਮ" ਬਣਾਉਣਾ?

ਸ੍ਰੀ ਅਕਾਲ ਤਖਤ ਸਾਹਿਬ ਸਿੱਖਾਂ ਦਾ ਉਹ ਮਹਾਨ ਵਿਲੱਖਣ ਮੀਰੀ ਪੀਰੀ ਦਾ ਤਖਤ ਹੈ, ਜੋ ਸਿੱਖ ਪੰਥ ਦੀ ਵੱਖਰੀ ਪਹਿਚਾਣ ਅਤੇ ਸੰਪੂਰਨ ਪ੍ਰਭੂ ਸੱਤਾ ਦਾ ਪ੍ਰਤੀਕ ਹੈ। ਭਾਵੇਂ ਸ੍ਰੀ ਅਕਾਲ ਤਖਤ ਸਾਹਿਬ ਦੀ ਆਜ਼ਾਦ ਹੋਂਦ ਨੂੰ ਖੋਰਾ ਲਾਉਣ ਦੀਆਂ ਕੋਸ਼ਿਸ਼ਾਂ 20ਵੀਂ ਸ਼ਤਾਬਦੀ ਦੇ ਆਖਰੀ ਦਹਾਕਿਆਂ ਵਿੱਚ ਵੱਡੀ ਪੱਧਰ ਤੇ ਸ਼ੁਰੂ ਹੋ ਗਈਆਂ ਸਨ, ਪਰ 21ਵੀਂ ਸ਼ਤਾਬਦੀ ਦੇ ਸ਼ੁਰੂ ਹੋਣ ਤੋਂ ਬਾਅਦ ਤਾਂ ਸਿੱਖ ਵਿਰੋਧੀ ਤਾਕਤਾਂ ਜਾਂ ਜਥੇਬੰਦੀਆਂ ਵੱਲੋਂ ਸਾਡੇ ਆਪਣੇ ਹੀ ਸਿੱਖ ਰਾਜਨੀਤਿਕ ਅਤੇ ਧਾਰਮਿਕ ਸ਼ਖ਼ਸੀਅਤਾਂ ਤੇ ਸੰਸਥਾਵਾਂ ਨੂੰ ਬੜੇ ਹੀ ਲੁਕਵੇਂ ਅਤੇ ਵਿਧੀਵੱਧ ਤਰੀਕੇ ਨਾਲ ਵਰਤ ਕੇ, ਇਸ ਦੀ ਆਜ਼ਾਦ ਅਤੇ ਸੁਤੰਤਰ ਪ੍ਰਭੂ ਸੱਤਾ ਨੂੰ ਖੇਰੂ ਖੇਰੂ ਕਰਨ ਦਾ ਕਾਰਜ ਬੜੇ ਜੋਰਾਂ ਸ਼ੋਰਾਂ ਨਾਲ ਕੀਤਾ ਜਾ ਰਿਹਾ ਹੈ। ਦੋ ਦਸੰਬਰ 2024, ਨੂੰ ਸ੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ ਹੋਏ ਹੁਕਮਨਾਮਿਆਂ ਨੇ ਸਿੱਖ ਕੌਮ ਵਿੱਚ ਇਸ ਮਹਾਨ ਸੰਸਥਾ ਦੀ ਆਜ਼ਾਦ ਅਤੇ ਸੁਤੰਤਰ ਹੋਂਦ ਨੂੰ ਮੁੜ ਸਿਰਜਣ ਦੀ ਉਮੀਦ ਜਗਾ ਦਿੱਤੀ। ਪਰੰਤੂ ਜਿਸ ਤਰੀਕੇ ਦੇ ਨਾਲ ਇਹਨਾਂ ਹੁਕਮਨਾਮਿਆਂ ਨੂੰ ਦਰਕਨਾਰ ਕੀਤਾ ਗਿਆ, ਉਹ ਵੀ ਸ਼ਾਇਦ ਸਿੱਖ ਇਤਿਹਾਸ ਵਿੱਚ ਨਵਾਂ ਕਾਲਾ ਵਰਤਾਰਾ ਹੈ। ਨਿਸ਼ਚੇ ਹੀ ਇਸ ਵਰਤਾਰੇ ਨੇ ਸਿੱਖ ਕੌਮ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਦੀ ਸਰਬ ਉੱਚਤਾ ਬਾਰੇ ਭੰਬਲ ਭੂਸੇ ਅਤੇ ਬੇ - ਭਰੋਸਗੀ ਦਾ ਆਲਮ ਬਣਾ ਦਿੱਤਾ ਹੈ। ਦੁੱਖ ਦੀ ਗੱਲ ਇਹ ਹੈ, ਕਿ ਇਸ ਘਟਨਾਕ੍ਰਮ ਵਿੱਚ ਜੋ ਕੁਝ ਵਾਪਰਿਆ ਉਸ ਤੋਂ ਸਬਕ ਲੈਣ ਦੀ ਦੀ ਬਜਾਏ, 'ਜਾਣੇ ਅਣਜਾਣੇ' ਵਿੱਚ ਇੱਕ ਹੋਰ ਬਹੁਤ ਵੱਡੀ ਗਲਤੀ ਕੀਤੀ ਜਾ ਰਹੀ ਹੈ। ਉਹ ਇਹ ਹੈ, ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਦੀ ਨਿਯੁਕਤੀ, ਕਾਰਜ ਖੇਤਰ ਅਤੇ ਸੇਵਾ ਮੁਕਤੀ ਸਬੰਧੀ ਸੇਵਾ ਨਿਯਮ ਤਿਆਰ ਕਰਨ ਲਈ ਇਕ 34 ਮੈਂਬਰੀ ਕਮੇਟੀ ਦਾ ਬਣਾਉਣਾ। ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਚ ਕਾਨੂੰਨ ਦੀ ਪੜ੍ਹਾਈ ਅਤੇ ਪੀਐਚ.ਡੀ ਕਰਨ ਤੋਂ ਬਾਅਦ ਆਪਣੇ ਕਾਨੂੰਨ ਦੇ ਅਧਿਆਪਨ ਤਜ਼ਰਬੇ ਅਧਾਰਤ, ਮੈਂ ਸਮੇਂ - ਸਮੇਂ ਸਿੱਖ ਪੰਥ ਬਾਰੇ ਕਾਨੂੰਨੀ ਨੁਕਤਾ ਨਿਗਾਹ ਤੋਂ ਆਪਣੇ ਵਿਚਾਰ ਰੱਖਦਾ ਆਇਆ ਹਾਂ, ਉਦਾਹਰਨ ਦੇ ਤੌਰ 'ਤੇ ਆਨੰਦ ਮੈਰਿਜ ਐਕਟ ਜਾਂ ਸਿੱਖ ਮੈਰਿਜ ਐਕਟ, ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਵੀਰ ਬਾਲ ਦਿਵਸ ਕਹਿਣਾ, ਬਾਬਾ ਬੰਦਾ ਸਿੰਘ ਬਹਾਦਰ ਨੂੰ ਵੀਰ ਬੰਦਾ ਬੈਰਾਗੀ ਕਹਿਣਾ ਆਦਿ।

ਅੱਜ ਮੈਂ ਇਸ ਲੇਖ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਬਾਰੇ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ "ਸੇਵਾ ਨਿਯਮ" ਬਣਾਉਣ ਲਈ ਚੁੱਕੇ ਕਦਮਾਂ ਦੀ ਕਾਨੂੰਨਾਤਮਿਕ ਪੱਖ ਤੋਂ ਪੜਚੋਲ ਜਾਂ ਸਮੀਖਿਆ ਕਰਨੀ ਚਾਹੁੰਦਾ ਹਾਂ। ਸਭ ਤੋਂ ਪਹਿਲਾਂ ਸਵਾਲ ਇਹ ਹੈ ਕਿ, ਕੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕੋਲ ਸਿੱਖ ਗੁਰਦੁਆਰਾ ਐਕਟ, 1925 ਅਧੀਨ, ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਬਾਰੇ "ਸਰਵਿਸ ਨਿਯਮ" ਬਣਾਉਣ ਦਾ ਕੋਈ ਅਖਤਿਆਰ ਹੈ? ਕਿਆ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁਲਾਜ਼ਮ (ਨੌਕਰ) ਬਣਾਏ ਜਾਣਾ, ਸ੍ਰੀ ਅਕਾਲ ਤਖਤ ਸਾਹਿਬ ਨੂੰ ਢਹਿ ਢੇਰੀ ਕਰਨ ਬਰਾਬਰ ਤਾਂ ਨਹੀਂ ਹੋਵੇਗਾ?

ਸਾਨੂੰ ਸਭ ਨੂੰ ਪਤਾ ਹੀ ਹੈ, ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਜੋ ਅੱਜ ਵਜੂਦ ਹੈ, ਉਹ ਸਿੱਖ ਗੁਰਦੁਆਰਾ ਐਕਟ, 1925 ਦੇ ਕਾਨੂੰਨ ਅਧੀਨ ਹੈ। ਇਸ ਐਕਟ ਦੀਆਂ 161 ਧਾਰਾਵਾਂ ਹਨ ਅਤੇ ਇਸ ਐਕਟ ਨੂੰ 12 ਅਧਿਆਇ ਵਿੱਚ ਵੰਡਿਆ ਹੋਇਆ ਹੈ। ਇਸ ਵਿੱਚ ਤਿੰਨ ਸ਼ਡਿਊਲ ਅੰਕਿਤ ਕੀਤੇ ਗਏ ਹਨ। 1925 ਤੋਂ ਬਾਅਦ ਇਸ ਐਕਟ ਵਿੱਚ ਕੁਝ ਤਰਮੀਮਾ, ਕੁਝ ਨਵੇਂ ਨਿਯਮ ਵੀ ਬਣਾਏ ਗਏ ਹਨ। ਇੱਥੇ ਮੈਂ ਖਾਸ ਜਿਕਰ ਕਰਨਾ ਚਾਹਾਂਗਾ, ਕਿ ਸ਼੍ਰੋਮਣੀ ਗੁਰੂ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁਲਾਜ਼ਮਾ ਲਈ ਸਰਵਿਸ ਰੂਲਸ ਇੱਕ ਮਾਰਚ, 1997 ਤੋਂ, ਜੋ ਲਾਗੂ ਕੀਤੇ ਗਏ ਹਨ, ਉਸ ਦੀ ਧਾਰਾ ੧(ਕ) ਵਿੱਚ ਮੁਲਾਜ਼ਮਾਂ ਦੇ ਅਹੁਦਿਆਂ ਦਾ ਖਾਸ ਤੌਰ ਤੇ ਜ਼ਿਕਰ ਕੀਤਾ ਗਿਆ ਹੈ, ਜਿਵੇਂ ਕਿ ਮੈਨੇਜਰ/ ਮੀਤ /ਖਜ਼ਾਨਚੀ/ ਕਲੈਰੀਕਲ/ ਟੈਕਨੀਕਲ ਸਟਾਫ ਤੇ ਜ/ਰਾਗੀ, ਗ੍ਰੰਥੀ ਸ/ਗ੍ਰੰਥੀ ਸ/ਰਾਗੀ/ ਜੋੜੀ ਵਾਲੇ ਤੇ ਹੈਲਪਰ। ਮਹੱਤਵਪੂਰਨ ਤੱਥ ਇਹ ਹੈ ਕਿ ਸਿੱਖ ਗੁਰਦੁਆਰਾ ਐਕਟ 1925 ਜਾਂ 1997 ਵਿੱਚ ਬਣਾਏ ਸਰਵਿਸ ਰੂਲਸ ਵਿੱਚ ਕਿਤੇ ਵੀ "ਜਥੇਦਾਰ" ਸ਼ਬਦ ਦੀ ਵਰਤੋਂ ਨਹੀਂ ਕੀਤੀ ਗਈ।

ਹੁਣ ਸਵਾਲ ਇਹ ਉੱਠਦਾ ਹੈ ਕਿ, ਕੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕੋਲ ਸਿੱਖ ਗੁਰਦੁਆਰਾ ਐਕਟ 1925 ਅਧੀਨ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਬਾਰੇ ਸਰਵਿਸ ਨਿਯਮ ਬਣਾਉਣ ਦਾ ਕੋਈ ਅਖਤਿਆਰ ਹੈ? ਜਦੋਂ ਅਸੀਂ ਸਿੱਖ ਗੁਰਦੁਆਰਾ ਐਕਟ,1925 ਦੀਆਂ ਵੱਖ ਵੱਖ ਧਰਾਵਾਂ ਦਾ ਬਰੀਕੀ ਨਾਲ ਅਧਿਅਨ ਕਰਦੇ ਹਾਂ, ਤਾਂ ਉਸ ਤੋਂ ਸਪਸ਼ਟ ਹੋ ਜਾਂਦਾ ਹੈ ਕਿ ਇਸ ਅਧੀਨ ਸ੍ਰੀ ਅਕਾਲ ਤਖਤ ਸਾਹਿਬ ਨੂੰ ਸੋਚ ਸਮਝ ਕੇ ਸਿੱਖ ਗੁਰਦੁਆਰਾ ਐਕਟ ਦੇ ਘੇਰੇ ਵਿੱਚ ਨਹੀਂ ਲਿਆਂਦਾ ਗਿਆ। ਅੰਗਰੇਜ਼ਾਂ ਨੇ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦਾ ਇਸ ਐਕਟ ਵਿੱਚ ਕਿਤੇ ਵੀ ਜ਼ਿਕਰ ਨਹੀਂ ਕੀਤਾ। ਇਸ ਦਾ ਮਤਲਬ ਇਹ ਬਿਲਕੁਲ ਨਹੀਂ ਕਿ ਅੰਗਰੇਜ਼ਾਂ ਨੂੰ ਸ੍ਰੀ ਅਕਾਲ ਤਖਤ ਸਾਹਿਬ ਜਾ ਉਸਦੇ ਜਥੇਦਾਰ ਦੀ ਪਦਵੀ ਬਾਰੇ ਪਤਾ ਨਹੀਂ ਸੀ। ਉਹਨਾਂ ਨੇ ਸਭ ਕੁਝ ਜਾਣਦੇ ਹੋਏ ਵੀ ਇਸ ਨੂੰ ਕਾਨੂੰਨ ਦੇ ਘੇਰੇ ਵਿੱਚ ਨਹੀਂ ਲਿਆਂਦਾ, ਕਿਉਂਕਿ ਉਹ ਸ੍ਰੀ ਅਕਾਲ ਤਖਤ ਸਾਹਿਬ ਦੀ ਆਜ਼ਾਦ ਹੋਣ ਅਤੇ ਸਿੱਖਾਂ ਦੀਆਂ ਭਾਵਨਾਵਾਂ ਨੂੰ ਠੇਸ ਨਹੀਂ ਪਹੁੰਚਾਉਣਾ ਚਾਹੁੰਦੇ ਸਨ। ਇਸ ਐਕਟ ਵਿੱਚ "ਮਨਿਸਟਰ" ਅਤੇ "ਹੈਡ ਮਨਿਸਟਰ" ਦਾ ਸ਼ਬਦ ਵਰਤਿਆ ਗਿਆ ਹੈ। ਹੁਣ ਸਵਾਲ ਇਹ ਹੈ ਕਿ, ਕੀ ਅਸੀਂ ਮਨਿਸਟਰ ਜਾਂ ਹੈਡ ਮਨਿਸਟਰ ਦਾ ਮਤਲਬ "ਜਥੇਦਾਰ," ਕਹਿ ਸਕਦੇ ਹਾਂ। ਬਿਲਕੁਲ ਵੀ ਨਹੀਂ! ਕਾਨੂੰਨੀ ਪੱਖੋਂ ਮੈਂ ਇਸ ਦਾ ਇਕ ਸਬੂਤ ਦਿੰਦਾ ਹਾਂ। ਐਕਟ ਦੀ ਧਾਰਾ 43 ਜਾਂ 43ਏ ਦੇ ਵਿੱਚ "ਬੋਰਡ" (ਜਿਸ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਜੋ ਜਾਣਿਆ ਜਾਂਦਾ ਹੈ) ਦੀ ਬਣਤਰ ਬਾਰੇ ਲਿਖਿਆ ਗਿਆ ਹੈ। ਇਸ ਅਨੁਸਾਰ ਚੁਣੇ ਗਏ 140 ਮੈਂਬਰਾਂ ਤੋਂ ਬਿਨਾਂ "ਹੈਡ ਮਨਿਸਟਰ ਦਰਬਾਰ ਸਾਹਿਬ ਅੰਮ੍ਰਿਤਸਰ" ਅਤੇ ਚਾਰ ਤਖ਼ਤ ਸ੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ, ਸ੍ਰੀ ਤਖ਼ਤ ਕੇਸਗੜ੍ਹ ਸਾਹਿਬ ਅਨੰਦਪੁਰ ਸਾਹਿਬ, ਸ੍ਰੀ ਤਖ਼ਤ ਪਟਨਾ ਸਾਹਿਬ ਪਟਨਾ, ਸ੍ਰੀ ਤਖ਼ਤ ਹਜ਼ੂਰ ਸਾਹਿਬ ਨੰਦੇੜ ਅਤੇ 15 ਹੋਰ ਭਾਰਤੀ ਵਾਸੀ...। ਹੁਣ ਬਹੁਤ ਹੀ ਮਹੱਤਵਪੂਰਨ ਵੇਖਣ ਵਾਲੀ ਗੱਲ ਇਹ ਹੈ ਕਿ ਇਸ ਧਾਰਾ ਵਿੱਚ ਸ਼ਬਦ ਵਰਤੇ ਗਏ ਹਨ "ਹੈਡ ਮਿਨਿਸਟਰ ਦਰਬਾਰ ਸਾਹਿਬ ਅੰਮ੍ਰਿਤਸਰ ਅਤੇ ਚਾਰ ਤਖਤ ਸਾਹਿਬ"। ਕੀ ਦਰਬਾਰ ਸਾਹਿਬ ਦਾ ਕੋਈ ਜਥੇਦਾਰ ਹੋਇਆ ਹੈ ਜਾ ਹੁਣ ਹੈ? ਇਸ ਦਾ ਉੱਤਰ ਸਾਫ ਹੈ, ਕਿ ਨਹੀਂ! ਕਾਨੂੰਨੀ ਪੱਖੋਂ "ਹੈੱਡ ਮਨਿਸਟਰ" ਸ਼ਬਦ "ਹੈੱਡ ਗ੍ਰੰਥੀ" ਲਈ ਵਰਤਿਆ ਗਿਆ ਹੈ। ਕਾਨੂੰਨ ਦੇ ਸਿਧਾਂਤਾਂ ਅਨੁਸਾਰ ਇੱਕ ਐਕਟ ਵਿੱਚ ਵਰਤੇ ਗਏ ਸ਼ਬਦ ਦੇ ਕਦੇ ਵੀ ਦੋ ਅਰਥ ਜਾਂ ਮਤਲਬ ਨਹੀਂ ਹੋ ਸਕਦੇ। ਜੇ ਹੈੱਡ ਮਨਿਸਟਰ ਸ਼ਬਦ ਦਰਬਾਰ ਸਾਹਿਬ ਦੇ ਹੈੱਡ ਗ੍ਰੰਥੀ ਦੇ ਤੌਰ ਤੇ ਵਰਤਿਆ ਗਿਆ ਹੈ, ਤਾਂ ਇਹ ਸ਼ਬਦ ਅਕਾਲ ਤਖਤ ਦੇ ਜਥੇਦਾਰਾਂ ਲਈ ਵਰਤਣਾ ਕਾਨੂੰਨਨ ਤੌਰ'ਤੇ ਗ਼ਲਤ ਹੋਵੇਗਾ।

ਇਸ ਲਈ ਇਹ ਸਪਸ਼ਟ ਹੈ, ਕਿ ਹੈੱਡ ਮਨਿਸਟਰ ਸ਼ਬਦ ਦਰਬਾਰ ਸਾਹਿਬ ਅਤੇ ਚਾਰ ਤਖਤਾਂ ਦੇ ਮੁੱਖ ਗ੍ਰੰਥੀ ਲਈ ਵਰਤਿਆ ਗਿਆ ਹੈ। ਹੁਣ ਇੱਕ ਬਹੁਤ ਹੀ ਮਹੱਤਵਪੂਰਨ ਸਵਾਲ, ਸਭ ਦੇ ਜ਼ਿਹਨ ਵਿੱਚ ਆਵੇਗਾ ਕਿ, ਕੀ ਅਕਾਲ ਤਖਤ ਗੁਰਦੁਆਰਾ ਹੈ ਜਾਂ ਮੀਰੀ ਪੀਰੀ ਸਿਧਾਂਤਕ ਸੰਸਥਾ? ਇਸ ਦਾ ਜਵਾਬ ਸਿੱਖ ਗੁਰਦੁਆਰਾ ਐਕਟ ਦੀ ਧਾਰਾ 85 ਤੋਂ ਸਪਸ਼ੱਟ ਤੌਰ 'ਤੇ ਮਿਲ ਜਾਂਦਾ ਹੈ, ਜਿਸ ਵਿੱਚ ਗੁਰਦੁਆਰਿਆਂ ਦੀ ਪ੍ਰਬੰਧਕ ਪ੍ਰਬੰਧਕੀ ਕਮੇਟੀ ਬਾਰੇ ਲਿਖਿਆ ਗਿਆ ਹੈ। ਇਸ ਵਿੱਚ ਜਿਨਾਂ ਗੁਰਦੁਆਰਿਆਂ ਦੇ ਨਾਂਓ ਦਿੱਤੇ ਗਏ ਹਨ, ਉਹਨਾਂ ਵਿੱਚ ਸ੍ਰੀ ਅਕਾਲ ਤਖਤ ਸਾਹਿਬ, ਅੰਮ੍ਰਿਤਸਰ ਅਤੇ ਸ੍ਰੀ ਤਖਤ ਕੇਸਗੜ੍ਹ ਸਾਹਿਬ, ਅਨੰਦਪੁਰ ਸਾਹਿਬ ਨੂੰ ਅੰਕਿਤ ਕੀਤਾ ਗਿਆ ਹੈ। ਇਸ ਦਾ ਇੱਕ ਹੋਰ ਸਬੂਤ ਸਿੱਖ ਗੁਰਦੁਆਰਾ ਐਕਟ ਦੀ ਅਨੁਸੂਚੀ 1 (ਸ਼ਚਹਏਦੁਲਏ) ਵਿੱਚੋਂ ਵੀ ਮਿਲ ਜਾਂਦਾ ਹੈ, ਅਤੇ ਇਸ ਅਨੁਸੂਚੀ ਵਿੱਚ ਜੋ 415 ਗੁਰਦੁਆਰਿਆਂ ਦੇ ਨਾਂਓ ਲਿਖੇ ਗਏ ਸਨ, ਉਸ ਦੇ 26ਵੇਂ ਨੰਬਰ ਤੇ ਸ੍ਰੀ ਹਰਿਮੰਦਰ ਸਾਹਿਬ (ਦਰਬਾਰ ਸਾਹਿਬ) ਦਾ ਨਾਂਓ, 27ਵੇਂ ਨੰਬਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ (ਅਕਾਲ ਬੁੰਗਾ) ਅਤੇ 118 ਨੰਬਰ ਤੇ ਸ੍ਰੀ ਤਖ਼ਤ ਕੇਸਗੜ੍ਹ ਸਾਹਿਬ, ਅਨੰਦਪੁਰ ਦਰਜ ਕੀਤਾ ਹੋਇਆ ਹੈ।

ਇਸ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ ਅਤੇ ਤਖ਼ਤ ਸ਼੍ਰੀ ਕੇਸਗੜ੍ਹ ਸਾਹਿਬ ਅਨੰਦਪੁਰ ਸਾਹਿਬ ਗੁਰਦੁਆਰਾ ਵੀ ਹਨ, ਜਿਨਾਂ ਵਿੱਚ ਧਾਰਮਿਕ ਰਸਮ ਮਰਿਆਦਾ ਰੱਖਣ ਦੀ ਜਿੰਮੇਵਾਰੀ ਹੈਡ ਮਨਿਸਟਰ ਜਾਂ ਹੈਡ ਗ੍ਰੰਥੀ ਸਾਹਿਬ ਤੇ ਹੈ। ਜਿਵੇਂ ਕਿ ਮੈਂ ਉੱਪਰ ਲਿਖ ਚੁੱਕਿਆ ਹਾਂ, ਇਹਨਾਂ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੇਵਾ ਨਿਯਮ 1997 ਤੋਂ ਹੀ ਲਾਗੂ ਕਰ ਦਿੱਤੇ ਗਏ ਹਨ।

ਜਦੋਂ ਅਸੀਂ ਸਿੱਖ ਗੁਰਦੁਆਰਾ ਐਕਟ, 1925 ਦੇ ਬਣਨ ਅਤੇ ਉਸ ਤੋਂ ਪਹਿਲਾਂ ਦੇ ਇਤਿਹਾਸਿਕ ਪਿਛੋਕੜ ਵੱਲ ਝਾਤੀ ਮਾਰਦੇ ਹਾਂ, ਤਾਂ ਇਹ ਗੱਲ ਸਪਸ਼ੱਟ ਹੋ ਜਾਂਦੀ ਹੈ ਕਿ ਸਿੱਖ ਪੰਥ ਵੱਲੋਂ ਮਹੰਤਾ ਜਾਂ ਮਸੰਦਾਂ ਆਦ ਤੋਂ ਕੰਟਰੋਲ ਛੁਡਵਾ ਕੇ ਗੁਰਦੁਆਰਿਆਂ ਦੀ ਸੇਵਾ ਸੰਭਾਲ ਪ੍ਰਾਪਤ ਕਰਨ ਲਈ ਹੀ ਇਹ ਕਾਨੂੰਨ ਦੀ ਮੰਗ ਕੀਤੀ ਗਈ ਸੀ ਅਤੇ ਅੰਗਰੇਜ਼ਾਂ ਨੇ 1925 ਵਿੱਚ ਇਹ ਐਕਟ ਬਣਾਉਣ ਸਮੇਂ ਇਸ ਦੇ ਸ਼ੁਰੂ ਵਿੱਚ ਹੀ ਇਹ ਲਿਖ ਦਿੱਤਾ ਸੀ, ਕਿ "ਇਹ ਐਕਟ ਕੁਝ ਸਿੱਖ ਗੁਰਦੁਆਰਿਆਂ ਅਤੇ ਇਸ ਦੇ ਨਾਲ ਜੁੜੇ ਮਾਮਲਿਆਂ ਵਿੱਚ ਇੱਕ ਬਿਹਤਰ ਪ੍ਰਸ਼ਾਸਨ ਦਾ ਪ੍ਰਬੰਧ ਕਰਨ ਲਈ ਹੈ"।

ਜਿਵੇਂ ਅਸੀਂ ਉੱਪਰ ਵੇਖ ਆਏ ਹਾਂ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀਆਂ ਦੋ ਵੱਖ-ਵੱਖ ਹਸੀਅਤ ਹਨ, ਇੱਕ ਸਿੱਖ ਗੁਰਦੁਆਰਾ ਐਕਟ ਵੱਲੋਂ ਘੋਸ਼ਿਤ "ਗੁਰਦੁਆਰਾ ਸਾਹਿਬ" ਅਤੇ ਦੂਜੀ ਸਿੱਖ ਧਰਮ ਦੇ ਇਤਿਹਾਸ ਸਿਧਾਂਤਾਂ ਮਰਿਆਦਾ ਤੇ ਅਧਾਰਤ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਵੱਲੋਂ ਸਥਾਪਿਤ ਮੀਰੀ ਪੀਰੀ ਦਾ "ਤਖ਼ਤ ਸ੍ਰੀ ਅਕਾਲ ਤਖ਼ਤ ਸਾਹਿਬ", ਜੋ ਕਿ ਅਲਾਹੀ ਆਦੇਸ਼ ਦਾ ਅਸਥਾਨ ਹੈ। ਇਸ ਲਈ ਜਦੋਂ ਅਸੀਂ ਸ੍ਰੀ ਅਕਾਲ ਤਖਤ ਸਾਹਿਬ ਗੁਰਦੁਆਰਾ ਦੀ ਗੱਲ ਕਰਦੇ ਹਾਂ, ਤਾਂ ਇਹ ਨਿਸ਼ਚੇ ਹੀ ਸ਼੍ਰੋਮਣੀ ਗੁਰਦੁਆਰਾ ਐਕਟ ਦੇ ਘੇਰੇ ਵਿੱਚ ਆਉਂਦਾ ਹੈ, ਅਤੇ ਇਸ ਦਾ ਹੈੱਡ ਮਨਿਸਟਰ ਯਾਨੀ ਹੈੱਡ ਗ੍ਰੰਥੀ ਅਤੇ ਮਨਿਸਟਰ ਯਾਨੀ ਗ੍ਰੰਥੀ ਸਾਰੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁਲਾਜ਼ਮ ਹਨ। ਪਰ ਮੀਰੀ ਪੀਰੀ ਦੇ ਸਿਧਾਂਤ ਤੇ ਸਥਾਪਤ ਪ੍ਰਭੂਸਤਾ ਸੰਪਨ ਹਸਤੀ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਇਸ ਦੇ ਜਥੇਦਾਰ ਸ਼੍ਰੋਮਣੀ ਗੁਰਦੁਆਰਾ ਐਕਟ,1925 ਜਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧੀਨ ਜਾਂ ਇਸ ਦੇ ਅਧਿਕਾਰ ਖੇਤਰ ਵਿੱਚ ਬਿਲਕੁਲ ਵੀ ਨਹੀਂ ਆਉਂਦੇ।

ਇੱਕ ਹੋਰ ਬਹੁਤ ਹੀ ਮਹੱਤਵਪੂਰਨ ਗੱਲ ਇਹ ਹੈ, ਕਿ ਜਿਵੇਂ ਕਿ ਅਸੀਂ ਸਾਰੇ ਹੀ ਜਾਣਦੇ ਹਾਂ, ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਅਲਾਹੀ ਆਦੇਸ਼ ਦੁਨੀਆ ਦੇ ਵੱਖ-ਵੱਖ ਦੇਸ਼ਾਂ ਵਿੱਚ ਵਸਦੇ ਸਿੱਖਾਂ ਅਤੇ ਸਿੱਖਾਂ ਨਾਲ ਸੰਬੰਧਿਤ ਗੁਰਦੁਆਰਿਆਂ ਤੇ ਲਾਗੂ ਹੁੰਦੇ ਹਨ। ਇਸ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਅਧਿਕਾਰ ਖੇਤਰ ਸਾਰੀ ਦੁਨੀਆ ਵਿੱਚ ਵੱਸਦੇ ਸਿੱਖਾਂ ਤੇ ਲਾਗੂ ਹੁੰਦਾ ਹੈ, ਜਦਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਅਧਿਕਾਰ ਖੇਤਰ ਸਿਰਫ ਗੁਰਦੁਆਰਿਆਂ ਦੇ ਪ੍ਰਬੰਧਨ ਅਤੇ ਉਹ ਵੀ ਅੱਜ ਦੇ ਪੰਜਾਬ ਜਾਂ ਕੁਝ ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਦੇ ਗੁਰਦੁਆਰਿਆਂ ਤੱਕ ਸੀਮਤ ਹੈ। ਭਾਰਤ ਵਿੱਚ ਵੱਖ ਵੱਖ ਰਾਜਾਂ ਵਿੱਚ ਸਿੱਖ ਗੁਰਦੁਆਰਿਆਂ ਦੇ ਲਈ ਵੱਖਰਾ ਵੱਖਰਾ ਕਾਨੂੰਨ ਹੈ, ਜਿਵੇਂ ਕਿ ਹਰਿਆਣਾ ਸਿੱਖ ਗੁਰਦੁਆਰਾ (ਮੈਨੇਜਮੈਂਟ) ਐਕਟ, 2014; ਦਿੱਲੀ ਸਿੱਖ ਗੁਰਦੁਆਰਾ ਐਕਟ, 1971; ਕੋਨਸਟੀਟਿਊਸ਼ਨ ਆਫ ਸ੍ਰੀ ਤਖ਼ਤ ਹਰਿਮੰਦਰ ਜੀ ਪਟਨਾ ਸਾਹਿਬ,1956; ਨੰਦੇੜ ਸਿੱਖ ਗੁਰਦੁਆਰਾ ਸੱਚਖੰਡ ਸ੍ਰੀ ਹਜ਼ੂਰ ਅਬਚਲ ਨਗਰ ਸਾਹਿਬ ਐਕਟ,1956 ਅਤੇ ਜੰਮੂ ਐਂਡ ਕਸ਼ਮੀਰ ਸਿੱਖ ਗੁਰਦੁਆਰਾ ਅਤੇ ਇੰਡੋਵਮੈਂਟ ਐਕਟ,1973 ਬਣੇ ਹੋਏ ਹਨ।

ਇੱਥੇ ਮੈਂ ਤੁਹਾਡੇ ਨਾਲ ਇੱਕ ਇਤਿਹਾਸਿਕ ਤੱਤ ਸਾਂਝਾ ਕਰਨਾ ਚਾਹੁੰਦਾ ਹਾਂ :- 1999 ਵਿੱਚ ਜਦੋਂ ਭਾਈ ਰਣਜੀਤ ਸਿੰਘ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਬਾਰੇ ਵਿਵਾਦ ਉੱਠਿਆ ਤਾਂ ਮੇਰਾ ਅਖਬਾਰਾਂ ਵਿੱਚ ਇੱਕ ਆਰਟੀਕਲ ਛਪਿਆ ਜਿਸ ਦਾ ਸਿਰਲੇਖ ਸੀ, "ਸ੍ਰੀ ਅਕਾਲ ਤਖ਼ਤ ਸਾਹਿਬ ਦਾ ਜਥੇਦਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਘੇਰੇ ਵਿੱਚ ਨਹੀਂ ਆਉਂਦਾ"। ਜਦੋਂ ਉਸ ਵਕਤ ਦੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਨੇ ਇਹ ਲੇਖ ਪੜਿਆ, ਤਾਂ ਉਹਨਾਂ ਨੇ ਮੇਰੇ ਨਾਲ ਮੁਲਾਕਾਤ ਦੀ ਇੱਛਾ ਜਤਾਈ।

ਮੇਰੀ ਤੇ ਉਹਨਾਂ ਦੀ ਮੁਲਾਕਾਤ ਉਹਨਾਂ ਦੇ ਜੱਦੀ ਪਿੰਡ ਟੌਹੜਾ ਵਿਖੇ ਉਹਨਾਂ ਦੀ ਰਹਾਇਸ਼ ਤੇ ਹੋਈ। ਜਦੋਂ ਦੋ ਘੰਟਿਆਂ ਦੀ ਇਸ ਮੀਟਿੰਗ ਵਿੱਚ ਮੈਂ ਉੱਪਰ ਦਿੱਤੇ ਸਾਰੇ ਤੱਥ ਉਹਨਾਂ ਨੂੰ ਦੱਸੇ ਤਾਂ ਉਹਨਾਂ ਨੇ ਬਸ ਇਨਾ ਹੀ ਕਿਹਾ, ਕਿ ਸਾਡੇ ਵਕੀਲ ਸਿਰਫ ਸਮਰੀਆਂ ਹੀ ਪੜ੍ਹੀ ਜਾਂਦੇ ਨੇ, ਕਦੇ ਉਹਨਾਂ ਨੇ ਵਿਸਥਾਰ ਪੂਰਵਕ ਇਹ ਸਾਰੀ ਜਾਣਕਾਰੀ ਮੈਨੂੰ ਨਹੀਂ ਦਿੱਤੀ। ਉਸ ਤੋਂ ਬਾਅਦ ਉਹਨਾਂ ਨੇ ਇੱਕ ਮੀਟਿੰਗ ਉਸ ਵਕਤ ਵਰਲਡ ਸਿੱਖ ਕੌਂਸਲ ਦੇ ਚੇਅਰਮੈਨ ਜਸਟਿਸ ਕੁਲਦੀਪ ਸਿੰਘ ਦੇ ਗ੍ਰਹਿ, ਪੰਚਕੁਲਾ ਵਿਖੇ ਰੱਖੀ। ਜਿਸ ਵਿੱਚ ਟੌਹੜਾ ਸਾਹਿਬ ਜਸਟਿਸ ਕੁਲਦੀਪ ਸਿੰਘ ਅਤੇ ਦਾਸ ਸ਼ਾਮਲ ਸੀ।

ਜਦੋਂ ਇਹ ਸਾਰਾ ਕੁਝ ਜਸਟਿਸ ਕੁਲਦੀਪ ਸਿੰਘ ਉਹਨਾਂ ਨੂੰ ਮੈਂ ਵਿਸਥਾਰਪੂਰਵਕ ਸਪੱਸ਼ਟ ਕੀਤਾ ਤਾਂ ਉਹਨਾਂ ਨੇ ਟੌਹੜਾ ਸਾਹਿਬ ਤੋਂ ਪੁੱਛਿਆ ਕਿ, ਕੀ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਹੈੱਡ ਗ੍ਰੰਥੀ ਦੀ ਪੋਸਟ ਹੈ ? ਤਾਂ ਉਹਨਾਂ ਦਾ ਜਵਾਬ ਸੀ, "ਜੀ ਹਾਂ" ਅਤੇ ਇਸ ਦੇ ਹੈਡ ਗ੍ਰੰਥੀ ਅੱਜ ਕੱਲ ਭਾਈ ਭਗਵਾਨ ਸਿੰਘ ਜੀ ਹਨ। ਜਸਟਿਸ ਕੁਲਦੀਪ ਸਿੰਘ ਨੇ ਸਪਸ਼ੱਟ ਸ਼ਬਦਾਂ ਵਿੱਚ ਕਿਹਾ ਤਾਂ ਫਿਰ ਜੋ ਪ੍ਰੋਫੈਸਰ ਦਲਜੀਤ ਸਿੰਘ ਕਹਿ ਰਹੇ ਹਨ, ਇਹ ਬਿਲਕੁਲ ਠੀਕ ਹੈ। ਜੇ ਪਿਛੋਕੜ ਵੱਲ ਝਾਤੀ ਮਾਰੀਏ ਤਾਂ 1999 ਵਿੱਚ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਹੋਈ ਧਰਮ ਪ੍ਰਚਾਰ ਕਮੇਟੀ ਦੀ ਮੀਟਿੰਗ ਵਿੱਚ ਇਸ ਸਬੰਧੀ ਮਤਾ ਵੀ ਪਾਸ ਕੀਤਾ ਸੀ ਅਤੇ ਬਾਅਦ ਵਿੱਚ ਉਹਨਾਂ ਨੇ ਕਈ ਮੰਚਾਂ ਤੇ ਆਪ ਵੀ ਇਸ ਬਾਰੇ ਗੱਲ ਕੀਤੀ ਸੀ।

ਹੁਣ ਸਵਾਲ ਇਹ ਹੈ, ਕਿ ਮੈਂ ਇਹ ਕਿਉਂ ਕਹਿ ਰਿਹਾ ਹਾਂ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਬਾਰੇ ਸਰਵਿਸ ਨਿਯਮ ਬਣਾਉਣਾ ਘਾਤਕ ਸਿੱਧ ਹੋਵੇਗਾ। ਭਾਵੇਂ ਕਿ ਮੈਂ ਉੱਪਰ ਇਹ ਸਪਸ਼ੱਟ ਕਰ ਚੁੱਕਿਆ ਹਾਂ ਕਿ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧੀਨ ਨਹੀਂ ਆਉਂਦੇ ਅਤੇ ਇਹ ਆਪਣੇ ਆਪ ਵਿੱਚ ਪ੍ਰਭੂ ਸੰਪਨ ਆਜ਼ਾਦ ਹਸਤੀ ਵਾਲਾ ਸੰਕਲਪ ਹੈ, ਪਰ ਅੱਜ ਕੱਲ ਜਿਸ ਤਰੀਕੇ ਨਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕਾਬਜ਼ ਧੜ੍ਹੇ ਵੱਲੋਂ ਆਪਣੇ ਰਾਜਸੀ ਆਕਾਵਾਂ ਦੀ ਇੱਛਾ ਪੂਰਤੀ ਜਾਂ ਉਹਨਾਂ ਦੇ ਰਾਜਸੀ ਹਿਤਾਂ ਨੂੰ ਪੂਰਨ ਲਈ ਜੋ ਮਤਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਨੂੰ ਸੰਬੋਧਿਤ, ਪੰਜ ਅਗਸਤ 2025 ਨੂੰ "ਹਾਰਦਿਕ ਅਪੀਲ" ਨੁਮਾ ਪਾਸ ਕੀਤਾ ਗਿਆ (ਭਾਵੇਂ ਕਿ ਉਸ ਦੀ ਸ਼ਬਦਾਵਲੀ ਕਿਸੇ ਆਦੇਸ਼ ਤੋਂ ਘੱਟ ਨਹੀਂ ਲੱਗਦੀ), ਅਤੇ ਜਿਸ ਤਰੀਕੇ ਦੇ ਨਾਲ ਪਹਿਲਾਂ ਰਹਿ ਚੁੱਕੇ ਪ੍ਰਚਾਰਕ ਅਤੇ ਹੁਣ ਸ੍ਰੀ ਅਕਾਲ ਤਖਤ ਸਾਹਿਬ ਦੇ ਮੂੰਹ ਹਨੇਰੇ ਬਿਨਾਂ ਸ਼੍ਰੀ ਗੁਰੂ ਗ੍ਰੰਥ ਸਾਹਿਬ ਦੀ ਹਜ਼ੂਰੀ ਤੋਂ ਸ਼੍ਰੀ ਅਕਾਲ ਤਖ਼ਤ ਸਾਹਿਬ ਜੀ ਦੀ ਥਾਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਬਣਾਏ ਗਏ ਕਾਰਜਕਾਰੀ ਜਥੇਦਾਰ ਵੱਲੋਂ 6 ਅਗਸਤ 2025 ਨੂੰ ਜੋ ਮਤਾ ਨੰਬਰ ੧, ਪੰਜ ਸਿੰਘ ਸਾਹਿਬਾਨਾਂ (ਭਾਵੇਂ ਕਿ ਉਹਨਾਂ ਵਿੱਚ ਸਿੰਘ ਸਾਹਿਬ ਨਹੀਂ ,ਬਲਕਿ ਇੱਕ 'ਪਿਆਰੇ' ਮੰਗਲ ਸਿੰਘ ਜੀ ਸਨ, ਜੋ ਕਿ ਆਪਣੇ ਆਪ ਵਿੱਚ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਉਪਰੋਕਤ ਮਤਾ ਨੰਬਰ 1 ਵਿੱਚ ਦਰਜ 1999 ਦੇ ਮਤੇ ਦੀ ਉਲੰਘਣਾ ਵੀ ਹੈ) ਪਾਸ ਕੀਤਾ ਗਿਆ। ਇਸ ਸਾਰੇ ਵਰਤਾਰੇ ਤੋਂ ਇੰਝ ਲੱਗਦਾ ਹੈ ਕਿ ਵਾੜ ਆਪ ਹੀ ਖੇਤ ਨੂੰ ਖਾਣ ਲੱਗ ਪਈ ਹੈ। ਅੱਜ ਮੇਰਾ ਮਤਿਆਂ ਬਾਰੇ ਵਿਸ਼ਾ ਨਾ ਹੋਣ ਕਰਕੇ, ਮੈਂ ਕੁਝ ਜ਼ਿਆਦਾ ਨਹੀਂ ਲਿਖਣਾ ਚਾਹੁੰਦਾ, ਪਰ ਇਹ ਜਰੂਰ ਕਹਾਂਗਾ ਕਿ ਇਹ ਸ੍ਰੀ ਅਕਾਲ ਤਖਤ ਸਾਹਿਬ ਦੇ ਸੰਕਲਪ ਅਤੇ ਪ੍ਰਭੂਸਤਾ ਸੰਪਨ ਹਸਤੀ ਨੂੰ ਢਹਿ ਢੇਰੀ ਕਰਨ ਵਾਲਾ ਵਰਤਾਰਾ ਹੈ। ਮੈਂ ਇਸ ਵਰਤਾਰੇ ਬਾਰੇ ਇੱਥੇ ਕੁਝ ਹੋਰ ਨਹੀਂ ਕਹਿ ਸਕਦਾ। ਹੋ ਸਕਦਾ ਹੈ ਕਿ ਇਹ ਆਪਣੇ ਰਾਜਨੀਤਿਕ ਆਕਾਵਾਂ ਨੂੰ ਖੁਸ਼ ਕਰਨ ਲਈ ਜਾਂ ਸਿੱਖ ਵਿਰੋਧੀ ਤਾਕਤਾਂ ਜਾ ਸੰਸਥਾਵਾਂ ਵੱਲੋਂ 'ਜਾਣੇ ਅਣਜਾਣੇ' ਕੋਈ ਡੂੰਗੀ ਸਾਜਿਸ਼ ਦੇ ਜਾਲ ਵਿੱਚ ਫਸਣ ਕਰਕੇ ਹੋਵੇ।

ਆਖਰ ਵਿੱਚ ਮੈਂ ਕਾਨੂੰਨ ਪੱਖੋਂ ਇੱਕ ਮਹੱਤਵਪੂਰਨ ਨੁਕਤਾ ਸਾਂਝਾ ਕਰਨਾ ਚਾਹੁੰਦਾ ਹਾਂ, ਕਿ ਜੇ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਵਾਰੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਰਵਿਸ ਨਿਯਮ ਬਣਾਉਂਦੀ ਹੈ ਤਾਂ ਉਹ ਨਿਸ਼ਚੇ ਹੀ, ਇਸਦੇ ਮੁਲਾਜ਼ਮ (ਨੌਕਰ) ਬਣ ਜਾਣਗੇ। ਮੈਂ ਨੌਕਰ ਸ਼ਬਦ ( ਬਹੁਤ ਹੀ ਭਰੇ ਦਿਲ ਨਾਲ ਲਿਖ ਰਿਹਾ ਹਾਂ) ਸੱਚਾਈ ਇਹ ਹੈ ਕਿ ਸਿੱਖ ਗੁਰਦੁਆਰਾ ਐਕਟ ਦੀ ਧਾਰਾ 69 ਵਿੱਚ "ਬੋਰਡ ਦੇ ਨੌਕਰਾਂ (ਸ਼ੲਰਵੳਨਟਸ) ਦੀ ਨਿਯੁਕਤੀ ਅਤੇ ਸਜ਼ਾ ਬਾਰੇ ਲਿਖਿਆ ਗਿਆ ਹੈ। ਵੇਖਣ ਵਾਲੀ ਗੱਲ ਇਹ ਹੈ, ਕਿ ਇਸ ਧਾਰਾ ਵਿੱਚ ਚਾਰ ਵਾਰ "ਨੌਕਰ" ਸ਼ਬਦ ਦੀ ਵਰਤੋਂ ਕੀਤੀ ਗਈ ਹੈ, ਨਾ ਕਿ "ਇਮਪਲੋ" (ਕਰਮਚਾਰੀ ਜਾਂ ਮੁਲਾਜ਼ਮ) ਦੀ। ਜੇ ਜਥੇਦਾਰ ਸਾਹਿਬ ਬਾਰੇ ਇਹ ਸਰਵਿਸ ਨਿਯਮ ਬਣਾਏ ਜਾਂਦੇ ਹਨ ਤਾਂ ਉਹ ਕਾਨੂੰਨ ਦੇ ਘੇਰੇ ਵਿੱਚ ਆ ਜਾਣਗੇ ਅਤੇ ਉਹਨਾਂ ਦੀ ਨਿਯੁਕਤੀ ਜਾਂ ਸਜ਼ਾ ਬਾਰੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਤਾਂ ਅਧਿਕਾਰ ਮਿਲ ਹੀ ਜਾਵੇਗਾ, ਪਰ ਇਸ ਦਾ ਬਹੁਤ ਹੀ ਭਿਆਨਕ ਨਤੀਜਾ ਇਹ ਹੋਵੇਗਾ, ਕਿ ਜਥੇਦਾਰ ਬਾਰੇ ਅਦਾਲਤਾਂ ਵਿੱਚ ਮੁਕਦਮੇ ਕਾਨੂੰਨੀ ਤੌਰ ਤੇ ਲੜੇ ਜਾ ਸਕਣਗੇ। ਭਾਰਤ ਦੇ ਕਾਨੂੰਨ ਅਨੁਸਾਰ ਜਥੇਦਾਰ ਸਾਹਿਬ ਕਿਸੇ ਨੂੰ ਧਰਮ ਵਿੱਚੋਂ ਛੇਕ ਨਹੀਂ ਸਕਣਗੇ ਜਾਂ ਕੋਈ ਸਜ਼ਾ ਨਹੀਂ ਦੇ ਸਕਣਗੇ। ਉਹਨਾਂ ਵੱਲੋਂ ਕੀਤੇ ਮਤੇ ਜਾਂ ਹੁਕਮਨਾਮਿਆ ਬਾਰੇ ਜਾਂ ਉਹਨਾਂ ਦੀ ਨਿਯੁਕਤੀ ਬਾਰੇ ਕੋਈ ਵੀ ਅਦਾਲਤਾਂ ਵਿੱਚ ਜਾ ਕੇ ਪਟੀਸ਼ਨ ਕਰ ਸਕੇਗਾ ਜਾਂ ਉਹ ਖੁਦ ਕਰ ਸਕਣਗੇ। ਇਸ ਦੇ ਸਬੂਤ ਵਜੋਂ, ਮੈਂ ਭਾਰਤ ਦੀ ਸਰਬ ਉੱਚ ਅਦਾਲਤ ਸੁਪਰੀਮ ਕੋਰਟ ਵੱਲੋਂ ਕੀਤਾ 2011 ਦਾ ਫੈਸਲਾ, ਦਿਲਜੀਤ ਸਿੰਘ ਬੇਦੀ ਬਨਾਮ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਦੇਣਾ ਚਾਹੁੰਦਾ ਹਾਂ।

ਹੁਣ ਸਭ ਦੇ ਜ਼ਿਹਨ ਵਿੱਚ ਇਹ ਸਵਾਲ ਆਏਗਾ ਕਿ ਜੇ ਸ੍ਰੀ ਅਕਾਲ ਤਖਤ ਸਾਹਿਬ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮੁਲਾਜ਼ਮ ਨਹੀਂ ਹੈ ਤਾਂ ਉਹਨਾਂ ਨੂੰ ਕਿਸ ਤਰ੍ਹਾਂ ਨਿਯੁਕਤ ਕੀਤਾ ਜਾ ਸਕਦਾ ਹੈ ? ਅਤੇ ਉਨ੍ਹਾਂ ਦੀ ਨਿਯੁਕਤੀ ਕੌਣ ਕਰ ਸਕਦਾ ਹੈ? ਭਾਵੇਂ ਇਹ ਅੱਜ ਦਾ ਵਿਸ਼ਾ ਨਹੀਂ ਹੈ, ਪਰ ਸੰਖੇਪ ਵਿੱਚ ਮੈਂ ਇਸ ਦਾ ਜਵਾਬ ਸਪਸ਼ਟ ਕਰ ਦੇਣਾ ਚਾਹੁੰਦਾ ਹਾਂ। ਜਿਸ ਤਰੀਕੇ ਦੇ ਨਾਲ ਇਸਾਈਆਂ ਦੇ ਵਿੱਚ ਪੋਪ ਨੂੰ ਨਿਯੁਕਤ ਕੀਤਾ ਜਾਂਦਾ ਹੈ, ਉਸੇ ਤਰਜ ਤੇ ਸਿੱਖ ਮਰਿਆਦਾ ਨੂੰ ਮੁੱਖ ਰੱਖਦੇ ਹੋਏ, ਦੁਨੀਆ ਦੇ ਵਿੱਚ ਵਸਦੇ ਵੱਖ-ਵੱਖ ਦੇਸ਼ਾਂ ਵਿੱਚ ਸਿੱਖਾਂ ਦੀ ਆਬਾਦੀ ਅਧਾਰਤ ਪ੍ਰਤੀਨਿਧਤਾ ਨਿਰਧਾਰਿਤ ਕਰਕੇ, ਇੱਕ "ਇਲੈਕਟੋਰਲ ਕਾਲਜ" ਬਣਾਇਆ ਜਾ ਸਕਦਾ ਹੈ, ਜਿਸ ਵੱਲੋਂ ਜਥੇਦਾਰ ਸ਼੍ਰੀ ਅਕਾਲ ਤਖਤ ਸਾਹਿਬ ਜੀ ਦੀ ਨਿਯੁਕਤੀ ਕੀਤੀ ਜਾ ਸਕਦੀ ਹੈ।

ਅਕਾਲ ਤਖਤ ਸਾਹਿਬ ਨੂੰ ਵਿੱਤੀ ਤੌਰ ਅਤੇ ਕਾਰਜ ਸ਼ੀਲਤਾ ਲਈ ਸੰਪੂਰਨ ਤੌਰ ਤੇ ਆਜ਼ਾਦ ਬਣਾਉਣ ਲਈ ਭਾਰਤ ਦੀਆਂ ਸਾਰੀਆਂ ਕਾਨੂੰਨੀ ਸਥਾਪਿਤ ਸਿੱਖ ਕਮੇਟੀਆਂ ਅਤੇ ਦੇਸ਼ ਵਿਦੇਸ਼ ਦੀਆਂ ਸਿੱਖ ਸੰਸਥਾਵਾਂ ਜਾਂ ਗੁਰਦੁਆਰਿਆਂ ਵੱਲੋਂ ਉਦਮ ਕੀਤਾ ਜਾ ਸਕਦਾ ਹੈ। ਇਸ ਬਾਰੇ ਵਿਸਥਾਰ ਪੂਰਵਕ ਚਰਚਾ ਮੈਂ ਆਪਣੇ ਅਗਲੇ ਲੇਖ ਵਿੱਚ ਕਰਨ ਦੀ ਕੋਸ਼ਿਸ਼ ਕਰਾਂਗਾ ਜੀ।

SANJHI SOCH
Prof. (Dr.) Daljit Singh
LL.B., LL.M., Ph.D,
Formerly: Vice-Chancellor,
Rayat Bahra University, Mohali ( Pb.)
Mobile: 001 818 661 0241, +91 9814518877



Information in Public Interest

To listen to Dr.Gurdip Singh Sandhu health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।


LIVE OAK PUNJABI HERITAGE ASSOCIATION
PROUDLY PRESENTS
TEEYAN LIVE OAK DIYAN
BIGGEST & BEST
BACK FOR THE
15TH YEAR
ENTRY TICKET
1 RAFFLE TICKET
$20
AT THE GATE
KIDS UNDER
5YRS FREE
MEET WITH
PROF.BALWINDER
KAUR BRAR
GARRY Sandhu
LIVE IN CONCERT
Sat, August 23th 2025 @2:00pm
LIVE OAK HIGH SCHOOL
2201 PENNINGTON RD-LIVE OAK CA 95948
FOR MORE INFORMATION & SPONSORSHIP CONTACT
JASWINDER 530 301 9258 | JAY 530 218 9095
DESIGN BY SUNNY KAMBOZ

# ਗੁਰਦਵਾਰਾ ਸਾਹਿਬ ਸੈਨ ਹੋਜ਼ੇ




## Current Parbandhak Committee Slate Candidates

## ਮੌਜੂਦਾ ਪ੍ਰਬੰਧਕ ਕਮੇਟੀ ਸਲੇਟ ਦੇ ਉਮੀਦਵਾਰ

**ELECTION DATE** October 12th, 2025 (Sunday)




**ਸਾਧ ਸੰਗਤ ਨੂੰ ਹੱਥ ਜੋੜ ਕੇ ਬੇਨਤੀ ਕੀਤੀ ਜਾਂਦੀ ਹੈ ਇਹਨਾਂ ਉਮੀਦਵਾਰਾਂ ਨੂੰ ਆਪਣਾ ਵੋਟ ਪਾਓ ਅਤੇ ਸੇਵਾ ਕਰਨ ਦਾ ਮੌਕਾ ਦਿਓ**

# ivps

## India Visa & Passport Services

### ਸਾਰੇ ਹੀ ਕੰਮ ਬਹੁਤ ਹੀ ਸਸਤੇ ਰੇਟਾਂ ਤੇ ਕੀਤੇ ਜਾਂਦੇ ਹਨ।

| ਸੇਵਾਵਾਂ | SERVICES |
|---|---|
| ਪਾਸਪੋਰਟ ਨਵਾ ਬਣਾਉਣਾ ਹੋਵੇ ਜਾਂ ਉਸ ਦੀ ਤਰੀਕ ਵਧਾਉਣੀ ਹੋਵੇ | New or Renew Passport Application |
| ਇੰਡੀਆ ਜਾਣ ਲਈ ਵਾਪਸੀ ਪੱਤਰ ਲੈ ਕੇ ਪੱਕੇ ਤੋਰ ਤੇ ਇੰਡੀਆ ਜਾਣਾ ਹੋਵੇ | Emergency Certificate (EC)-Travel Document |
| ਇੰਡੀਆ ਦਾ ਵੀਜ਼ਾ ਲੈਣਾ ਹੋਵੇ | Sticker Visa or Evisa Application |
| Surrender ਸਰਟੀਫਕੇਟ ਲੈਣਾ ਹੋਵੇ | Renunciation/ Surrender Certificate application |
| OCI ਲੈਣ ਵਾਸਤੇ | OCI application |
| ਹੇਠ ਲਿਖੇ ਦਸਤਾਵੇਜ਼ਾਂ ਦੀ ਤਸਦੀਕ ਕਰਾਉਣੀ ਹੋਵੇ | Attestations of following documents |
| • ਪਾਵਰ ਆਫ ਅਟਾਰਨੀ ਅਟੈਸਟ ਕਰਵਾਉਣਾ ਹੋਵੇ | • Power of Attorney |
| • ਲ਼ਾਈਫ ਸਰਟੀਫਕੇਟ ਬਣਾਉਣ ਲਈ | • Life Certificate |
| • ਜੇਕਰ ਬੱਚਾ ਇੰਡੀਆ ਹੈ ਤਾਂ ਉਸ ਦਾ ਪਾਸਪੋਰਟ ਬਣਾਉਣ ਲਈ ਅਮਰੀਕਾ ਤੋਂ affidavit ਭੇਜਣਾ ਹੋਵੇ | • Affidavit for child passport to be issued India |
| • ਅਸਤ ਪਾਉਣ ਲਈ ਇੰਡੀਆ ਲੈਕੇ ਜਾਣ ਲਈ ਪੈਪਰ ਅਟੈਸਟ ਕਰਵਾਉਣੇ ਹੋਣ | • Death Documents Attestations - Transportation of Ashes/Mortal Remains to India |

**Surrender Certificate/ Visa ਜਾ Surrender Certificate/OCI ਲੈਣ ਲਈ Package Price ਵੀ ਦਿੰਦੇ ਹਾਂ।**







- ਅਸੀ ਤੁਹਾਡੀ ਸੇਵਾ ਵਿੱਚ 7 days a week ਹਾਜ਼ਰ ਹਾਂ।
- Emergency ਸਮੇਂ ਕਿਸੇ ਵੀ ਸਮੇਂ ਕਾਲ ਕਰੋ ਤੁਹਾਡੀ ਸੇਵਾ ਲਈ 24 ਘੰਟੇ ਹਾਜਰ ਹਾਂ। (Emergency ਸੇਵਾਵਾਂ ਦੇ ਵੱਖਰੇ ਪੈਸੇ ਲਏ ਜਾਣਗੇ)



**ਪਰੇਸ਼ਾਨ ਹੋਣ ਦੀ ਲੋੜ ਨਹੀ ਹੁਣੇ ਕਾਲ ਕਰੋ**

**Boota Singh Basi (209) 303-1260**


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
DOT DRUG TEST EVERYTHING YOU NEED TO KNOW
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਰਾਜਿੰਦਰ ਟਾਂਡਾ
ਅੱਜ ਹੀ ਕਾਲ ਕਰੋ :
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330

# ONLY WAY TO GROW YOUR BUSINESS FASTER

# BNG

(Business Network Gateway)

## We work for you to
## Boost Your Business

**VIDEO** ADVERTISEMENTS

We make professional video advertisements for your business in Punjabi, Hindi & English

**POSTERS DESIGN**

We design flyers, Posters and Post Cards to promote your business

**BUSINESS CARD DESIGN**

WE DESIGN YOUR BUSINESS CARD

**SOCIAL MEDIA HANDLERS**

We can manage your Business social media handlers Facebook, instagram & YouTube

**24/7 TECH SUPPORT**

We provide 24/7 tech support

## For more information call
## Boota Singh Basi +1 (209) 303-1260

## ਗਵਰਨਰ ਨਿਊਸਮ ਨੇ ਨਿਯੁਕਤੀਆਂ ਦਾ ਕੀਤਾ ਐਲਾਨ
# ਮੁਡਿਸਟੋ ਦੀ ਜਸਕਿਰਨ ਗਰੇਵਾਲ ਬਣੀ ਕੈਲੀਫੋਰਨੀਆ ਦੇ ਡੈਂਟਲ ਬੋਰਡ ਦੀ ਮੈਂਬਰ

ਕੈਲੀਫੋਰਨੀਆ
ਸਾਂਝੀ ਸੋਚ ਬਿਊਰੋ



ਮੁਡਿਸਟੋ ਦੀ ਜਸਕਿਰਨ ਗਰੇਵਾਲ ਨੂੰ ਕੈਲੀਫੋਰਨੀਆ ਦੇ ਡੈਂਟਲ ਬੋਰਡ ਵਿੱਚ ਨਿਯੁਕਤ ਕੀਤਾ ਗਿਆ ਹੈ। ਗਰੇਵਾਲ 2006 ਤੋਂ ਸਮਾਈਲਸ਼ਾਈਨ ਫੈਮਿਲੀ ਡੈਂਟਲ ਵਿੱਚ ਮੈਨੇਜਿੰਗ ਡੈਂਟਿਸਟ ਰਹੀ ਹੈ। ਉਹ 2005 ਤੋਂ 2006 ਤੱਕ ਵੈਸਟਰਨ ਡੈਂਟਲ ਕਲੀਨਿਕਸ ਵਿੱਚ ਜਨਰਲ ਡੈਂਟਿਸਟ ਸੀ। ਗਰੇਵਾਲ ਅਮਰੀਕਨ ਡੈਂਟਲ ਐਸੋਸੀਏਸ਼ਨ, ਕੈਲੀਫੋਰਨੀਆ ਡੈਂਟਲ ਐਸੋਸੀਏਸ਼ਨ, ਅਤੇ ਸਟੈਨਿਸਲਾਸ ਡੈਂਟਲ ਸੋਸਾਇਟੀ ਦੀ ਮੈਂਬਰ ਹੈ। ਉਸਨੇ ਕੈਲੀਫੋਰਨੀਆ ਯੂਨੀਵਰਸਿਟੀ, ਸੈਨ ਫਰਾਂਸਿਸਕੋ ਤੋਂ ਡਾਕਟਰ ਆਫ਼ ਡੈਂਟਲ ਸਰਜਰੀ ਦੀ ਡਿਗਰੀ ਅਤੇ ਬਾਬਾ ਫਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਤੋਂ ਬੈਚਲਰ ਆਫ਼ ਡੈਂਟਲ ਸਰਜਰੀ ਦੀ ਡਿਗਰੀ ਪ੍ਰਾਪਤ ਕੀਤੀ। ਇਸ ਅਹੁਦੇ ਲਈ ਸੈਨੇਟ ਦੀ ਪੁਸ਼ਟੀ ਦੀ ਲੋੜ ਨਹੀਂ ਹੈ, ਅਤੇ ਮੁਆਵਜ਼ਾ ਪ੍ਰਤੀ ਦਿਨ $100 ਹੈ। ਗਰੇਵਾਲ ਇੱਕ ਰਿਪਬਲਿਕਨ ਹੈ।ਵਰਣਨਯੋਗ ਹੈ ਕਿ ਜਸਕਰਨ ਗਰੇਵਾਲ ਇੱਕ ਚੰਗੇ ਪਰਿਵਾਰ ਨਾਲ ਸੰਬੰਧ ਰੱਖਦੀ ਹੈ ਅਤੇ ਇਸ ਦਾ ਪਤੀ ਮਨੀ ਗਰੇਵਾਲ ਸਟਾਨੀਸਲਾਸ ਕਾਉਂਟੀ ਦੇ ਡਿਸਟ੍ਰਿਕਟ 4 ਤੋਂ ਸੁਪਰਵਾਇਜਰ ਵੀ ਹੈ। ਗਰੇਵਾਲ ਪਰਿਵਾਰ ਬੜੇ ਲੰਬੇ ਸਮੇਂ ਤੋਂ ਅਮਰੀਕਾ ਵਿੱਚ ਰਹਿ ਰਿਹਾ ਹੈ ਅਤੇ ਜਸਕਿਰਨ ਗਰੇਵਾਲ ਵੀ ਆਪਣੇ ਪਤੀ ਦੇ ਨਾਲ-ਨਾਲ ਆਪਣੇ ਭਾਈਚਾਰੇ ਦੀ ਨਿਰੰਤਰ ਸੇਵਾ ਕਰਦੀ ਆ ਰਹੀ ਹੈ।

# ਭਾਰਤੀ ਮੂਲ ਦੀ ਰੇਸ਼ਮਾ ਕੇਵਲਰਮਾਨੀ ਦਾ ਨਾਂ ਸਭ ਤੋਂ ਵੱਧ ਸ਼ਕਤੀਸ਼ਾਲੀ 100 ਕਾਰੋਬਾਰੀਆਂ ਵਿੱਚ ਸ਼ਾਮਿਲ

ਸੈਕਰਾਮੈਂਟੋ
ਹੁਸਨ ਲੜੋਆ ਬੰਗਾ



ਫਾਰਚੂਨ ਮੈਗਜ਼ੀਨ ਦੁਆਰਾ ਕਾਰੋਬਾਰ ਵਿੱਚ ਸੱਭ ਤੋਂ ਵਧ ਸ਼ਕਤੀਸ਼ਾਲੀ ਕਾਰੋਬਾਰੀਆਂ ਦੀ ਇੱਕ ਸੂਚੀ ਪ੍ਰਕਾਸ਼ਿਤ ਕੀਤੀ ਗਈ ਹੈ ਜਿਸ ਵਿੱਚ ਚੋਟੀ ਦੇ ਸ਼ਕਤੀਸ਼ਾਲੀ 100 ਵਿਅਕਤੀਆਂ ਦੇ ਨਾਂ ਸ਼ਾਮਿਲ ਹਨ। ਇਨਾਂ ਵਿੱਚ ਭਾਰਤੀ ਮੂਲ ਦੀ ਮੁੰਬਈ ਦੀ ਜਮਪਲ ਰੇਸ਼ਮਾ ਕੇਵਲਰਮਾਨੀ ਜੋ ਕਿ ਵਰਟੈਕਸ ਫਾਰਮਾਸਿਊਟੀਕਲਜ਼ ਦੀ ਸੀ ਈ ਓ ਹੈ, ਦਾ ਨਾਂ ਵੀ ਸ਼ਾਮਿਲ ਹੈ।

ਕੌਮਾਂਤਰੀ ਕਾਰੋਬਾਰੀ ਆਗੂਆਂ ਦੀ ਸੂਚੀ ਵਿੱਚ ਕੇਵਲਰਮਾਨੀ 62ਵੇਂ ਸਥਾਨ 'ਤੇ ਹੈ। ਇਸ ਸੂਚੀ ਵਿੱਚ ਉਨਾਂ ਕਾਰੋਬਾਰੀਆਂ ਨੂੰ ਜਗਾ ਦਿੱਤੀ ਜਾਂਦੀ ਹੈ ਜੋ ਭਵਿੱਖ ਦੇ ਕਾਰੋਬਾਰ ਨੂੰ ਸ਼ਕਲ ਦਿੰਦੇ ਹਨ। ਕੇਵਲਰਮਾਨੀ ਪਹਿਲੀ ਔਰਤ ਹੈ ਜਿਸ ਨੇ ਇੱਕ ਵੱਡੀ ਯੂ ਐਸ ਬਾਇਓਟੈਕਨਾਲੋਜੀ ਫਰਮ ਦੀ ਅਗਵਾਈ ਕੀਤੀ ਹੈ। ਉਹ ਇੱਕ ਡਾਕਟਰ ਹੈ ਤੇ ਉਸ ਨੇ ਵਰਟੈਕਸ ਦੇ ਸੀ ਈ ਓ ਵਜੋਂ ਅਪ੍ਰੈਲ 2020 ਵਿੱਚ ਅਹੁੱਦਾ ਸੰਭਾਲਿਆ ਸੀ। ਇਸ ਤੋਂ ਪਹਿਲਾਂ ਉਹ 2017 ਤੋਂ ਕੰਪਨੀ ਦੇ ਚੀਫ ਮੈਡੀਕਲ ਅਫਸਰ ਵਜੋਂ ਸੇਵਾਵਾਂ ਨਿਭਾਅ ਰਹੇ ਹਨ। ਉਸ ਦੀ ਅਗਵਾਈ ਵਿੱਚ ਕੰਪਨੀ ਦੇ ਅਸਾਸੇ 110 ਅਰਬ ਡਾਲਰ ਤੱਕ ਪੁੱਜ ਗਏ ਹਨ। ਇਸ ਸੂਚੀ ਵਿੱਚ ਸ਼ਾਮਿਲ ਭਾਰਤੀ ਮੂਲ ਦੇ ਹੋਰ ਕਾਰੋਬਾਰੀਆਂ ਵਿੱਚ ਮਾਈਕਰੋ ਸਾਫਟ ਦਾ ਸੀ ਈ ਓ ਸਤਿਆ ਨਾਡੇਲਾ (ਦੂਸਰਾ ਸਥਾਨ), ਗੁੱਗਲ ਸੀ ਈ ਓ ਸੁੰਦਰ ਪਿਚਾਈ (6ਵਾਂ ਸਥਾਨ), ਯੂ ਟਿਊਬ ਸੀ ਈ ਓ ਨੀਲ ਮੋਹਨ (83 ਵਾਂ ਸਥਾਨ), ਰਿਲਾਇੰਸ ਇੰਡਸਟਰੀਜ਼ ਚੇਅਰਮੈਨ ਮੁਕੇਸ਼ ਅੰਬਾਨੀ (56 ਵਾਂ ਸਥਾਨ) ਤੇ ਅਡਾਨੀ ਗਰੁੱਪ ਚੇਅਰਮੈਨ ਗੌਤਮ ਅਡਾਨੀ (96 ਵਾਂ ਸਥਾਨ) ਸ਼ਾਮਿਲ ਹਨ।

# ਨ਼ਫਰਤੀ ਹਮਲਿਆਂ ਦੇ ਮਾਮਲੇ ਵਿੱਚ ਯਹੂਦੀਆਂ ਤੇ ਮੁਸਲਮਾਨਾਂ ਤੋਂ ਬਾਅਦ ਸਿੱਖ ਤੀਸਰੇ ਸਥਾਨ 'ਤੇ

ਸੈਕਰਾਮੈਂਟੋ
ਹੁਸਨ ਲੜੋਆ ਬੰਗਾ




ਫੈਡਰਲ ਬਿਊਰੋ ਆਫ ਇਨਵੈਸਟੀਗੇਸ਼ਨ ( ਐਫ ਬੀ ਆਈ) ਦੇ 2024 ਦੇ ਸਲਾਨਾ ਨਫਰਤੀ ਅਪਰਾਧ ਅੰਕੜਿਆਂ ਅਨੁਸਾਰ ਸਿੱਖ ਭਾਈਚਾਰਾ ਤੀਸਰੇ ਸਥਾਨ 'ਤੇ ਹੈ ਜਿਨਾਂ ਨੂੰ ਧਾਰਮਿੱਕ ਦਿੱਖ ਕਾਰਨ ਸਮਾਜ ਵਿਰੋਧੀ ਅਨਸਰਾਂ ਵੱਲੋਂ ਨਿਸ਼ਾਨਾ ਬਣਾਇਆ ਗਿਆ ਹੈ। ਸੱਭ ਤੋਂ ਵਧ ਪੀੜਤ ਯਹੂਦੀ ਹਨ ਤੇ ਇਸ ਤੋਂ ਬਾਅਦ ਦੂਸਰੇ ਸਥਾਨ 'ਤੇ ਮੁਸਲਮਾਨ ਭਾਈਚਾਰਾ ਹੈ। ਐਫ ਬੀ ਆਈ ਰਿਪੋਰਟ ਅਨੁਸਾਰ 2024 ਵਿੱਚ ਸਿੱਖਾਂ ਵਿਰੁੱਧ ਨਫਰਤੀ ਹਮਲਿਆਂ ਦੇ 153 ਮਾਮਲੇ ਦਰਜ ਹੋਏ ਹਨ ਜੋ ਕਿ 2023 ਨਾਲੋਂ ਘੱਟ ਹਨ। ਹਾਲਾਂ ਕਿ ਇਸ ਰਿਪੋਰਟ ਵਿੱਚ ਮੰਨਿਆ ਗਿਆ ਹੈ ਕਿ ਇਹ ਅੰਕੜੇ ਬੁਨਿਆਦੀ ਤੌਰ 'ਤੇ ਨਾਮੁਕੰਮਲ ਹਨ ਕਿਉਂਕਿ ਬਹੁਤ ਸਾਰੇ ਮਾਮਲਿਆਂ ਵਿੱਚ ਪੀੜਤ ਅੱਗੇ ਨਹੀਂ ਆਏ ਤੇ ਉਨਾਂ ਨੇ ਆਪਣੇ ਨਾਲ ਹੋਈ ਵਧੀਕੀ ਦੀ ਸ਼ਿਕਾਇਤ ਦਰਜ ਨਹੀ ਕਰਵਾਈ। ਸਿੱਖ ਕੁਲੀਸ਼ਨ ਦੀ ਸੀਨੀਅਰ ਫੈਡਰਲ ਪਾਲਿਸੀ ਮੈਨੇਜਰ ਮਨਨਿਰਮਲ ਕੌਰ ਨੇ ਜਾਰੀ ਇੱਕ ਬਿਆਨ ਵਿੱਚ ਸਿੱਖ ਭਾਈਚਾਰੇ ਨੂੰ ਦਰਪੇਸ਼ ਅਸਧਾਰਨ ਖਤਰੇ ਦੀ ਗੱਲ ਕਰਦਿਆਂ ਕਿਹਾ ਹੈ ਕਿ ਆਬਾਦੀ ਦੇ ਹਿਸਾਬ ਨਾਲ ਸਿੱਖ ਸਭ ਤੋਂ ਵਧ ਨਸਲੀ ਹਿੰਸਾ ਤੋਂ ਪੀੜਤ ਹਨ। ਉਨਾਂ ਕਿਹਾ ਹੈ ਕਿ ਦੇਸ਼ ਭਰ ਵਿੱਚ ਨਸਲੀ ਹਮਲਿਆਂ ਦੇ ਮਾਮਲੇ ਵਿੱਚ ਹੋਏ ਸਧਾਰ ਬਾਰੇ ਰਿਪੋਰਟ ਪਹਿਲਾ ਬੁਨਿਆਦੀ ਕਦਮ ਹੈ ਜਿਸ ਤੋਂ ਸਮੱਸਿਆ ਦੀ ਗੰਭੀਰਤਾ ਦਾ ਪਤਾ ਲੱਗਦਾ ਹੈ।

Space available for Ad
Contact # +1 (209) 303-1260

## ਨਸ਼ਾ ਮੁਕਤ ਭਾਰਤ ਅਭਿਆਨ 2025
# ਜ਼ਿਲ੍ਹਾ ਜੇਲ੍ਹ ਵਿਚ ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਮੁਹਿੰਮ



ਬਰਨਾਲਾ
ਅਸ਼ੋਕ ਪੁਰੀ

ਡਿਪਟੀ ਕਮਿਸ਼ਨਰ ਬਰਨਾਲਾ ਟੀ ਬੈਨਿਥ ਦੇ ਦਿਸ਼ਾਂ ਨਿਰਦੇਸ਼ਾਂ ਅਨੁਸਾਰ ਨਸ਼ਾ ਮੁਕਤ ਭਾਰਤ ਅਭਿਆਨ 2025 ਦੇ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਸ਼ਿਆਂ ਖ਼ਿਲਾਫ਼ ਜਾਗਰੂਕਤ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ।

ਜਿਸ ਤਹਿਤ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਬਰਨਾਲਾ ਡਾ. ਤੇਵਾਸਪ੍ਰੀਤ ਕੌਰ ਨੇ ਦੱਸਿਆ ਕਿ ਅੱਜ ਜ਼ਿਲ੍ਹਾ ਜੇਲ੍ਹ ਬਰਨਾਲਾ ਵਿੱਚ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਜਾਗਰੂਕਤਾ ਮੁਹਿੰਮ ਚਲਾਈ ਗਈ।

ਉਨ੍ਹਾਂ ਦੱਸਿਆ ਕਿ ਇਸ ਦੌਰਾਨ ਜੇਲ੍ਹ ਕੈਦੀਆਂ ਨੂੰ ਮਿਲ ਕੇ ਉਹਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਵੱਡੀ ਗਿਣਤੀ ਵਿੱਚ ਹਾਜ਼ਰ ਜੇਲ੍ਹ ਸਹਿਵਾਸੀਆਂ ਦੀ ਕੌਂਸਲਿੰਗ ਕਰਦੇ ਹੋਏ ਚੰਗਾ ਜੀਵਨ ਜਿਊਣ ਲਈ ਪ੍ਰੇਰਿਤ ਕੀਤਾ ਗਿਆ ਅਤੇ ਨਸ਼ਾ ਮੁਕਤੀ ਦੀ ਸਹੁੰ ਚੁਕਵਾਈ ਗਈ। ਇਸ ਤੋਂ ਇਲਾਵਾ ਜੀਵਨ ਅਤੇ ਸਿਹਤ ਸੁਧਾਰਣ ਲਈ ਕੌਸ਼ਲ ਵਿਕਾਸ ਕੋਰਸਾਂ ਬਾਰੇ ਜਾਣਕਾਰੀ ਦਿੱਤੀ ਗਈ, ਤਾਂ ਜੋ ਉਹ ਆਪਣਾ ਰੋਜ਼ਗਾਰ ਕਰਨ ਦੇ ਯੋਗ ਬਣ ਸਕਣ। ਇਸ ਮੌਕੇ ਉਨ੍ਹਾਂ ਸਭ ਨੂੰ ਅਪੀਲ ਕੀਤੀ ਕਿ ਆਪਣੇ ਪਰਿਵਾਰ ਬਾਰੇ ਸੋਚੋ, ਜੋ ਤੁਹਾਡੇ ਨਾਲ ਜੀਵਨ ਬਿਤਾਉਣ ਦੀ ਉਮੀਦ ਰੱਖਦੇ ਹਨ।

ਇਸ ਮੌਕੇ ਜੇਲ੍ਹ ਸੁਪਰਡੈਂਟ ਕੁਲਵਿੰਦਰ ਸਿੰਘ ਨੇ ਵੀ ਕੈਦੀਆਂ ਨੂੰ ਕਿੱਤਾ ਮੁਖੀ ਸੇਵਾਵਾਂ ਲੈਣ ਲਈ ਪ੍ਰੇਰਿਤ ਕੀਤਾ ਅਤੇ ਦੱਸਿਆ ਕਿ ਕਈ ਕੈਦੀ ਆਪਣੀ ਅਗਲੀ ਪੜ੍ਹਾਈ ਲਈ ਦਾਖ਼ਲੇ ਕਰਵਾ ਰਹੇ ਹਨ, ਜਿਸ ਨਾਲ ਉਹ ਆਪਣੇ ਭਵਿੱਖ ਨੂੰ ਸੁਧਾਰ ਸਕਣਗੇ। ਇਸ ਦੌਰਾਨ ਜੇਲ੍ਹ ਵਿਚ ਪੌਦੇ ਲਗਾ ਕੇ ਸਿਹਤਮੰਦ ਵਾਤਾਵਰਣ ਦਾ ਸੰਦੇਸ਼ ਦਿੱਤਾ ਗਿਆ। ਇਸ ਮੌਕੇ ਜੇਲ੍ਹ ਦਾ ਸਮੂਹ ਸਟਾਫ਼ ਅਤੇ ਦਫ਼ਤਰ ਸਮਾਜਿਕ ਸੁਰੱਖਿਆ ਵਿਭਾਗ ਤੋਂ ਮੁਕੇਸ਼ ਬਾਂਸਲ, ਅਸ਼ੀਸ਼ਪਾਲ ਅਤੇ ਰੌਜੀ ਹਾਜ਼ਰ ਸਨ।




SAMRA
REAL ESTATE GROUP
LET US GUIDE YOU HOME
ਘਰ ਖਰੀਦਣ ਜਾਂ ਵੇਚਣ ਦੇ
ਚਾਹਵਾਨ ਇੱਕ ਵਾਰ
ਸਾਨੂੰ ਜਰੂਰ ਮਿਲੋ
COMMERCIAL
and
RESIDENTIAL
industrial
Agriculture Land
Liquor Stores
Gas Stations
Apartments,
Commercial Buildings ਖਰੀਦਣ ਜਾਂ ਵੇਚਣ ਲਈ ਮਿਲੋ
Jass Samra
REALTOR BROKER
Residential &
Commercial
(317) 513-9456
jsamra@jassamra.com
www.jassamra.com
8555 N. River Rd. Suite
200 Indianapolis, IN 46240
Real Estate Lic Number Each Office Independently Owned And Operated
REALTOR


SANJHA PUNJAB & AMRIT BOTHERS ENTERTAINMENT
PROUDLY PRESENTS
SANJHA ਪੰਜਾਬ USA
JOGI LIVE
KANWAR GREWAL
SUNDAY
17 AUGUST
Time : 7.00 PM
THE BOB
HOPE THEATRE
242 E Mains St. Stockton,
CA 95202
LIVE IN CONCERT
STOCKTON
For More Info & Tickets Please Contact
SURINDER MAHAY
408-620-2470
BALWINDER S. BAJWA
516-852-2222
SANTOKH JUDGE
925-487-4679


Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ |
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307

# ਆਪਰੇਸ਼ਨ ਸੀਲ-18: ਪੰਜਾਬ ਵਿੱਚ ਨਸ਼ਾ ਤਸਕਰਾਂ ਅਤੇ ਸ਼ਰਾਬ ਤਸਕਰਾਂ 'ਤੇ ਪੈਣੀ ਨਜ਼ਰ ਰੱਖਣ ਲਈ 71 ਐਂਟਰੀ/ਐਗਜ਼ਿਟ ਪੁਆਇੰਟ ਕੀਤੇ ਸੀਲ, 9 ਗ੍ਰਿਫ਼ਤਾਰ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਅਨੁਸਾਰ ਅਗਾਮੀ ਸੁਤੰਤਰਤਾ ਦਿਵਸ ਦੇ ਸ਼ਾਂਤੀਪੂਰਨ ਜਸ਼ਨਾਂ ਨੂੰ ਯਕੀਨੀ ਬਣਾਉਣ ਲਈ ਚਲਾਏ ਜਾ ਰਹੇ ਵਿਸ਼ੇਸ਼ ਆਪ੍ਰੇਸ਼ਨਾਂ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ ਵਿਸ਼ੇਸ਼ ਆਪ੍ਰੇਸ਼ਨ 'ਓਪੀਐਸ ਸੀਲ-18' ਚਲਾਇਆ ਜਿਸਦਾ ਉਦੇਸ਼ ਸਰਹੱਦੀ ਸੂਬੇ ਪੰਜਾਬ ਵਿੱਚ ਆਉਣ-ਜਾਣ ਵਾਲੇ ਸਾਰੇ ਵਾਹਨਾਂ ਦੀ ਜਾਂਚ ਕਰਨਾ ਸੀ ਤਾਂ ਜੋ ਸਮਾਜ ਵਿਰੋਧੀ ਅਨਸਰਾਂ, ਨਸ਼ਾ ਤਸਕਰਾਂ ਅਤੇ ਨਸ਼ੀਲੇ ਪਦਾਰਥਾਂ ਦੇ ਤਸਕਰਾਂ 'ਤੇ ਕੜੀ ਨਜ਼ਰ ਰੱਖੀ ਜਾ ਸਕੇ।

ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਸਾਰੇ ਜ਼ਿਲ੍ਹਿਆਂ ਵਿੱਚ ਸਵੇਰੇ 11 ਵਜੇ ਤੋਂ ਦੁਪਹਿਰ 2 ਵਜੇ ਤੱਕ ਇੱਕੋ ਸਮੇਂ ਚਲਾਏ ਗਏ ਇਸ ਆਪ੍ਰੇਸ਼ਨ ਦੌਰਾਨ, ਸਰਹੱਦੀ ਜ਼ਿਲ੍ਹਿਆਂ ਦੇ ਸਾਰੇ ਐਸਐਸਪੀਜ਼ ਨੂੰ ਆਪਣੇ-ਆਪਣੇ ਜ਼ਿਲ੍ਹਿਆਂ ਵਿੱਚ ਰਣਨੀਤਕ ਥਾਵਾਂ 'ਤੇ ਸਾਂਝੇ ਨਾਕੇ ਲਗਾਉਣ ਅਤੇ ਗਜ਼ਟਿਡ ਅਧਿਕਾਰੀਆਂ, ਐਸਐਚਓਜ਼ ਦੀ ਨਿਗਰਾਨੀ ਹੇਠ ਸੀਲਿੰਗ ਪੁਆਇੰਟਾਂ 'ਤੇ ਮਜ਼ਬੂਤ 'ਨਾਕੇ' ਲਗਾਉਣ ਲਈ ਵੱਧ ਤੋਂ ਵੱਧ ਪੁਲਿਸ ਬਲ ਤਾਇਨਾਤ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ। ਇਸ ਸਬੰਧੀ ਵੇਰਵੇ ਸਾਂਝੇ ਕਰਦਿਆਂ, ਸਪੈਸ਼ਲ ਡੀਜੀਪੀ ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਦੱਸਿਆ ਕਿ ਇੰਸਪੈਕਟਰਾਂ, ਡੀਐਸਪੀਜ਼ ਦੀ ਨਿਗਰਾਨੀ ਹੇਠ 600 ਤੋਂ ਵੱਧ ਪੁਲਿਸ ਕਰਮਚਾਰੀਆਂ ਦੇ ਆਪਸੀ ਤਾਲਮੇਲ ਨਾਲ 10 ਜ਼ਿਲ੍ਹਿਆਂ ਜਿਨ੍ਹਾਂ ਦੀ ਹੱਦ ਚਾਰ ਸਰਹੱਦੀ




ਸੂਬਿਆਂ ਅਤੇ ਯੂਟੀ ਚੰਡੀਗੜ੍ਹ ਨਾਲ ਲੱਗਦੀ ਹੈ, ਦੇ ਘੱਟੋ-ਘੱਟ 71 ਐਂਟਰੀ/ਐਗਜ਼ਿਟ ਪੁਆਇੰਟਾਂ 'ਤੇ ਮਜ਼ਬੂਤ ਨਾਕੇ ਲਗਾਏ ਗਏ। ਇਨ੍ਹਾਂ 10 ਅੰਤਰ-ਰਾਜੀ ਸਰਹੱਦੀ ਜ਼ਿਲ੍ਹਿਆਂ ਵਿੱਚ ਪਠਾਨਕੋਟ, ਸ੍ਰੀ ਮੁਕਤਸਰ ਸਾਹਿਬ, ਫਾਜ਼ਿਲਕਾ, ਰੂਪਨਗਰ, ਐਸਏਐਸ ਨਗਰ, ਪਟਿਆਲਾ, ਸੰਗਰੂਰ, ਮਾਨਸਾ, ਹੁਸ਼ਿਆਰਪੁਰ ਅਤੇ ਬਠਿੰਡਾ ਸ਼ਾਮਲ ਹਨ।

ਉਨ੍ਹਾਂ ਦੱਸਿਆ ਕਿ ਸੂਬੇ ਵਿੱਚ ਆਉਣ-ਜਾਣ ਵਾਲੇ 2464 ਵਾਹਨਾਂ ਦੀ ਜਾਂਚ ਕੀਤੀ ਗਈ, ਜਿਨ੍ਹਾਂ ਵਿੱਚੋਂ 286 ਵਾਹਨਾਂ ਦੇ ਚਲਾਨ ਕੀਤੇ ਗਏ ਅਤੇ 9 ਨੂੰ ਜ਼ਬਤ ਕੀਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ ਚਾਰ ਐਫਆਈਆਰਜ਼ ਵੀ ਦਰਜ ਕੀਤੀਆਂ ਅਤੇ 9 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ।

ਇਸ ਤੋਂ ਇਲਾਵਾ, ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਘੇਰਾਬੰਦੀ ਅਤੇ ਤਲਾਸ਼ੀ ਮੁਹਿੰਮ ਨੂੰ 161ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 403 ਥਾਵਾਂ 'ਤੇ ਛਾਪੇਮਾਰੀ ਕੀਤੀ ਹੈ, ਜਿਸ ਦੇ ਚਲਦਿਆਂ ਸੂਬੇ ਭਰ ਵਿੱਚ 57 ਐਫਆਈਆਰਜ਼ ਦਰਜ ਕਰਕੇ 87 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਸ ਨਾਲ, 161 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 25,264 ਹੋ ਗਈ ਹੈ। ਸਪੈਸ਼ਲ ਡੀਜੀਪੀ ਨੇ ਕਿਹਾ ਕਿ ਇਸ ਛਾਪੇਮਾਰੀ ਦੌਰਾਨ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 2.2 ਕਿਲੋਗ੍ਰਾਮ ਹੈਰੋਇਨ ਅਤੇ 2.1 ਕਿਲੋਗ੍ਰਾਮ ਅਫੀਮ ਬਰਾਮਦ ਕੀਤੀ ਗਈ। ਉਨ੍ਹਾਂ ਦੱਸਿਆ ਕਿ 79 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1200 ਤੋਂ ਵੱਧ ਪੁਲਿਸ ਮੁਲਾਜ਼ਮਾਂ ਵਾਲੀਆਂ 180 ਤੋਂ ਵੱਧ ਪੁਲਿਸ ਟੀਮਾਂ ਨੇ ਸੂਬੇ ਭਰ ਵਿੱਚ ਛਾਪੇਮਾਰੀ ਕੀਤੀ ਅਤੇ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ 433 ਸ਼ੱਕੀ ਵਿਅਕਤੀਆਂ ਦੀ ਜਾਂਚ ਕੀਤੀ। ਸਪੈਸ਼ਲ ਡੀਜੀਪੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਨਸ਼ਨ (ਈਡੀਪੀ) ਲਾਗੂ ਕੀਤੀ ਗਈ ਹੈ ਅਤੇ ਪੰਜਾਬ ਪੁਲਿਸ ਨੇ 'ਡੀ-ਅਡਿਕਸ਼ਨ' ਹਿੱਸੇ ਵਜੋਂ ਅੱਜ 54 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਰੱਖੜੀ ਦਾ ਤੋਹਫ਼ਾ: 435 ਆਂਗਣਵਾੜੀ ਹੈਲਪਰਾਂ ਨੂੰ ਤਰੱਕੀ ਦੇ ਕੇ ਬਣਾਇਆ ਆਂਗਣਵਾੜੀ ਵਰਕਰ: ਡਾ. ਬਲਜੀਤ ਕੌਰ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਰੱਖੜੀ ਦੇ ਪਵਿੱਤਰ ਮੌਕੇ 'ਤੇ ਆਂਗਣਵਾੜੀ ਹੈਲਪਰਾਂ ਤੇ ਵਰਕਰਾਂ ਨੂੰ ਵੱਡਾ ਤੋਹਫ਼ਾ ਦਿੰਦਿਆਂ ਵਿਭਾਗ ਦੀਆਂ 435 ਆਂਗਣਵਾੜੀ ਹੈਲਪਰਾਂ ਨੂੰ ਤਰੱਕੀ ਦੇ ਕੇ ਆਂਗਣਵਾੜੀ ਵਰਕਰ ਬਣਾਇਆ ਗਿਆ ਹੈ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਡਾ. ਬਲਜੀਤ ਕੌਰ ਨੇ ਕਿਹਾ ਕਿ ਪੁਰਾਣੇ ਸਮੇਂ ਤੋਂ ਸੇਵਾ ਨਿਭਾ ਰਹੀਆਂ 10ਵੀਂ ਪਾਸ ਆਂਗਣਵਾੜੀ ਹੈਲਪਰਾਂ, ਜਿਨ੍ਹਾਂ ਕੋਲ 10 ਸਾਲ ਦਾ ਤਜਰਬਾ ਹੈ, ਨੂੰ ਵੀ ਬਤੌਰ ਵਰਕਰ ਤਰੱਕੀ ਦੇਣ ਲਈ ਵਿਭਾਗ ਨੂੰ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਮੰਗਾਂ ਨੂੰ ਲੈ ਕੇ ਗੰਭੀਰ ਹੈ। ਇਸ ਤਹਿਤ ਡਿਊਟੀ ਦੌਰਾਨ ਪੱਕੇ ਤੌਰ 'ਤੇ ਅਪੰਗ ਹੋਈਆਂ ਜਾਂ ਕਿਸੇ ਜਾਨਲੇਵਾ ਬਿਮਾਰੀ ਨਾਲ ਪੀੜਤ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੇ ਆਸ਼ਰਿਤਾਂ ਨੂੰ ਵਿਸ਼ੇਸ਼ ਮੌਕੇ ਤਹਿਤ ਨੌਕਰੀ ਦੇਣ ਲਈ ਪ੍ਰਕਿਰਿਆ ਨੂੰ ਮਨਜ਼ੂਰੀ ਦਿੱਤੀ ਗਈ ਹੈ।

ਇਸ ਸਬੰਧ ਵਿੱਚ ਸਾਰੇ ਜ਼ਿਲਾ ਪ੍ਰੋਗਰਾਮ ਅਧਿਕਾਰੀਆਂ ਨੂੰ 31 ਅਗਸਤ 2025 ਤੋਂ ਪਹਿਲਾਂ ਪੁਰਾਣੇ ਪੈਂਡਿੰਗ ਆਸ਼ਰਿਤ ਕੇਸਾਂ ਅਤੇ ਬਦਲੀਆਂ ਦੇ ਕੇਸਾਂ ਦਾ ਨਿਪਟਾਰਾ ਕਰਨ ਦੇ ਹੁਕਮ ਦਿੱਤੇ ਗਏ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਲਗਭਗ 5000 ਆਂਗਣਵਾੜੀ ਹੈਲਪਰਾਂ ਤੇ ਵਰਕਰਾਂ ਦੀਆਂ ਖਾਲੀ ਅਸਾਮੀਆਂ ਨੂੰ ਭਰਨ ਦੀ ਭਰਤੀ ਪ੍ਰਕਿਰਿਆ 1 ਸਤੰਬਰ 2025 ਤੋਂ ਸ਼ੁਰੂ ਕੀਤੀ ਜਾਵੇਗੀ, ਜੋ ਕਿ ਪਾਰਦਰਸ਼ੀ ਅਤੇ ਨਿਰੋਲ ਮੈਰਿਟ ਦੇ ਆਧਾਰ 'ਤੇ ਹੋਵੇਗੀ। ਸਾਰੇ ਜ਼ਿਲਾ ਅਧਿਕਾਰੀਆਂ ਅਤੇ ਬਾਲ ਵਿਕਾਸ ਪ੍ਰੋਜੈਕਟ ਅਫਸਰਾਂ ਨੂੰ ਚੇਤਾਵਨੀ ਦਿੱਤੀ ਹੈ ਕਿ ਭਰਤੀ ਪ੍ਰਕਿਰਿਆ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਜਾਂ ਭ੍ਰਿਸ਼ਟਾਚਾਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਸ਼ਿਕਾਇਤ ਮਿਲਣ 'ਤੇ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਕਿਹਾ ਕਿ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀ ਭਰਤੀ ਪ੍ਰਕਿਰਿਆ 30 ਸਤੰਬਰ ਤੋਂ ਪਹਿਲਾਂ ਮੁਕੰਮਲ ਕਰ ਲਈ ਜਾਵੇਗੀ। ਕੈਬਨਿਟ ਮੰਤਰੀ ਨੇ ਕਿਹਾ ਕਿ ਮਹਿਲਾਵਾਂ ਨੂੰ ਸਸ਼ਕਤ ਬਣਾਉਣਾ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਮੁੱਖ ਤਰਜੀਹ ਹੈ ਅਤੇ ਇਹ ਤਰੱਕੀਆਂ ਇਸ ਦਿਸ਼ਾ ਵਿੱਚ ਇੱਕ ਹੋਰ ਮਹੱਤਵਪੂਰਨ ਕਦਮ ਹਨ। ਉਨ੍ਹਾਂ ਨੇ ਕਿਹਾ ਕਿ ਸਰਕਾਰ ਦੇ ਲਗਾਤਾਰ ਉਪਰਾਲਿਆਂ ਨਾਲ ਮਹਿਲਾਵਾਂ ਨੂੰ ਆਰਥਿਕ ਤੇ ਸਮਾਜਿਕ ਮਜ਼ਬੂਤੀ ਮਿਲ ਰਹੀ ਹੈ, ਜਿਸ ਨਾਲ ਉਹ ਆਪਣੇ ਪਰਿਵਾਰ ਅਤੇ ਸਮਾਜ ਦੇ ਵਿਕਾਸ ਵਿੱਚ ਸਰਗਰਮ ਭੂਮਿਕਾ ਨਿਭਾ ਰਹੀਆਂ ਹਨ।



# ਜੋਗਾ ਸਿੰਘ ਦੀ ਗ੍ਰਿਫ਼ਤਾਰੀ ਨਾਲ 2015 ਦੇ ਡਰੱਗ ਰੈਕੇਟ ਵਿੱਚ ਹੋਰ ਦੋਸ਼ੀਆਂ ਦਾ ਪਰਦਾਫਾਸ਼ ਹੋਣ ਦੀ ਉਮੀਦ: ਹਰਪਾਲ ਸਿੰਘ ਚੀਮਾ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਵਿੱਤ ਮੰਤਰੀ ਅਤੇ 'ਯੁੱਧ ਨਸ਼ਿਆ ਵਿਰੁੱਧ' ਕੈਬਨਿਟ ਸਬ ਕਮੇਟੀ ਦੇ ਚੇਅਰਮੈਨ, ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਐਲਾਨ ਕੀਤਾ ਕਿ ਵਿਧਾਇਕ ਸੁਖਪਾਲ ਸਿੰਘ ਖਹਿਰਾ ਦੇ ਸਾਬਕਾ ਸੁਰੱਖਿਆ ਅਧਿਕਾਰੀ ਜੋਗਾ ਸਿੰਘ ਦੀ ਗ੍ਰਿਫ਼ਤਾਰੀ, 2015 ਦੇ ਗੁਰਦੇਵ ਸਿੰਘ ਦੇਬੀ ਡਰੱਗ ਰੈਕੇਟ ਦੇ ਪੀੜਤਾਂ ਲਈ ਇਨਸਾਫ਼ ਵੱਲ ਇੱਕ ਮਹੱਤਵਪੂਰਨ ਕਦਮ ਹੈ। ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਇਸ ਮਾਮਲੇ ਵਿੱਚ ਦਹਾਕੇ ਤੋਂ ਚੱਲ ਰਹੀ ਦੇਰੀ ਦੋਸ਼ੀਆਂ ਦੀ ਸ਼੍ਰੋਮਣੀ ਅਕਾਲੀ ਦਲ ਅਤੇ ਕਾਂਗਰਸ ਲੀਡਰਸ਼ਿਪ ਨਾਲ ਰਾਜਨੀਤਿਕ ਸਬੰਧਾਂ ਕਾਰਨ ਹੋਈ ਹੈ। ਇੱਥੇ ਪੰਜਾਬ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਜੋਗਾ ਸਿੰਘ ਦੀ ਗ੍ਰਿਫ਼ਤਾਰੀ ਸਬੰਧੀ ਘਟਨਾਵਾਂ ਦਾ ਵੇਰਵਾ ਦਿੱਤਾ। ਜੋਗਾ ਸਿੰਘ 28 ਸਤੰਬਰ, 2023 ਨੂੰ ਦੋਸ਼ੀ ਵਜੋਂ ਨਾਮਜ਼ਦ ਕੀਤੇ ਜਾਣ ਤੋਂ ਬਾਅਦ ਤੋਂ ਹੀ ਫਰਾਰ ਸੀ। ਅਕਤੂਬਰ 2023 ਵਿੱਚ ਫਾਜ਼ਿਲਕਾ ਦੀ ਸੈਸ਼ਨ ਅਦਾਲਤ ਅਤੇ ਜਨਵਰੀ 2024 ਵਿੱਚ ਹਾਈ ਕੋਰਟ ਨੇ ਉਸਦੀ ਜ਼ਮਾਨਤ ਰੱਦ ਕਰ ਦਿੱਤੀ ਸੀ। ਕਈ ਪੁਲਿਸ ਛਾਪਿਆਂ ਦੇ ਬਾਵਜੂਦ, ਉਹ ਫਰਾਰ ਰਿਹਾ। ਨਵੰਬਰ 2023 ਵਿੱਚ ਵਿਸ਼ੇਸ਼ ਜਾਂਚ ਟੀਮ (ਐਸ.ਆਈ.ਟੀ) ਦੁਆਰਾ ਜਾਰੀ ਕੀਤੇ ਗਏ ਲੁੱਕ ਆਊਟ ਸਰਕੂਲਰ (ਐਲ.ਓ.ਸੀ) ਕਾਰਨ, ਆਸਟ੍ਰੇਲੀਆ ਭੱਜਣ ਦੀ ਕੋਸ਼ਿਸ਼ ਕਰਦੇ ਹੋਏ, ਜੋਗਾ ਸਿੰਘ ਨੂੰ ਅੰਤ ਵਿੱਚ ਨਵੀਂ ਦਿੱਲੀ ਦੇ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਇਮੀਗ੍ਰੇਸ਼ਨ ਅਧਿਕਾਰੀਆਂ ਨੇ ਹਿਰਾਸਤ ਵਿੱਚ ਲੈ ਲਿਆ। ਉਸਨੂੰ ਟਰਾਂਜ਼ਿਟ ਰਿਮਾਂਡ 'ਤੇ ਲਿਆ ਗਿਆ ਅਤੇ ਜਲਾਲਾਬਾਦ ਦੀ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿਸ ਵੱਲੋਂ ਉਸ ਦਾ ਪੰਜ ਦਿਨਾਂ ਦਾ ਪੁਲਿਸ ਰਿਮਾਂਡ ਦਿੱਤਾ ਗਿਆ ਹੈ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਗੇ ਖੁਲਾਸਾ ਕੀਤਾ ਕਿ ਜੋਗਾ ਸਿੰਘ ਨੇ ਸੁਖਪਾਲ ਸਿੰਘ ਖਹਿਰਾ ਅਤੇ ਇਸ ਮਾਮਲੇ ਵਿੱਚ ਦੋਸ਼ੀ ਗੁਰਦੇਵ ਸਿੰਘ ਅਤੇ ਉਸ ਦੀ ਯੂਕੇ ਸਥਿਤ ਭੈਣ ਚਰਨਜੀਤ ਕੌਰ ਵਿਚਕਾਰ ਗੱਲਬਾਤ ਵਿੱਚ ਮੁੱਖ ਭੂਮਿਕਾ ਨਿਭਾਈ। ਵਿੱਤ ਮੰਤਰੀ ਨੇ ਕਿਹਾ ਕਿ ਜਦੋਂ ਗੁਰਦੇਵ ਸਿੰਘ ਭਗੌੜਾ ਸੀ ਤਾਂ ਜੋਗਾ ਸਿੰਘ ਨੇ ਇਨ੍ਹਾਂ ਕਾਲਾਂ ਦਾ ਪ੍ਰਬੰਧ ਕਰਨ ਲਈ ਆਪਣੇ ਮੋਬਾਈਲ ਫੋਨ ਦੀ ਵਰਤੋਂ ਕੀਤੀ। ਉਨ੍ਹਾਂ ਅੱਗੇ ਕਿਹਾ ਕਿ ਕਾਲ ਡਿਟੇਲ ਵਿਸ਼ਲੇਸ਼ਣ ਤੋਂ ਕਈ ਮਾਮਲੇ ਸਾਹਮਣੇ ਆਏ ਹਨ ਜਿੱਥੇ ਜੋਗਾ ਸਿੰਘ ਅਤੇ ਗੁਰਦੇਵ ਸਿੰਘ ਇੱਕੋ ਥਾਂ 'ਤੇ ਸਨ, ਇੱਥੋਂ ਤੱਕ ਕਿ ਖਹਿਰਾ ਦੀ ਗੈਰਹਾਜ਼ਰੀ ਵਿੱਚ ਵੀ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ 1 ਮਾਰਚ, 2025 ਨੂੰ ਸ਼ੁਰੂ ਹੋਈ ਸੂਬੇ ਦੀ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਦੀ ਹੁਣ ਤੱਕ ਦੀ ਸਫਲਤਾ ਬਾਰੇ ਵੀ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਮੁਹਿੰਮ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ, ਐਨਡੀਪੀਐਸ ਐਕਟ ਤਹਿਤ 16,062 ਮਾਮਲੇ ਦਰਜ ਕੀਤੇ ਗਏ ਹਨ, ਜਿਸ ਤਹਿਤ 25,177 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ ਤੋਂ ਇਲਾਵਾ, ਨਸ਼ਾ ਤਸਕਰਾਂ ਨਾਲ ਸਬੰਧਤ 178 ਗੈਰ-ਕਾਨੂੰਨੀ ਜਾਇਦਾਦਾਂ ਨੂੰ ਢਾਹ ਦਿੱਤਾ ਗਿਆ ਹੈ।

ਹੁਣ ਤੱਕ ਜ਼ਬਤ ਕੀਤੇ ਗਏ ਨਸ਼ਿਆਂ ਵਿੱਚ 1,044 ਕਿਲੋਗ੍ਰਾਮ ਹੈਰੋਇਨ, 21,309 ਕਿਲੋਗ੍ਰਾਮ ਭੁੱਕੀ, 365 ਕਿਲੋਗ੍ਰਾਮ ਅਫੀਮ, ਅਤੇ ਲਗਭਗ 32 ਲੱਖ ਗੋਲੀਆਂ ਤੇ ਕੈਪਸੂਲ ਆਦਿ ਸ਼ਾਮਲ ਹਨ। ਨਸ਼ਿਆਂ ਦੇ ਖਾਤਮੇ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਦੇ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਵਾਲੀ ਅਗਵਾਈ ਹੇਠ ਪੰਜਾਬ ਭਾਰਤ ਦਾ ਪਹਿਲਾ ਸੂਬਾ ਬਣ ਗਿਆ ਹੈ ਜਿਸਨੇ ਆਪਣੀ ਪੁਲਿਸ ਫੋਰਸ ਨੂੰ 51.41 ਕਰੋੜ ਰੁਪਏ ਦੀ ਕੀਮਤ ਵਾਲੇ ਡਰੋਨ ਸਿਸਟਮ ਨਾਲ ਲੈਸ ਕੀਤਾ ਹੈ ਜੋ ਨਸ਼ਾ ਵਿਰੋਧੀ ਯਤਨਾਂ ਵਿੱਚ ਸਹਾਇਤਾ ਕਰੇਗਾ। ਉਨ੍ਹਾਂ ਕਿਹਾ ਕਿ ਇਹ ਤਕਨੀਕੀ ਤਰੱਕੀ ਰਾਜ ਦੀਆਂ ਅੰਤਰਰਾਸ਼ਟਰੀ ਸਰਹੱਦਾਂ 'ਤੇ ਨਸੇ ਦੀ ਤਸਕਰੀ ਨੂੰ ਰੋਕਣ ਵਿੱਚ ਇੱਕ ਮਹੱਤਵਪੂਰਨ ਕਦਮ ਹੈ।



# RED CHILLI INDIAN
## FOOD TRUCK

ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE

VEG | NON -VEG ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ

BOOK US FOR



WEDDINGS | BIRTHDAY PARTIES | CORPORATE EVENTS | BACKYARD PARTIES

# RED CHILLI INDIAN
## FOOD TRUCK

ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ





RED CHILLI INDIAN FOOD TRUCK

ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ

DELIVERY Available



Call TO Order : (209) 216-8169

A Kaur 2340 Lander Ave Turlock, CA 95280


ਰੋਜ਼ਮਾਰਰਾ ਦੀ ਜ਼ਰੂਰਤ ਦਾ ਹਰ ਸਾਮਾਨ ਮਿਲੇਗਾ ਇਕ ਹੀ ਜਗਾਹ ਤੇ
Indian & Fijian
Grocery Store
HOURS
10a.m - 8p.m
(209) 486-8233
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ,ਪਾਕਿਸਤਾਨੀ ਤੇ ਫਿਜੀਆਨਾ ਗਰੋਸਰੀ
INDIAN & FIJI GROCERY
NOW OPEN
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਹਰ ਤਰ੍ਹਾਂ ਦੇ ਸਜਾਵਟ ਦਾ ਸਮਾਨ |
Ria Money Transfer
INDIA ਪੈਸੇ ਭੇਜਣ ਲਈ RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Address : 2015 Yosemite Blvd. Modesto CA
Website : www.indianfijianstore.wixsite.com/my-site-1
@indianfijiangrocery
ਸਾਡੇ ਦੂਜੇ ਸਟੋਰ ਦਾ ਪਤਾ
NAV INDIAN MERCHANDISE GROCERY STORE
3230 MITCHELL ROAD, STE, C, CERES, CA 95307

# SUNSHINE AUTO CARE INC.

**WE REPAIR ALL MAKES & MODELS. AUTO, DIESEL TRUCK & TRAILERS**

- DPF Filter Cleaning
- Clutch
- Transmission
- New/Used Tires
- Oil Changes
- Wheel Balancing
- Truck & Trailer Repair
- All Major & Minor Repairs
- We Do Aluminum Welding
- Computer Check
- Differential
- Inspections
- Van/Reefer Work

WE PROVIDE SHUTLE SERVICE FOR ALL CUSTOMERS

hablamos español
We Speak English, Spanish & Punjabi

We Provide Towing &
24/7 Mobile Road Services
For All Autos, Trucks & Trailers

Open Monday to Saturday

Com-Check
T-Check
EFS Check

ACCEPTED HERE
VISA MasterCard AMERICAN EXPRESS DISCOVER NETWORK




**1003 Moffat Blvd, Manteca CA 95336**

# 209-239-1551

Chevron

# TRUCK STOP

OPEN PARKING, DELI, SHOWER, LAUNDRY
• ਸਸਤਾ ਡੀਜ਼ਲ • ਕਾਰਾਂ ਦੀ ਸਸਤੀ ਗੈਸ



We accept all major fleet cards, credit cards including, Visa, MC, AE, Discover, Voyag and Writer Express.

ਇਥੇ ਪੰਜਾਬੀ ਰੈਸਟੋਰੈਂਟ ਵੀ ਹੈ ਅਤੇ ਹਰ ਵੇਲੇ ਪੰਜਾਬੀ ਖਾਣਾ ਮਿਲਦਾ ਹੈ।

(Or $9 off Chevron In-Store Purchase)

Contact :
BALRAJ SINGH PANNU
541-942-0105

Chevron

1250, Gateway Blvd. Cottage, OR 97424,
Ph : 541-942-4142 Fax : 541-942-9668

# PIONEER VILLA



Chevron

TRUCK PLAZA

MOTEL • RESTAURANT
LOUNGE • MINI-MART
GIFT SHOP • OPEN 24 HR
FLEET • MULTI SERVICE

WE ACCEPT-TCH T-CHECK
COM CHECK - EFS -
ALL MAJOR CREDIT CARDS

PREETI PANNU
(541) 369-2801
FAX (541) 369-3810

33180 HWY 228 HALSEY, OR 97348

# ਡਰੋਨ ਵਿਰੋਧੀ ਪ੍ਰਣਾਲੀ ਤਾਇਨਾਤ ਕਰਨ ਵਾਲਾ ਦੇਸ਼ ਦਾ ਪਹਿਲਾ ਸੂਬਾ ਬਣਿਆ ਪੰਜਾਬ

## ਸਰਹੱਦ ਪਾਰੋਂ ਨਸ਼ਿਆਂ ਅਤੇ ਹਥਿਆਰਾਂ ਦੀ ਤਸਕਰੀ ਰੋਕੇਗਾ ਐਂਟੀ ਡਰੋਨ ਸਿਸਟਮ 'ਬਾਜ਼ ਅੱਖ'

ਤਰਨ ਤਾਰਨ
ਡਾ.ਰਾਜਿੰਦਰ ਰਿਖੀ

ਸਰਹੱਦ ਪਾਰੋਂ ਨਸ਼ਿਆਂ ਦੀ ਤਸਕਰੀ ਨੂੰ ਰੋਕਣ ਲਈ ਮਿਸਾਲੀ ਪਹਿਲਕਦਮੀ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਅੱਜ ਐਂਟੀ-ਡਰੋਨ ਪ੍ਰਣਾਲੀ (ਏ.ਡੀ.ਐਸ.) 'ਬਾਜ਼ ਅੱਖ' ਨੂੰ ਹਰੀ ਝੰਡੀ ਦਿਖਾਈ, ਜਿਸ ਤੋਂ ਬਾਅਦ ਪੰਜਾਬ ਅੰਤਰਰਾਸ਼ਟਰੀ ਸਰਹੱਦ 'ਤੇ ਇਸ ਪ੍ਰਣਾਲੀ ਨੂੰ ਤਾਇਨਾਤ ਕਰਨ ਵਾਲਾ ਦੇਸ਼ ਦਾ ਪਹਿਲਾ ਸੂਬਾ ਬਣ ਗਿਆ।

ਮੀਡੀਆ ਨਾਲ ਗੱਲਬਾਤ ਕਰਦਿਆਂ 'ਆਪ' ਦੇ ਕੌਮੀ ਕਨਵੀਨਰ ਨੇ ਕਿਹਾ ਕਿ ਇਸ ਪਹਿਲ ਨਾਲ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਇੱਕ ਹੋਰ ਸ਼ਾਨਦਾਰ ਅਧਿਆਇ ਜੁੜ ਗਿਆ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੀ ਨਸ਼ਾ ਤਸਕਰਾਂ ਨਾਲ ਮਿਲੀਭੁਗਤ ਸੀ, ਜਿਸ ਕਾਰਨ ਇਸ ਸਰਾਪ ਨੇ ਸੂਬੇ ਵਿੱਚ ਆਪਣੇ ਪੈਰ ਪਸਾਰੇ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਆਪ ਦੀ ਸਰਕਾਰ ਨੇ ਨਸ਼ਿਆਂ ਵਿਰੁੱਧ ਵੱਡੀ ਜੰਗ ਛੇੜੀ ਹੈ ਅਤੇ ਇਸ ਕਾਰੋਬਾਰ ਵਿੱਚ ਸ਼ਾਮਲ ਵੱਡੀਆਂ ਮੱਛੀਆਂ ਨੂੰ ਸਲਾਖਾਂ ਪਿੱਛੇ ਸੁੱਟ ਦਿੱਤਾ ਗਿਆ ਹੈ।

'ਆਪ' ਦੇ ਕੌਮੀ ਕਨਵੀਨਰ ਨੇ ਕਿਹਾ ਕਿ ਸਰਹੱਦ ਪਾਰੋਂ ਪੰਜਾਬ 'ਚ ਨਸ਼ਿਆਂ ਦੀ ਸਪਲਾਈ ਕੀਤੀ ਜਾ ਰਹੀ ਹੈ ਅਤੇ ਉਨ੍ਹਾਂ ਨੂੰ ਰੋਕਣ ਲਈ ਇਹ ਐਂਟੀ-ਡਰੋਨ ਪ੍ਰਣਾਲੀ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਇਸ ਲਾਹਨਤ ਤੋਂ ਮੁਕਤ ਕਰਨ ਲਈ ਤਿੰਨ ਐਂਟੀ-ਡਰੋਨ ਪ੍ਰਣਾਲੀਆਂ ਸ਼ੁਰੂ ਕੀਤੀਆਂ ਗਈਆਂ ਹਨ ਅਤੇ ਛੇ ਹੋਰ ਜਲਦੀ ਹੀ ਸ਼ੁਰੂ ਕੀਤੀਆਂ ਜਾਣਗੀਆਂ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਸੂਬਾ ਸਰਕਾਰ ਨੇ ਨਸ਼ਾ ਤਸਕਰਾਂ ਵਿਰੁੱਧ ਜ਼ੀਰੋ-ਟਾਲਰੈਂਸ ਨੀਤੀ ਨੂੰ ਸਖ਼ਤੀ ਨਾਲ ਲਾਗੂ ਕੀਤਾ ਹੈ।ਆਪ ਦੇ ਕੌਮੀ ਕਨਵੀਨਰ ਨੇ ਕਿਹਾ ਕਿ ਨਸ਼ਾ ਤਸਕਰਾਂ ਵੱਲੋਂ ਨਸ਼ਿਆਂ ਦੇ ਇਸ ਗੈਰ-ਕਾਨੂੰਨੀ ਕਾਰੋਬਾਰ ਰਾਹੀਂ ਹਾਸਲ ਕੀਤੀਆਂ ਜਾਇਦਾਦਾਂ ਨੂੰ ਢਾਹਿਆ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਦੀ ਇਮਾਨਦਾਰ ਸਰਕਾਰ ਨੇ ਨਸ਼ਿਆਂ ਦੇ ਸਭ ਤੋਂ ਵੱਡੇ ਅਤੇ ਬਦਨਾਮ ਸੌਦਾਗਰਾਂ ਨੂੰ ਸਲਾਖਾਂ ਪਿੱਛੇ ਸੁੱਟ ਦਿੱਤਾ ਹੈ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਹ ਤਸਕਰ, ਜੋ ਸਮਾਜ ਨੂੰ ਜ਼ਹਿਰ ਦੇ ਕੇ ਖ਼ੁਦ ਆਪਣੇ ਘਰ ਐਸ਼ੋ-ਆਰਾਮ ਦੀ ਜ਼ਿੰਦਗੀ ਜਿਉਂਦੇ ਹਨ, ਸਾਡੇ ਲੋਕਾਂ ਦੇ ਅਸਲ ਦੁਸ਼ਮਣ ਹਨ ਅਤੇ ਸੂਬਾ ਸਰਕਾਰ ਉਨ੍ਹਾਂ ਨੂੰ ਕਿਸੇ ਵੀ ਕੀਮਤ 'ਤੇ ਨਹੀਂ ਬਖਸ਼ੇਗੀ।

ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ "ਨਸ਼ਿਆਂ ਵਿਰੁੱਧ ਜੰਗ" (ਯੁੱਧ ਨਸ਼ਿਆਂ ਵਿਰੁੱਧ) ਮੁਹਿੰਮ ਤਹਿਤ ਪੰਜਾਬ ਨੇ ਅੱਜ ਸਰਹੱਦ ਪਾਰੋਂ ਨਸ਼ਿਆਂ ਦੀ ਤਸਕਰੀ ਰੋਕਣ ਲਈ ਆਰ-ਪਾਰ ਦੀ ਜੰਗ ਛੇੜੀ ਹੈ। ਉਨ੍ਹਾਂ ਕਿਹਾ ਕਿ ਪਾਕਿਸਤਾਨ ਨਾਲ ਪੰਜਾਬ ਦੀ 553 ਕਿਲੋਮੀਟਰ ਸਰਹੱਦ ਲੱਗਦੀ ਹੈ, ਜਿਸ ਨੂੰ ਨਸ਼ਿਆਂ ਅਤੇ ਹਥਿਆਰਾਂ ਦੀ ਤਸਕਰੀ ਲਈ ਸਭ ਤੋਂ ਸੰਵੇਦਨਸ਼ੀਲ ਖੇਤਰਾਂ ਵਿੱਚੋਂ ਇੱਕ ਮੰਨਿਆ ਜਾਂਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਰਹੱਦੀ ਸੁਰੱਖਿਆ ਨੂੰ ਮਜ਼ਬੂਤ ਕਰਨ ਅਤੇ ਡਰੋਨ-ਅਧਾਰਤ ਤਸਕਰੀ ਤੋਂ ਪੈਦਾ ਹੋਈਆਂ ਚੁਣੌਤੀਆਂ ਨਾਲ ਨਜਿੱਠਣ ਲਈ ਅੰਤਰਰਾਸ਼ਟਰੀ ਸਰਹੱਦ 'ਤੇ ਨੌਂ ਐਂਟੀ-ਡਰੋਨ ਯੂਨਿਟ ਸਥਾਪਤ ਕੀਤੇ ਜਾ ਰਹੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਯੂਨਿਟਾਂ 'ਤੇ 51.4 ਕਰੋੜ ਰੁਪਏ ਖ਼ਰਚੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਭਾਵੇਂ ਸਾਡੇ ਦੇਸ਼ ਦੀਆਂ ਹਥਿਆਰਬੰਦ ਫੌਜਾਂ ਅਤੇ ਬੀਐਸਐਫ ਪਹਿਲਾਂ ਹੀ ਅਜਿਹੀਆਂ ਪ੍ਰਣਾਲੀਆਂ ਵਰਤ ਰਹੀਆਂ ਹਨ, ਪਰ ਪੰਜਾਬ ਦੇਸ਼ ਦਾ ਪਹਿਲਾ ਸੂਬਾ ਹੈ ਜਿਸ ਨੇ ਅੰਤਰਰਾਸ਼ਟਰੀ ਸਰਹੱਦ 'ਤੇ ਐਂਟੀ-ਡਰੋਨ ਸਿਸਟਮ ਤਾਇਨਾਤ ਕੀਤਾ ਹੈ। ਉਨ੍ਹਾਂ ਕਿਹਾ ਕਿ ਐਂਟੀ-ਡਰੋਨ ਪ੍ਰਣਾਲੀ ਸਰਹੱਦ ਪਾਰੋਂ ਨਸ਼ਾ ਸਪਲਾਈ ਕਰਨ ਵਾਲੇ ਤਸਕਰਾਂ ਨੂੰ ਸਖ਼ਤ ਜਵਾਬ ਦੇਵੇਗੀ। ਉਨ੍ਹਾਂ ਕਿਹਾ ਕਿ ਦੇਸ਼ ਵਿਰੋਧੀ ਅਨਸਰ ਸਮਾਜ ਵਿਰੋਧੀ ਗਤੀਵਿਧੀਆਂ ਲਈ ਅਕਸਰ ਤਕਨਾਲੋਜੀ ਦੀ ਵਰਤੋਂ ਕਰਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਦੇਸ਼ ਦੇ ਦੁਸ਼ਮਣਾਂ ਨੇ ਪੰਜਾਬ ਦੇ ਨੌਜਵਾਨਾਂ ਦੀਆਂ ਜ਼ਿੰਦਗੀਆਂ ਤਬਾਹ ਕਰਨ ਲਈ ਡਰੋਨਾਂ ਨੂੰ ਹਥਿਆਰਾਂ ਵਿੱਚ ਬਦਲ ਦਿੱਤਾ ਹੈ ਅਤੇ ਸਰਹੱਦ ਪਾਰੋਂ ਨਸ਼ਾ ਤਸਕਰੀ ਲਈ ਡਰੋਨਾਂ ਦੀ ਵਰਤੋਂ ਕਰ ਰਹੇ ਹਨ।

ਮੁੱਖ ਮੰਤਰੀ ਨੇ ਸਰਹੱਦ ਪਾਰੋਂ ਨਸ਼ਿਆਂ ਦੀ ਤਸਕਰੀ ਰੋਕਣ ਲਈ ਅਣਥੱਕ ਮਿਹਨਤ ਕਰਨ ਵਾਸਤੇ ਸੁਰੱਖਿਆ ਬਲਾਂ ਦੀ ਭਰਵੀਂ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ 2024 ਵਿੱਚ ਹੈਰੋਇਨ, ਹਥਿਆਰਾਂ ਅਤੇ ਗੋਲਾ ਬਾਰੂਦ ਨਾਲ ਲੱਦੇ ਕੁੱਲ 283 ਡਰੋਨ ਜ਼ਬਤ ਕੀਤੇ ਗਏ ਸਨ ਅਤੇ 2025 ਵਿੱਚ ਹੁਣ ਤੱਕ 137 ਡਰੋਨ ਬਰਾਮਦ ਕੀਤੇ ਜਾ ਚੁੱਕੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਠਾਨਕੋਟ ਤੋਂ ਫਾਜ਼ਿਲਕਾ ਤੱਕ ਸਰਹੱਦ 'ਤੇ ਦੂਜੀ ਸੁਰੱਖਿਆ ਪੰਕਤੀ ਵਜੋਂ ਐਂਟੀ-ਡਰੋਨ ਪ੍ਰਣਾਲੀ ਤਾਇਨਾਤ ਕੀਤੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਨਾਲ ਸਰਹੱਦ ਰਾਹੀਂ ਸੂਬੇ ਵਿੱਚ ਦਾਖਲ ਹੋਣ ਵਾਲੇ ਕਿਸੇ ਵੀ ਡਰੋਨ ਨੂੰ ਤੁਰੰਤ ਬੇਅਸਰ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਦੂਜੀ ਸੁਰੱਖਿਆ ਪੰਕਤੀ ਦਾ ਮਤਲਬ ਸਰਹੱਦੀ ਜ਼ਿਲ੍ਹਿਆਂ ਵਿੱਚ ਪੰਜਾਬ ਪੁਲਿਸ ਦੀ ਤਾਇਨਾਤੀ ਹੈ, ਜੋ ਅੰਤਰਰਾਸ਼ਟਰੀ ਸਰਹੱਦ 'ਤੇ ਤਾਇਨਾਤ ਬੀਐਸਐਫ ਦੇ ਪਿੱਛੇ ਕੰਮ ਕਰਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਐਂਟੀ-ਡਰੋਨ ਪ੍ਰਣਾਲੀ ਸੁਰੱਖਿਆ ਬਲਾਂ ਨੂੰ ਨਸ਼ਿਆਂ ਅਤੇ ਹਥਿਆਰਾਂ ਦੀ ਤਸਕਰੀ ਨਾਲ ਨਜਿੱਠਣ ਵਿੱਚ ਸਹਾਇਤਾ ਕਰੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਸਿਸਟਮ ਉਨ੍ਹਾਂ ਖਾਸ ਸਰਹੱਦੀ ਥਾਵਾਂ 'ਤੇ ਤਾਇਨਾਤ ਕੀਤੇ ਜਾਣਗੇ, ਜਿੱਥੇ ਡਰੋਨ ਗਤੀਵਿਧੀ ਜ਼ਿਆਦਾ ਦੇਖੀ ਗਈ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਪੰਜਾਬ ਪੁਲਿਸ ਕੋਲ ਡਰੋਨਾਂ ਨੂੰ ਬੇਅਸਰ ਕਰਨ ਲਈ ਅਜਿਹਾ ਕੋਈ ਸਿਸਟਮ ਨਹੀਂ ਸੀ, ਪਰ ਹੁਣ ਇਹ ਸਿਸਟਮ ਪੰਜਾਬ ਪੁਲਿਸ ਨੂੰ ਵਧੇਰੇ ਸਮਰੱਥ ਬਣਾਏਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਐਂਟੀ-ਡਰੋਨ ਪ੍ਰਣਾਲੀ ਡਰੋਨ ਦੀ ਸਥਿਤੀ ਅਤੇ ਇਸ ਦੇ ਜ਼ਮੀਨੀ ਕੰਟਰੋਲ ਸਟੇਸ਼ਨਾਂ ਦਾ ਸਹੀ-ਸਹੀ ਪਤਾ ਲਗਾਉਣ ਦੇ ਸਮਰੱਥ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਸਿਸਟਮ ਆਟੋਮੇਟਿਡ ਅਲਰਟ ਤਕਨਾਲੋਜੀ ਦੇ ਨਾਲ ਆਉਂਦੇ ਹਨ, ਜੋ ਡਰੋਨ ਦੀ ਗਤੀਵਿਧੀ ਦਾ ਪਤਾ ਲੱਗਣ 'ਤੇ ਤੁਰੰਤ ਅਧਿਕਾਰੀਆਂ ਨੂੰ ਸੂਚਿਤ ਕਰਦੇ ਹਨ, ਇਸ ਤਰ੍ਹਾਂ ਇਸ ਵਿੱਚ ਮੈਨੂਅਲ ਨਿਗਰਾਨੀ ਦੀ ਜ਼ਰੂਰਤ ਨਹੀਂ ਰਹਿੰਦੀ। ਉਨ੍ਹਾਂ ਕਿਹਾ ਕਿ ਇਸ ਉੱਨਤ ਪ੍ਰਣਾਲੀ ਦੇ ਸਫਲਤਾਪੂਰਵਕ ਲਾਗੂਕਰਨ ਨੂੰ ਯਕੀਨੀ ਬਣਾਉਣ ਲਈ ਬੀਐਸਐਫ, ਭਾਰਤੀ ਹਵਾਈ ਸੈਨਾ, ਭਾਰਤੀ ਫੌਜ ਅਤੇ ਹੋਰ ਏਜੰਸੀਆਂ ਨਾਲ ਤਾਲਮੇਲ ਕਾਇਮ ਰੱਖਿਆ ਜਾਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ "ਨਸ਼ਿਆਂ ਵਿਰੁੱਧ ਜੰਗ" ਅਧੀਨ ਸਕੂਲਾਂ ਵਿੱਚ ਨਸ਼ਾ ਵਿਰੋਧੀ ਪਾਠਕ੍ਰਮ ਪਹਿਲਾਂ ਹੀ ਸ਼ੁਰੂ ਕੀਤਾ ਜਾ ਚੁੱਕਾ ਹੈ, ਜਿਸ ਦਾ ਉਦੇਸ਼ 8 ਲੱਖ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਖ਼ਤਰੇ ਵਿਰੁੱਧ ਜਾਗਰੂਕ ਕਰਨਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਪੰਜਾਬ ਦੀ ਜੰਗ ਹੁਣ ਇੱਕ ਮਹੱਤਵਪੂਰਨ ਪੜਾਅ 'ਤੇ ਪਹੁੰਚ ਗਈ ਹੈ ਅਤੇ ਸੂਬਾ ਸਰਕਾਰ ਦੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਦੇ ਤੀਜੇ ਪੜਾਅ ਦੇ ਹਿੱਸੇ ਵਜੋਂ ਸਾਰੇ ਸਰਕਾਰੀ ਸਕੂਲਾਂ ਵਿੱਚ 9ਵੀਂ ਤੋਂ 12ਵੀਂ ਜਮਾਤ ਦੇ ਵਿਦਿਆਰਥੀਆਂ ਲਈ ਵਿਸ਼ੇਸ਼ ਪਾਠਕ੍ਰਮ ਸ਼ੁਰੂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਪਾਠਕ੍ਰਮ ਰਾਹੀਂ 9ਵੀਂ-12ਵੀਂ ਜਮਾਤ ਦੇ 8 ਲੱਖ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਸੇਵਨ ਸਬੰਧੀ ਖ਼ਤਰਿਆਂ ਤੋਂ ਜਾਣੂ ਕਰਵਾਇਆ ਜਾਵੇਗਾ ਅਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਜਾਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਨਸ਼ਾ ਵਿਰੋਧੀ ਪ੍ਰੋਗਰਾਮ ਵਿੱਚ 3,658 ਸਕੂਲ ਸ਼ਾਮਲ ਹੋਣਗੇ ਅਤੇ ਵਿਦਿਆਰਥੀਆਂ ਵਿੱਚ ਜਾਗਰੂਕਤਾ ਪੈਦਾ ਕਰਨ ਉੱਘੇ ਵਿਗਿਆਨੀ ਵੀ ਇਸ ਪ੍ਰੋਗਰਾਮ ਦਾ ਹਿੱਸਾ ਹੋਣਗੇ।

ਮੁੱਖ ਮੰਤਰੀ ਨੇ ਕਿਹਾ ਕਿ 2009 ਤੋਂ ਬਾਅਦ ਸੂਬੇ ਵਿੱਚ ਨਸ਼ਿਆਂ ਦੀ ਇਹ ਜੜ੍ਹ ਜਾਣ ਬੁੱਝ ਕੇ ਸਿਆਸੀ ਆਗੂਆਂ ਦੀ ਹਮਾਇਤ ਨਾਲ ਸਾਜ਼ਿਸ਼ ਤਹਿਤ ਲਾਈ ਗਈ ਸੀ। ਹਾਲਾਂਕਿ, ਉਨ੍ਹਾਂ ਦੀ ਸਰਕਾਰ ਨੇ ਇਸ ਖ਼ਤਰੇ ਵਿਰੁੱਧ ਸਖ਼ਤ ਕਾਰਵਾਈ ਕਰਦਿਆਂ ਸੁਚੱਜੀ ਵਿਉਂਤਬੰਦੀ ਕੀਤੀ ਹੈ ਅਤੇ ਸਭ ਤੋਂ ਵੱਡੇ ਸੌਦਾਗਰਾਂ ਨੂੰ ਸਲਾਖਾਂ ਪਿੱਛੇ ਸੁੱਟ ਦਿੱਤਾ ਗਿਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਿਹੜੇ ਲੋਕਾਂ ਨੇ ਨਸ਼ਾ ਤਸਕਰਾਂ ਨਾਲ ਹੱਥ ਮਿਲਾਇਆ ਆਪਣੀ ਸੱਤਾ ਦੇ ਦਿਨਾਂ ਦੌਰਾਨ ਉਨ੍ਹਾਂ ਨੂੰ ਸਰਪ੍ਰਸਤੀ ਦਿੱਤੀ, ਉਹ ਅੱਜ ਸਲਾਖਾਂ ਪਿੱਛੇ ਹਨ।ਇਸ ਪ੍ਰੋਗਰਾਮ ਦੌਰਾਨ ਮੁੱਖ ਸਕੱਤਰ ਕੇ.ਏ.ਪੀ. ਸਿਨਹਾ, ਡੀ.ਜੀ.ਪੀ. ਗੌਰਵ ਯਾਦਵ ਅਤੇ ਹੋਰ ਮੌਜੂਦ ਸਨ।






# ਅਮਰੀਕਾ ਵਰਗੇ ਤਾਕਤਵਾਰ ਮੁਲਕ ਨੂੰ ਗਰੀਬ ਮੁਲਕਾਂ ਦਾ ਸ਼ੋਸ਼ਣ ਕਰਨਾ ਸ਼ੋਭਾ ਨਹੀ ਦਿੰਦਾ

## ਟਰੰਪ ਦੇ ਗਲਤ ਫੈਸਲਿਆਂ ਦਾ ਖਮਿਆਜ਼ਾ ਦੁਨੀਆਂ ਦੇ ਗਰੀਬ ਮੁਲਕਾਂ ਨੂੰ ਭੁਗਤਣਾ ਪਵੇਗਾ : ਸੰਤ ਸੀਚੇਵਾਲ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ

ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਦੇ 25 ਫੀਸਦੀ ਟੈਰਿਫ ਵਾਲੇ ਬਿਆਨ 'ਤੇ ਵੀ ਟਿੱਪਣੀ ਕਰਦਿਆਂ ਕਿਹਾ ਕਿ ਗਰੀਬ ਮੁਲਕਾਂ ਨੂੰ ਡਰਾਵੇ ਦੇਣੇ ਅਤੇ ਉਨ੍ਹਾਂ ਦਾ ਆਰਥਿਕ ਸ਼ੋਸ਼ਣ ਕਰਨਾ ਅਮਰੀਕਾ ਵਰਗੇ ਤਾਕਤਵਰ ਮੁਲਕ ਨੂੰ ਸ਼ੋਭਾ ਨਹੀਂ ਦਿੰਦਾ। ਉਨ੍ਹਾਂ ਕਿਹਾ ਕਿ ਟੈਰਿਫ ਨਾਲ ਭਾਰਤ ਨੂੰ ਕੋਈ ਫਰਕ ਨਹੀਂ ਪੈਣ ਵਾਲਾ ਪਰ ਅਮਰੀਕਾ ਦੀ ਸੋਚ 'ਤੇ ਜ਼ਰੂਰ ਕਲੰਕ ਲੱਗੇਗਾ ਜਿਸ ਨੂੰ ਇਤਿਹਾਸ ਵਿੱਚ ਯਾਦ ਰੱਖਿਆ ਜਾਵੇਗਾ। ਟਰੰਪ ਦੇ ਰੱਵਈਏ 'ਤੇ ਟਿੱਪਣੀ ਕਰਦਿਆਂ ਸੰਤ ਸੀਚੇਵਾਲ ਕਿਹਾ ਕਿ ਜਦੋਂ ਤੁਹਾਡੇ ਕੋਲ ਹਥਿਆਰ ਆ ਜਾਂਦੇ ਹਨ ਜਾਂ ਪੈਸਾ ਆ ਜਾਂਦਾ ਹੈ ਤਾਂ ਤੁਸੀ ਦੁਨੀਆਂ ਦੇ ਲੋਕਾਂ ਨੂੰ ਗੱਲਵਕੜੀ ਵਿੱਚ ਨਹੀਂ ਲੈਂਦੇ ਸਗੋਂ ਉਨ੍ਹਾਂ ਨੂੰ ਡਰਾ ਕੇ ਉਨ੍ਹਾਂ ਕੋਲੋ ਖੋਹਣ ਦੀ ਨੀਤੀ 'ਤੇ ਚੱਲਦੇ ਹੋ।

ਉਨ੍ਹਾਂ ਕਿਹਾ ਕਿ ਟਰੰਪ ਦੇ ਗਲਤ ਫੈਸਲਿਆਂ ਦਾ ਖਮਿਆਜ਼ਾ ਦੁਨੀਆ ਦੇ ਗਰੀਬ ਮੁਲਕਾਂ ਨੂੰ ਭੁਗਤਣਾ ਪਵੇਗਾ।ਸੰਤ ਸੀਚੇਵਾਲ ਨੇ ਅਮਰੀਕਾ ਦੇ ਰਾਸ਼ਟਰਪਤੀ ਡੋਨਲਡ ਟਰੰਪ ਵਿਰੁੱਧ ਸਖ਼ਤ ਟਿੱਪਣੀ ਕਰਦਿਆਂ ਉਨ੍ਹਾਂ ਨੂੰ ਡਾਕੂ ਦੱਸਿਆ ਹੈ। ਉਨ੍ਹਾਂ ਗੱਲਬਾਤ ਦੌਰਾਨ ਕਿਹਾ ਕਿ ਅਮਰੀਕਾ ਦੇ ਰਾਸ਼ਟਰਪਤੀ ਡੋਨਲਡ ਟਰੰਪ ਨੇ ਪਹਿਲਾ ਵੀ 25 ਫੀਸਦੀ ਟੈਰਿਫ ਲਗਾਉਣ ਦਾ ਐਲਾਨ ਕੀਤਾ ਸੀ ਜਿਹੜਾ 7 ਅਗਸਤ ਨੂੰ ਲਾਗੂ ਹੋ ਗਿਆ ਹੈ ਤੇ ਹੁਣ ਮੁੜ 25 ਫੀਸਦੀ ਹੋਰ ਟੈਰਿਫ ਲਗਾਉਣ ਦੇ ਐਲਾਨ ਨੇ ਉਹਨਾਂ ਦੀ ਮਾਨਸਿਕਤਾ ਨੂੰ ਉਜਾਗਰ ਕੀਤਾ ਹੈ। ਅਮਰੀਕੀ ਰਾਸ਼ਟਰਪਤੀ ਟਰੰਪ ਵੱਲੋਂ ਇਹ ਕਹਿਣਾ ਕਿ ਜਦੋਂ ਤੱਕ ਭਾਰਤ ਨਾਲ ਟੈਰਿਫ ਵਿਵਾਦ ਹੱਲ ਨਹੀਂ ਹੁੰਦਾ ਉਦੋਂ ਤੱਕ ਕੋਈ ਵੀ ਵਪਾਰਕ ਗੱਲਬਾਤ ਨਹੀਂ ਹੋਵੇਗੀ, ਉਨ੍ਹਾਂ ਦੀ ਪਿਛਾਂਹ-ਖਿੱਚੂ ਸੋਚ ਨੂੰ ਦਰਸਾਉਂਦਾ ਹੈ।ਸੰਤ ਸੀਚੇਵਾਲ ਨੇ ਕਿਹਾ ਕਿ ਭਾਰਤ ਪਹਿਲਾਂ ਵਾਲਾ ਭਾਰਤ ਨਹੀਂ ਰਿਹਾ ਜਿਸ ਦੀ ਜਦੋਂ ਚਾਹੇ ਬਾਂਹ ਮਰੋੜ ਲਵੋਗੇ। ਸੰਤ ਸੀਚੇਵਾਲ ਨੇ ਕਿਹਾ ਕਿ ਭਾਰਤ ਨੇ ਪਹਿਲਾਂ ਵੀ ਆਰਥਿਕ ਪਾਬੰਦੀਆਂ ਦਾ ਡੱਟ ਕੇ ਸਾਹਮਣਾ ਕੀਤਾ ਸੀ ਤੇ ਹੁਣ ਅੱਗੇ ਵੀ ਕਰਦਾ ਰਹੇਗਾ। ਸੰਤ ਸੀਚੇਵਾਲ ਨੇ ਕਿਹਾ ਕਿਸਾਨ ਤੇ ਮਜ਼ਦੂਰ ਦੇਸ਼ ਦੇ 140 ਕਰੋੜ ਲੋਕਾਂ ਦਾ ਢਿੱਡ ਭਰਦੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਦੇਸ਼ ਦੇ ਲੋਕ ਮਿਹਨਤੀ ਹਨ ਤੇ ਕਿਰਤ ਕਰਨ ਵਿੱਚ ਵਿਸ਼ਵਾਸ਼ ਰੱਖਦੇ ਹਨ ਅਤੇ ਟਰੰਪ ਅਜਿਹੇ ਟੈਰਿਫ ਲਗਾ ਕੇ ਭਾਰਤ ਨੂੰ ਆਰਥਿਕ ਸੰਕਟ ਵਿੱਚ ਨਹੀਂ ਪਾ ਸਕਦੇ।ਜ਼ਿਕਰਯੋਗ ਹੈ ਕਿ ਟਰੰਪ ਦੇ ਦੂਜੇ ਕਾਰਜਕਾਲ ਦੌਰਾਨ ਜਿਹੜੇ ਵੱਡੇ ਬਦਲਾਅ ਦੇਖਣ ਨੂੰ ਮਿਲ ਰਹੇ ਹਨ, ਉਸ ਨਾਲ ਵਿੱਤੀ ਬਜ਼ਾਰ ਡਾਵਾਂ ਡੋਲ ਹੋ ਗਏ ਹਨ। ਆਰਥਿਕ ਮਾਮਲਿਆਂ ਦੇ ਮਾਹਿਰਾਂ ਦਾ ਮੰਨਣਾ ਹੈ ਕਿ ਜੇ ਇਹੀ ਹਾਲਾਤ ਰਹਿੰਦੇ ਹਨ ਤਾਂ ਇਸ ਦੇ ਨਤੀਜੇ ਬੜੇ ਹੀ ਖਤਰਨਾਕ ਹੋ ਸਕਦੇ ਹਨ। ਡਾਲਰ ਤੋਂ ਜੇ ਭਰੋਸਾ ਉਠਦਾ ਗਿਆ ਤਾਂ ਵੱਡੇ ਕਾਰੋਬਾਰੀ ਅਮਰੀਕਾ ਤੋਂ ਪਲਾਇਨ ਕਰਕੇ ਦੂਜੇ ਮੁਲਕਾਂ ਵੱਲ ਰੁਖ ਕਰ ਸਕਦੇ ਹਨ। ਅਜਿਹੇ ਹਲਾਤਾਂ ਵਿੱਚ ਅਮਰੀਕੀ ਲੋਕਾਂ ਨੂੰ ਹੀ ਟਰੰਪ ਦੀਆਂ ਦੁਨੀਆਂ ਵਿਰੋਧੀ ਆਰਥਿਕ ਨੀਤੀਆਂ ਦਾ ਡੱਟ ਕੇ ਵਿਰੋਧ ਕਰਨਾ ਪਵੇਗਾ।



ਆਗੈ ਸਮਝ ਚੱਲੋ ਨੰਦ ਲਾਲਾ, ਪਾਛੈ ਜੋ ਬੀਤੀ ਸੋ ਬੀਤੀ॥


Imperial Spice
Resturant Bar & Banquet Hall
Vibrant flavors of
North and South Indian cuisine.
IMPERIAL SPICE
OPEN
10am to 10pm
ਸੋਮਵਾਰ ਤੋਂ ਬੁੱਧਵਾਰ 10am to 3pm
Lunch Buffett
ਸਿਰਫ ਤੇ ਸਿਰਫ
$14.99
SPECIAL
Fish Pakora
$4.99
ਜੇਕਰ ਤੁਸੀਂ $100 ਤੋ ਵੱਧ ਖਰਚਦੇ ਹੋ ਤਾਂ 1 ਪਲੇਟ ਪਾਣੀਪੁਰੀ FREE
OPEN
7 DAYS
A WEEK
ਮੰਗਲਵਾਰ ਨੂੰ ਖਾਸ ਸਪੈਸ਼ਲ Buffet $12.99
ਰਾਤੀ Dinner ਸਮੇਂ 5 ਜਾਂ 5 ਤੋਂ ਵੱਧ ਬੰਦਿਆਂ ਦੇ ਖਾਣਾ ਖਾਣ 'ਤੇ ਹੋਵੇਗਾ 10% discount
ਸਿਰਫ ਮੰਗਲਵਾਰ ਨੂੰ hard liquor ਦੀਆਂ ਕੁਝ items ਦੇ shot ਦੀ ਕੀਮਤ ਹੋਵੇਗੀ ਸਿਰਫ $8
PACKAGE DEALS AVAILABLE
Spacious Banquet Hall
Professional Decoration
DJ & Special Security Available
5000 ਬੰਦਿਆਂ ਤੱਕ ਦੀ Catering ਦਾ ਪ੍ਰਬੰਧ
ਅਸੀਂ ਦੇਸੀ ਘਿਉ ਦੀਆਂ ਹਰ ਤਰ੍ਹਾਂ ਦੀਆਂ ਮਿਠਾਈਆਂ ਵੀ ਬਣਾਉਂਦੇ ਹਾਂ ਅਤੇ ਵਿਆਹ ਸ਼ਾਦੀਆਂ ਵਾਸਤੇ ਵੱਡੇ ਆਡਰ ਵੀ ਮਿਠਾਈਆਂ ਦੇ ਲੈਂਦੇ ਹਾਂ ।
Sonu (209) 595-8596 Goutam (209) 494-9404
430 W Grant Line Rd Tracy, CA 95376

GHUMAN LAW GROUP INC.

# Ghuman Law Group

ਤੁਹਾਡੇ ਲਈ ਲੈ ਕੇ ਆਏ ਨੇ

AMERICA ਵਿੱਚ

BUSINESS ਕਰਨ ਦਾ ਸੁਨਿਹਰੀ ਮੌਕਾ !

ਜੇਕਰ ਤੁਸੀਂ Canada, England, Australia, New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ

ਆਓ E-2 Investor Visa ਰਾਹੀਂ

ਸਿਰਫ $25,000 ਦੀ ਘੱਟੋ-ਘੱਟ Investment

ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ






GHUMAN LAW GROUP

ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ ਪੂਰੀ ਮਦਦ ਕਰੇਗਾ



ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ

ਪਰਿਵਾਰ ਸਮੇਤ ਆਉਣ ਦਾ ਵਧੀਆ ਮੌਕਾ



- 2 ਸਾਲ ਦਾ Work Permit
- Spouse ਨੂੰ ਮਿਲੇਗਾ Open Work Permit
- ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
- ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ

ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ

MON - FRI, 9:00 AM - 3:00 PM

+1 (223) 300-0001 | www.ghumanlawgroup.org

2450 VENTURE OAKS WAY, STE 225 SACRAMENTO, CA

# ARCPOINT LABS
## OF MANTECA

Accurate, Reliable, Confidential Testing.

**ਸਾਡੀਆਂ ਸੇਵਾਵਾਂ :**

**DOT ਦੇ Drug ਤੇ Alcohal Testing**
**Pre- Employment Testing | Physicals**
**Hair & Nail Testing |Immigration DNA**
**Paternity & Relationship DNA**

## Health Checkups ਜਿਵੇਂ :


Cholestrol Test


Heart Health


Thyroid Test


Diabetes Test


Food Allergy



Vitamin & Nutrient Test

**ਆਪਣੇ ਹੋਣ ਵਾਲੇ Baby ਦਾ Gender ਜਾਣੋ 6 Weeks ਵਿੱਚ**




**ਵਧੇਰੇ ਜਾਣਕਾਰੀ ਲਈ ਕਾਲ ਕਰੋ :**

**(209) 629-8282 | (209) 505-6384**

**Address : 119. Maple AVe, Suite A Manteca, CA 95336**

# ਟਰੰਪ-ਪੰਨੂ ਗੱਠਜੋੜ: ਆਰਥਿਕ ਤੇ ਭਾਈਚਾਰਕ ਵੰਡੀਆਂ ਰਾਹੀਂ ਭਾਰਤ ਨੂੰ ਕਮਜ਼ੋਰ ਕਰਨ ਦੀ ਗਹਿਰੀ ਸਾਜ਼ਿਸ਼: ਪ੍ਰੋ. ਸਰਚਾਂਦ ਸਿੰਘ ਖਿਆਲਾ

**ਅੰਮ੍ਰਿਤਸਰ**
**ਧੈਰਿਆ ਮਹਿਰਾ**

ਭਾਰਤੀ ਜਨਤਾ ਪਾਰਟੀ ਪੰਜਾਬ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਅਮਰੀਕਾ ਦੇ ਸਦਰ ਡੋਨਾਲਡ ਟਰੰਪ ਵੱਲੋਂ ਭਾਰਤੀ ਉਤਪਾਦਾਂ 'ਤੇ 50% ਟੈਰਿਫ ਲਗਾਉਣ ਦਾ ਐਲਾਨ ਸਿਰਫ਼ ਵਪਾਰਕ ਫ਼ੈਸਲਾ ਨਹੀਂ ਸਗੋਂ "ਆਰਥਿਕ ਟੈਰਰ" ਹੈ, ਜੋ ਭਾਰਤ ਦੀ ਮਜ਼ਬੂਤ ਅਰਥਵਿਵਸਥਾ ਨੂੰ ਝੁਕਾਉਣ ਲਈ ਰਚਿਆ ਗਿਆ। ਟਰੰਪ ਦੀ ਸੋਚ ਸਿਰਫ਼ ਆਰਥਿਕ ਮੋਰਚੇ ਤੱਕ ਸੀਮਿਤ ਨਹੀਂ ਹੈ, ਅਮਰੀਕਾ ਵਿੱਚ ਭਾਰਤ ਵਿਰੋਧੀ ਵੱਖਵਾਦੀ ਖਾਲਿਸਤਾਨੀ ਤੱਤਾਂ ਨੂੰ ਉਤਸ਼ਾਹਿਤ ਕਰਨਾ ਅਗਲੀ ਕੜੀ ਹੈ। ਇਸ ਮਿਸ਼ਨ ਵਿੱਚ ਉਨ੍ਹਾਂ ਦਾ ਸਾਥੀ ਸਿੱਖ ਫੋਰ ਜਸਟਿਸ ਦਾ ਗੁਰ ਪਤਵੰਤ ਪੰਨੂ ਹੈ, ਜੋ ਖ਼ਾਲਿਸਤਾਨ ਰੈਫਰੈਂਡਮ ਦੀ ਆੜ 'ਚ ਪ੍ਰਵਾਸੀ ਸਿੱਖ ਭਾਈਚਾਰੇ ਬਦਨਾਮ ਕਰਨ ਦੀ ਕੋਸ਼ਿਸ਼ ਕਰ ਰਹੇ ਹਨ।

ਪ੍ਰੋ. ਸਰਚਾਂਦ ਸਿੰਘ ਨੇ ਵਾਸ਼ਿੰਗਟਨ, ਡੀ.ਸੀ. ਵਿੱਚ ਪੰਨੂ ਅਤੇ ਉਨ੍ਹਾਂ ਦੇ ਖ਼ਾਲਿਸਤਾਨ ਸਮਰਥਕਾਂ ਦੁਆਰਾ ਕਰਵਾਏ ਜਾ ਰਹੇ ਪ੍ਰਸਤਾਵਿਤ ਅਣਅਧਿਕਾਰਤ ਰੈਫਰੈਂਡਮ ਦੀ ਸਖ਼ਤ ਅਲੋਚਨਾ ਕਰਦਿਆਂ ਕਿਹਾ ਕਿ " ਖ਼ਾਲਿਸਤਾਨ ਰੈਫਰੈਂਡਮ ਦੀ ਪੰਜਾਬ ਅਤੇ ਸਿੱਖਾਂ ਲਈ ਕੋਈ ਸਾਰਥਿਕਤਾ ਨਹੀਂ ਹੈ"।

ਪ੍ਰੋ. ਖਿਆਲਾ ਨੇ ਪੰਨੂ ਦੇ ਕਿਰਦਾਰ ਬਾਰੇ ਬੋਲਦਿਆਂ ਕਿਹਾ ਕਿ ਸਿੱਖਸ ਫਾਰ ਜਸਟਿਸ ਮਨੁੱਖੀ ਅਧਿਕਾਰ ਸਮੂਹ ਅਤੇ ਸ਼ਾਂਤੀਪੂਰਨ ਸੰਘਰਸ਼ ਹੋਣ ਦਾ ਦਾਅਵਾ ਕਰਦਾ ਹੈ, ਪਰ ਕੋਈ ਪੁੱਛ ਸਕਦਾ ਹੈ ਕਿ 15 ਅਗਸਤ ਨੂੰ ਫ਼ਰੀਦਕੋਟ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਮਾਰਨ ਦੀਆਂ ਧਮਕੀਆਂ, ਏਅਰ ਇੰਡੀਆ ਨੂੰ ਉਡਾਉਣ ਦੀਆਂ ਧਮਕੀਆਂ ਅਤੇ ਉਨ੍ਹਾਂ ਦੇ ਸਿਆਸੀ ਏਜੰਡੇ ਨੂੰ ਸਮਰਥਨ ਨਾ ਦੇਣ ਵਾਲਿਆਂ ਨੂੰ ਧਮਕੀਆਂ ਦੇਣੀਆਂ ਆਦਿ ਸਭ ਕਿਸ ਤਰਾਂ ਦਾ ਮਨੁੱਖੀ ਅਧਿਕਾਰ ਅਤੇ ਸ਼ਾਂਤਮਈ ਸੰਘਰਸ਼ ਦਾ ਹਿੱਸਾ ਹਨ?

ਉਨ੍ਹਾਂ ਕਿਹਾ ਕਿ ਹਾਲ ਹੀ ਵਿੱਚ, ਕੈਨੇਡਾ ਦੇ ਸਰੀ ਵਿੱਚ ਉੱਤਰੀ ਅਮਰੀਕਾ ਵਿੱਚ ਭਾਰਤੀ ਮੂਲ ਦੇ ਸਭ ਤੋਂ ਪੁਰਾਣੇ ਇੰਡੋ-ਕੈਨੇਡੀਅਨ ਸੀਨੀਅਰ ਸੈਂਟਰ ਦੀ ਇਮਾਰਤ 'ਤੇ ਪੰਨੂ ਵੱਲੋਂ ਖਾਲਿਸਤਾਨੀ ਦੂਤਾਵਾਸ ਦਾ ਬੈਨਰ ਲਗਾ ਕੇ ਕੀਤੇ ਗਏ ਨਜਾਇਜ਼ ਕਬਜ਼ੇ ਨੇ ਉੱਥੇ ਦੇ ਪ੍ਰਵਾਸੀ ਸਿੱਖ ਭਾਈਚਾਰੇ ਨੂੰ ਸ਼ਰਮਿੰਦਾ ਨਹੀਂ ਕੀਤਾ? ਮੈਂ ਪੰਨੂ ਨੂੰ ਪੁੱਛਣਾ ਚਾਹੁੰਦਾ ਹਾਂ ਕਿ ਅੰਮ੍ਰਿਤਸਰ ਦੇ ਸਭ ਤੋਂ ਪੁਰਾਣੇ ਹਿੰਦੂ ਮੰਦਰ ਸ਼ਿਵਾਲਾ ਭਾਈਆਂ ਦੀ ਕੰਧ 'ਤੇ ਭੜਕਾਊ ਨਾਅਰੇ ਲਿਖਵਾਉਂਦਿਆਂ ਹਿੰਦੂ ਮੰਦਰਾਂ ਨੂੰ ਨਿਸ਼ਾਨਾ ਬਣਾ ਕੇ, ਉਹ ਸਿੱਖ ਧਰਮ ਦੇ ਕਿਹੜੇ ਸਿਧਾਂਤ ਦੀ ਪਾਲਣਾ ਕਰ ਰਿਹਾ ਹੈ? ਉਸ ਨੇ ਧਾਰਮਿਕ ਅਸਥਾਨਾਂ 'ਤੇ ਹਮਲੇ ਕਰਵਾ ਕੇ ਸਿੱਖ ਧਰਮ ਦੀਆਂ ਮੂਲ ਭਾਵਨਾਵਾਂ ਦਾ ਅਪਮਾਨ ਕਰਦਿਆਂ ਆਪਣਾ ਅਸਲੀ ਚਿਹਰਾ ਬੇਨਕਾਬ ਕੀਤਾ ਹੈ।

ਪ੍ਰੋ. ਖਿਆਲਾ ਨੇ ਸਾਫ਼ ਕਿਹਾ ਕਿ ਸਿਆਸੀ ਮੰਤਵ ਲਈ ਟਰੰਪ ਦੀਆਂ ਆਰਥਿਕ ਚਾਲਾਂ ਅਤੇ ਪੰਨੂ ਦੀਆਂ ਧਾਰਮਿਕ ਤੇ ਸਭਿਆਚਾਰਕ ਵੰਡੀਆਂ ਪੈਦਾ ਕਰਨ ਦੀਆਂ ਸਾਜ਼ਿਸ਼ਾਂ ਇੱਕੋ ਰੱਥ ਦੇ ਦੋ ਪਹੀਏ ਹਨ, ਜਿਨ੍ਹਾਂ ਦਾ ਮਕਸਦ ਭਾਰਤ ਨੂੰ ਕਮਜ਼ੋਰ ਕਰਨ ਹੈ। ਉਨ੍ਹਾਂ ਕਿਹਾ ਕਿ ਪੰਥ, ਪੰਜਾਬ ਅਤੇ ਸਮੁੱਚੇ ਭਾਰਤ ਦੇ ਲੋਕਾਂ ਨੂੰ ਇਨ੍ਹਾਂ ਚਾਲਾਂ ਨੂੰ ਪਛਾਣਨਾ ਪਵੇਗਾ, ਇੱਕਜੁੱਟ ਹੋਣਾ ਪਵੇਗਾ ਅਤੇ ਇਨ੍ਹਾਂ ਮਨਸੂਬਿਆਂ ਨੂੰ ਨਾਕਾਮ ਕਰਨਾ ਪਵੇਗਾ। ਕਿਉਂਕਿ ਜਦੋਂ ਆਰਥਿਕਤਾ, ਧਰਮ ਅਤੇ ਸੱਭਿਆਚਾਰ, ਤਿੰਨੋਂ ਸੁਰੱਖਿਅਤ ਰਹਿੰਦੇ ਹਨ, ਤਾਂ ਹੀ ਰਾਸ਼ਟਰ ਮਜ਼ਬੂਤ ਅਤੇ ਅਟੱਲ ਰਹਿੰਦਾ ਹੈ।



# ਜਦੋਂ ਜੇਲ੍ਹ ਦੀਆਂ ਕੰਧਾਂ ਨੇ ਵੀ ਰੱਖੜੀ ਦੇ ਪਵਿੱਤਰ ਰਿਸ਼ਤੇ ਨੂੰ ਸਲਾਮ ਕੀਤਾ

**ਮਾਨਸਾ**
**ਸਾਂਝੀ ਸੋਚ ਬਿਊਰੋ**

ਰੱਖੜੀ ਦੇ ਪਵਿੱਤਰ ਤਿਉਹਾਰ ਮੌਕੇ ਪੰਜਾਬ ਸਰਕਾਰ ਅਤੇ ਏ.ਡੀ.ਜੀ.ਪੀ (ਜੇਲ੍ਹਾਂ) ਅਰੁਣ ਪਾਲ ਸਿੰਘ ਆਈ ਪੀ ਐਸ ਦੇ ਅਦੇਸ਼ਾਂ 'ਤੇ ਸੁਪਰਡੰਟ ਜ਼ਿਲ੍ਹਾ ਜੇਲ੍ਹ ਮਾਨਸਾ ਨਵਇੰਦਰ ਸਿੰਘ ਦੀ ਅਗਵਾਈ ਹੇਠ ਜ਼ਿਲ੍ਹਾ ਜੇਲ੍ਹ ਮਾਨਸਾ ਵਿਖੇ ਵਿਸ਼ੇਸ਼ ਸਮਾਜਿਕ ਤੇ ਭਾਵਨਾਤਮਕ ਸਮਾਗਮ ਦਾ ਆਯੋਜਨ ਕੀਤਾ ਗਿਆ। ਜਿਸ ਦੌਰਾਨ ਜੇਲ੍ਹ ਅੰਦਰ ਬੰਦ ਮਰਦ ਅਤੇ ਔਰਤ ਬੰਦੀਆਂ ਨੂੰ ਬਾਹਰੋਂ ਮਿਲਣ ਆਏ ਭੈਣ/ਭਰਾਵਾਂ ਦੇ ਰੱਖੜੀ ਬੰਨਣ ਲਈ ਵਿਸ਼ੇਸ਼ ਇਜਾਜ਼ਤ ਦਿੱਤੀ ਗਈ। ਇਸ ਸਮਾਗਮ ਦਾ ਉਦੇਸ਼ ਮਨੁੱਖੀ ਸੰਵੇਦਨਾਵਾਂ ਨੂੰ ਸਮਝਦਿਆਂ, ਭੈਣ-ਭਰਾ ਦੇ ਪਵਿੱਤਰ ਰਿਸ਼ਤੇ ਨੂੰ ਮਜ਼ਬੂਤ ਕਰਨਾ ਸੀ। ਸਵੇਰੇ ਤੋਂ ਹੀ ਕਈ ਭੈਣ/ਭਰਾ ਜੇਲ੍ਹ 'ਚ ਪਹੁੰਚੇ ਅਤੇ ਆਪਣੇ ਭਰਾਵਾਂ ਨੂੰ ਰੱਖੜੀ ਬੰਨ ਕੇ, ਉਨ੍ਹਾਂ ਦੀ ਲੰਮੀ ਉਮਰ ਅਤੇ ਚੰਗੇ ਭਵਿੱਖ ਦੀ ਅਰਦਾਸ ਕੀਤੀ। ਇਸ ਸਮਾਗਮ ਨੇ



ਨਾ ਸਿਰਫ਼ ਬੰਦੀਆਂ ਦੀਆਂ ਅੱਖਾਂ ਨੂੰ ਨਮੀ ਦਿੱਤੀ, ਸਗੋਂ ਜੇਲ੍ਹ ਦੀਆਂ ਠੰਢੀਆਂ ਕੰਧਾਂ ਨੂੰ ਵੀ ਭੈਣ-ਭਰਾ ਦੇ ਪਿਆਰ ਦੀ ਗਰਮੀ ਮਹਿਸੂਸ ਕਰਵਾ ਦਿੱਤੀ ਅਤੇ ਇਹ ਮਾਹੌਲ ਬੰਦੀਆਂ ਲਈ ਤਣਾਅ ਮੁਕਤ ਬਣਿਆ। ਇਸ ਦੌਰਾਨ ਜੇਲ੍ਹ ਦੇ ਸੁਰੱਖਿਆ ਪ੍ਰਬੰਧ, ਮਿਲਣ ਆਏ ਪਰਿਵਾਰਕ ਮੈਂਬਰਾਂ ਲਈ ਖਾਸ ਚਾਹ ਦਾ ਇੰਤਜ਼ਾਮ, ਆਰਾਮਦਾਇਕ ਵਾਤਾਵਰਣ, ਮਿਠਾਈ ਆਦਿ ਦਾ ਪ੍ਰਬੰਧ ਸ਼ਾਮਿਲ ਸੀ। ਸੁਰੱਖਿਆ ਦੇ ਮੁਕੰਮਲ ਪ੍ਰਬੰਧਾਂ ਹੇਠ, ਭੈਣਾਂ ਨੂੰ ਆਪਣੇ ਭਰਾਵਾਂ ਨਾਲ ਮਿਲਵਾਇਆ ਗਿਆ। ਭੈਣਾਂ ਨੇ ਰੱਖੜੀ ਬੰਨ੍ਹ ਕੇ ਉਨ੍ਹਾਂ ਦੀ ਲੰਮੀ ਉਮਰ ਦੀ ਅਰਦਾਸ ਕੀਤੀ ਤਾਂ ਉਹ ਪਲ ਹਰ ਦਿਲ ਨੂੰ ਛੂਹਣ ਵਾਲੇ ਸਨ। ਸੁਪਰਡੰਟ ਜੇਲ੍ਹ ਨਵਇੰਦਰ ਸਿੰਘ ਨੇ ਇਸ ਵਿਸ਼ੇਸ਼ ਮੌਕੇ 'ਤੇ ਕਿਹਾ ਕਿ "ਇਹ ਤਿਉਹਾਰ ਕੇਵਲ ਧਾਗੇ ਬੰਨ੍ਹਣ ਦਾ ਨਹੀਂ, ਸਗੋਂ ਰਿਸ਼ਤਿਆਂ ਨੂੰ ਨਵੇਂ ਅਰਥ ਦੇਣ ਦਾ ਮੌਕਾ ਹੈ। ਅਸੀਂ ਚਾਹੁੰਦੇ ਹਾਂ ਕਿ ਇਨ੍ਹਾਂ ਬੰਦੀਆਂ ਦੀ ਜ਼ਿੰਦਗੀ 'ਚ ਸੁਧਾਰ ਆਵੇ ਅਤੇ ਰੱਖੜੀ ਵਰਗੇ ਪਵਿੱਤਰ

# ਚੋਣ ਕਮਿਸ਼ਨ ਵੱਲੋਂ 334 ਗ਼ੈਰ-ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਨੂੰ ਸੂਚੀ 'ਚੋਂ ਹਟਾਇਆ

**ਨਵੀਂ ਦਿੱਲੀ**
**ਸਾਂਝੀ ਸੋਚ ਬਿਊਰੋ**

ਭਾਰਤੀ ਚੋਣ ਕਮਿਸ਼ਨ ਨੇ ਸ਼ਨਿੱਚਰਵਾਰ ਨੂੰ ਕਿਹਾ ਕਿ ਉਸ ਨੇ 6 ਸਾਲਾਂ ਤੋਂ ਵੱਧ ਸਮੇਂ ਤੋਂ ਚੋਣਾਂ ਲੜਨ ਵਿਚ ਨਾਕਾਮ ਰਹਿਣ ਅਤੇ ਆਰ.ਪੀ. ਐਕਟ, 1951 ਦੀ ਧਾਰਾ 29ਏ ਤਹਿਤ ਲਾਜ਼ਮੀ ਖੁਲਾਸੇ ਦੇ ਨਿਯਮਾਂ ਦੀ ਪਾਲਣਾ ਨਾ ਕੀਤੇ ਜਾਣ ਕਾਰਨ 334 ਰਜਿਸਟਰ ਗ਼ੈਰ-ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ (ਆਰ.ਯੂ.ਪੀ.ਪੀ.ਐੱਸ.) ਨੂੰ ਸੂਚੀ ਵਿਚੋਂ ਹਟਾ ਦਿੱਤਾ ਹੈ। ਇਨ੍ਹਾਂ ਪਾਰਟੀਆਂ ਦੇ ਦਫ਼ਤਰਾਂ ਦਾ ਵੀ ਪਤਾ ਨਹੀਂ ਲੱਗ ਸਕਿਆ। ਚੋਣ ਕਮਿਸ਼ਨ ਨੇ ਇੱਕ ਬਿਆਨ ਵਿਚ ਕਿਹਾ ਕਿ ਇਹ 334 ਰਜਿਸਟਰਡ ਗੈਰ-ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੇਸ਼ ਦੇ ਵੱਖ-ਵੱਖ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨਾਲ ਸਬੰਧਤ ਹਨ। ਕੁੱਲ 2,854 ਰਜਿਸਟਰਡ ਗੈਰ-ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਵਿਚੋਂ ਸੋਧ ਮੁਹਿੰਮ ਮਗਰੋਂ 2,520 ਹੀ ਰਹਿ ਗਈਆਂ ਹਨ। ਇਸ ਸਮੇਂ 6 ਕੌਮੀ ਪਾਰਟੀਆਂ ਅਤੇ 67 ਸੂਬਾਈ ਪਾਰਟੀਆਂ ਹਨ। ਸਿਆਸੀ ਪਾਰਟੀਆਂ ਨੂੰ ਹਰ 6 ਸਾਲਾਂ ਵਿਚ ਘੱਟੋ-ਘੱਟ ਇੱਕ ਵਾਰ ਚੋਣਾਂ ਲੜਨੀਆਂ ਹੁੰਦੀਆਂ ਹਨ ਅਤੇ ਆਪਣੇ ਨਾਮ, ਪਤੇ ਜਾਂ ਅਹੁਦੇਦਾਰਾਂ ਵਿਚ ਕਿਸੇ ਵੀ ਤਬਦੀਲੀ ਬਾਰੇ ਕਮਿਸ਼ਨ ਨੂੰ ਫੌਰੀ ਸੂਚਿਤ ਕਰਨਾ ਹੁੰਦਾ ਹੈ।




ਜੂਨ 2025 ਵਿਚ, ਚੋਣ ਕਮਿਸ਼ਨ (ਈ.ਸੀ.ਆਈ.) ਨੇ ਸੂਬੇ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਮੁੱਖ ਚੋਣ ਅਧਿਕਾਰੀਆਂ (ਸੀ.ਈ.ਓਜ਼) ਨੂੰ 345 ਰਜਿਸਟਰਡ ਗ਼ੈਰ-ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ (ਆਰ.ਯੂ.ਪੀ.ਪੀ.ਐੱਸ.) ਦੀ ਪਾਲਣਾ ਦੀ ਪੁਸ਼ਟੀ ਕਰਨ ਦਾ ਨਿਰਦੇਸ਼ ਦਿੱਤਾ ਸੀ। ਮੁੱਖ ਚੋਣ ਅਧਿਕਾਰੀਆਂ (ਸੀ.ਈ.ਓਜ਼) ਨੇ ਜਾਂਚ ਕੀਤੀ, ਕਾਰਨ ਦੱਸੋ ਨੋਟਿਸ ਜਾਰੀ ਕੀਤੇ ਅਤੇ ਨਿੱਜੀ ਸੁਣਵਾਈ ਦੌਰਾਨ ਧਿਰਾਂ ਨੂੰ ਆਪਣਾ ਪੱਖ ਪੇਸ਼ ਕਰਨ ਦੀ ਇਜਾਜ਼ਤ ਦਿੱਤੀ। ਤਸਦੀਕ ਦੌਰਾਨ 334 ਰਜਿਸਟਰਡ ਗ਼ੈਰ-ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਵੱਲੋਂ ਨਿਯਮਾਂ ਦੀ ਉਲੰਘਣਾ ਕੀਤੀ ਗਈ, ਜਦੋਂਕਿ ਬਾਕੀ ਕੇਸਾਂ ਨੂੰ ਮੁੜ ਤਸਦੀਕ ਲਈ ਵਾਪਸ ਭੇਜ ਦਿੱਤਾ ਗਿਆ। ਪੜਤਾਲ ਮਗਰੋਂ ਚੋਣ ਕਮਿਸ਼ਨ ( ਨੇ ਇਨ੍ਹਾਂ 334 ਰਜਿਸਟਰਡ ਗ਼ੈਰ-ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ (ਆਰ.ਯੂ.ਪੀ.ਪੀ.ਐੱਸ.) ਨੂੰ ਆਪਣੀ ਸੂਚੀ ਵਿਚੋਂ ਹਟਾ ਦਿੱਤਾ। ਇਸ ਤਰ੍ਹਾਂ ਕੁੱਲ ਰਜਿਸਟਰਡ ਪਾਰਟੀਆਂ ਦੀ ਗਿਣਤੀ 2,520 ਰਹਿ ਗਈ। ਚੋਣ ਕਮਿਸ਼ਨ ਨੇ ਕਿਹਾ ਕਿ ਸੂਚੀ ਤੋਂ ਹਟਾਈਆਂ ਗਈਆਂ ਪਾਰਟੀਆਂ ਹੁਣ ਈ.ਸੀ.ਆਈ. ਨਿਯਮਾਂ ਦੇ ਤਹਿਤ ਲਾਭਾਂ ਅਤੇ ਮਾਨਤਾ ਲਈ ਯੋਗ ਨਹੀਂ ਹੋਣਗੀਆਂ। ਇਹ ਕਦਮ ਚੋਣ ਪ੍ਰਣਾਲੀ ਨੂੰ ਸਾਫ਼-ਸੁਥਰਾ ਬਣਾਉਣ ਅਤੇ ਰਜਿਸਟਰਡ ਸਿਆਸੀ ਸੰਗਠਨਾਂ ਦਰਮਿਆਨ ਵਧੇਰੇ ਜਵਾਬਦੇਹੀ ਯਕੀਨੀ ਬਣਾਉਣ ਲਈ ਚੋਣ ਕਮਿਸ਼ਨ ਦੀ ਵਿਆਪਕ ਅਤੇ ਨਿਰੰਤਰ ਮੁਹਿੰਮ ਦਾ ਹਿੱਸਾ ਹੈ।

**ਰੱਬਾ ਇੰਨੇ ਜੋਗਾ ਕਰਦੇ ਕਿ ਲੋਕ ਕਹਿਣ ਇੰਨੇ ਜੋਗਾ ਕਿੱਥੇ ਸੀ...**


IAPW
INTERNATIONAL ASSOCIATION of PUNJABI WOMEN
Teeyan DA MELA
27TH ANNUAL
ONE N ONE ONLY
YUBA CITY
Since 1999
KARKE FLY AAWAN with JASMEEN AKHTAR
KAALI ACTIVA with RUPINDER HANDA
Mela Melna Da
AUGUST 31ST 2025
YUBA SUTTER FAIR GROUNDS
442 FRANKLIN AVEYUBA CITY, CA 95991
FOR PARTICIPATION, BOOTH BOOKINGS N SPONSORSHIP, PLEASE CONTACT
PARM TAKHAR
CALL (530) 845-4800
PARM TAKHAR (HOST)
JOT RANJIT KAUR (HOST)
KIRAT TAKHAR
NEETU HUNDAL
NAVI GILL
SITAL GURAYA
JAGDEEP DHILLON
PINNU BRAR
LOVELEEN SAMRA
SUKHY JHUTTY
HARDEEP BINNING
JASWANT DHILLON
MANINDER MAAN
MANDEEP KAUR
BAL SINDAL
HARNOOR KAUR
MADHUPREET KAUR
SHIVPREET BIHALA
SUKHNANDAN K LALLY

# ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ-ਸਰਲ ਵਿਆਖਿਆ

**ਅੰਗ 13**

ਰਾਗੁ ਧਨਾਸਰੀ ਮਹਲਾ ੧ ॥

ਗਗਨ ਮੈ ਥਾਲੁ ਰਵਿ ਚੰਦੁ ਦੀਪਕ ਬਨੇ ਤਾਰਿਕਾ ਮੰਡਲ ਜਨਕ ਮੋਤੀ ॥ ਧੂਪੁ ਮਲਆਨਲੋ ਪਵਣੁ ਚਵਰੋ ਕਰੇ ਸਗਲ ਬਨਰਾਇ ਫੂਲੰਤ ਜੋਤੀ ॥੧॥ ਕੈਸੀ ਆਰਤੀ ਹੋਇ ॥ ਭਵ ਖੰਡਨਾ ਤੇਰੀ ਆਰਤੀ ॥ ਅਨਹਤਾ ਸਬਦ ਵਾਜੰਤ ਭੇਰੀ ॥੧॥ ਰਹਾਉ ॥ ਸਹਸ ਤਵ ਨੈਨ ਨਨ ਨੈਨ ਹਹਿ ਤੋਹਿ ਕਉ ਸਹਸ ਮੂਰਤਿ ਨਨਾ ਏਕ ਤੁੋਹੀ ॥ ਸਹਸ ਪਦ ਬਿਮਲ ਨਨ ਏਕ ਪਦ ਗੰਧ ਬਿਨੁ ਸਹਸ ਤਵ ਗੰਧ ਇਵ ਚਲਤ ਮੋਹੀ ॥੨॥ ਸਭ ਮਹਿ ਜੋਤਿ ਜੋਤਿ ਹੈ ਸੋਇ ॥ ਤਿਸ ਦੈ ਚਾਨਣਿ ਸਭ ਮਹਿ ਚਾਨਣੁ ਹੋਇ ॥ ਗੁਰ ਸਾਖੀ ਜੋਤਿ ਪਰਗਟੁ ਹੋਇ ॥ ਜੋ ਤਿਸੁ ਭਾਵੈ ਸੁ ਆਰਤੀ ਹੋਇ ॥੩॥ ਹਰਿ ਚਰਣ ਕਵਲ ਮਕਰੰਦ ਲੋਭਿਤ ਮਨੋ ਅਨਦਿਨੋ ਮੋਹਿ ਆਹੀ ਪਿਆਸਾ ॥ ਕ੍ਰਿਪਾ ਜਲੁ ਦੇਹਿ ਨਾਨਕ ਸਾਰਿੰਗ ਕਉ ਹੋਇ ਜਾ ਤੇ ਤੇਰੈ ਨਾਇ ਵਾਸਾ ॥੪॥੩॥ {ਪੰਨਾ 13}

- ਉਪਰੋਕਤ ਸ਼ਬਦ {ਆਰਤੀ} ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਰਚਿਤ ਰਾਗ ਧਨਾਸਰੀ ਵਿੱਚ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਅੰਕਿਤ ਹੈ।
- ਭਾਵ ਅਰਥ:-

ਉਪਰੋਕਤ ਸਬਦ ਰਾਹੀਂ ਗੁਰੂ ਨਾਨਕ ਦੇਵ ਜੀ ਨੇ ਆਰਤੀ ਦੀ ਸਜਾਈ ਜਾਂਦੀ ਥਾਲੀ ਜੋ ਕਿ ਦੇਵੀ ਦੇਵਤਿਆਂ ਦੇ ਅੱਗੇ ਪੇਸ਼ ਕੀਤੀ ਜਾਂਦੀ ਹੈ,ਦੇ ਕੁਦਰਤ ਵਿੱਚ ਹੋ ਰਹੇ ਵਰਤਾਰੇ ਦੇ ਰੂਪ ਵਿੱਚ ਬਿਆਨ ਕੀਤਾ ਹੈ।

ਆਕਾਸ਼ ਮੰਨੋ,ਇੱਕ ਆਰਤੀ ਦਾ ਥਾਲ ਹੈ ,ਜਿਸ ਵਿੱਚ ਚੰਦ ਤੇ ਸੂਰਜ ਦੋ ਦੀਵੇ ਸਜਾਏ ਗਏ ਹਨ ਤੇ ਤਾਰੇ ਮੋਤੀਆਂ ਦੇ ਤੌਰ ਤੇ ਰੱਖੇ ਗਏ ਹਨ। ਮਲਿਆਗਰ ਪਰਬਤ ਵੱਲੋ ਚੰਦਨ {ਉਥੇ ਰੁੱਖ ਹੋਣ} ਦੇ ਹੋਣ ਕਾਰਨ , ਆਉਂਦੀ ਸੁਗੰਧਿਤ ਹਵਾ ,ਧੂਫ ਦੀ ਥਾਂ ਹੈ,ਚੱਲ ਰਹੀ ਹਵਾ ,ਚਵਰ ਝੁਲਾ ਰਹੀ ,ਹੈ ਜਦੋਂ ਕਿ ਸਾਰੀ ਬਨਸਪਤੀ ,ਇਸ ਥਾਲੀ ਵਿੱਚ ਫੁੱਲਾਂ ਦਾ ਕੰਮ ਕਰ ਰਹੇ ਹੈ। ਹੇ! ਜਨਮ ਮਰਨ ਦੇ ਗੇੜ ਵਿਚੋਂ ਕੱਢਣ ਵਾਲੇ ਦਾਤਾ ਤੇਰੀ ਇਹ ਆਰਤੀ ਅਦਭੁਤ ਸੁੰਦਰ ਹੈ। ਇਸ ਵਿੱਚ ਮਨ ਤੋਂ ਉਪਜੀ, ਬਿਨਾਂ ਵਜਾਏ ਨਗਾਰੇ ਦੀ ਮਨਮੋਹਕ ਆਵਾਜ ਗੂੰਜ ਰਹੀ ਹੈ॥ ਰਹਾਉ॥ ਅੱਗੇ ਮਨ ਨੂੰ ਵਿਸਮਿਕ ਕਰਨ ਵਾਲੀ ਗੱਲ ਸਤਿਗੁਰੂ ਨੇ ਅੰਕਿਤ ਕੀਤੀ ਹੈ,ਜੋ ਉਸ ਅਕਾਲ ਪੁਰਖ ਦੇ ਆਕਾਰ ਤੇ ਨਿਰੰਕਾਰ ਦੋਨਾਂ ਸਰੂਪਾਂ ਦਾ ਇਕੱਠਾ ਵਰਨਣ ਕਰਦੀ ਹੈ । ਕਿ ਹੇ! ਪ੍ਰਭੂ ਆਕਾਰ ਰੂਪ ਵਿੱਚ ਤੇਰੀਆਂ ਲੱਖਾਂ,ਕੱਨ, ਪੈਰ, ਲੱਤਾਂ ,ਅੱਖਾਂ ,ਹੱਥ ਹਨ ਪਰ ਦੂਜੇ ਪਾਸੇ ਨਿਰਾਕਾਰ ਰੂਪ ਵਿੱਚ ਤੇਰਾ ਕੋਈ ਸਰੀਰ ਅਤੇ ਕੋਈ ਅੰਗ ਹੈ। ਮੈਂ ਤੇਰੀ ਇਸ ਲੀਲਾ ਤੋਂ ਆਸਚਰਿਯ ਚਕਿਤ ਤੇ ਵਿਸਮਾਦ ਵਿੱਚ ਹਾਂ। ਹਰ ਜੀਵ ਵਿੱਚ ਉਸ ਇੱਕ ਜੋਤ ਦਾ ਹੀ ਵਾਸਾ ਹੈ,ਆਪਦੀ ਦਿੱਤੀ ਰੌਸ਼ਨੀ {ਸੂਝ} ਨਾਲ ਹੀ ਦੁਨੀਆਂ ਚਲ ਰਹੀ ਹੈ,ਪਰ ਇਹ ਗਿਆਨ ਗੁਰੂ ਤੋਂ ਹੀ ਮਿਲ ਸਕਦਾ ਹੈ, ਉਸੇ ਰਾਹੀਂ ਚਾਨਨਾ ਹੁੰਦਾ ਹੈ ਕਿ ਪ੍ਰਭੂ ਇਕਜੋਤ ਹੈ। ਕੁਦਰਤ ਰੂਪ ਵਿੱਚ ਹੋ ਰਿਹਾ ਵਰਤਾਰਾ ਇੱਕ ਆਰਤੀ ਹੈ ਤੇ ਇਹ "ਉਸਨੂੰ" ਚੰਗੀ ਲੱਗਦੀ ਹੈ। ਨਾਨਕ ਦਾਸ ਅਰਜ਼ੋਈ ਕਰਦੇ ਹਨ ! ਹੇ ਪ੍ਰਭੂ, ਮੈਨੂੰ ਆਪਦੇ ,ਕਵਲ ਫੁੱਲਾਂ ਜਿਹੇ ਚਰਨ ਸਪਰਸ਼ ਕਰਨ ਦੀ ਤਾਂਘ ਹੈ,ਇਸਦੀ ਪਿਆਸ ਹੈ । ਮੈਨੂੰ ਨਾਨਕ! ਪਪੀਹੇ ਨੂੰ ਆਪਣੀ ਮਿਹਰ ਦਾ ਜਲ ਦੇ ਕੇ ਨਿਹਾਲ ਕਰੋ ।

ਰਾਗੁ ਗਉੜੀ ਪੂਰਬੀ ਮਹਲਾ ੪ ॥

ਕਾਮਿ ਕਰੋਧਿ ਨਗਰੁ ਬਹੁ ਭਰਿਆ ਮਿਲਿ ਸਾਧੂ ਖੰਡਲ ਖੰਡਾ ਹੇ ॥ ਪੂਰਬਿ ਲਿਖਤ ਲਿਖੇ ਗੁਰੁ ਪਾਇਆ ਮਨਿ ਹਰਿ ਲਿਵ ਮੰਡਲ ਮੰਡਾ ਹੇ ॥੧॥ ਕਰਿ ਸਾਧੂ ਅੰਜੁਲੀ ਪੁਨੁ ਵਡਾ ਹੇ ॥ ਕਰਿ ਡੰਡਉਤ ਪੁਨੁ ਵਡਾ ਹੇ ॥੧॥ ਰਹਾਉ ॥ ਸਾਕਤ ਹਰਿ ਰਸ ਸਾਦੁ ਨ ਜਾਣਿਆ ਤਿਨ ਅੰਤਰਿ ਹਉਮੈ ਕੰਡਾ ਹੇ ॥ ਜਿਉ ਜਿਉ ਚਲਹਿ ਚੁਭੈ ਦੁਖੁ ਪਾਵਹਿ ਜਮਕਾਲੁ ਸਹਹਿ ਸਿਰਿ ਡੰਡਾ ਹੇ ॥੨॥ ਹਰਿ ਜਨ ਹਰਿ ਹਰਿ ਨਾਮਿ ਸਮਾਣੇ ਦੁਖੁ ਜਨਮ ਮਰਣ ਭਵ ਖੰਡਾ ਹੇ ॥ ਅਬਿਨਾਸੀ ਪੁਰਖੁ ਪਾਇਆ ਪਰਮੇਸਰੁ ਬਹੁ ਸੋਭ ਖੰਡ ਬ੍ਰਹਮੰਡਾ ਹੇ ॥੩॥ ਹਮ ਗਰੀਬ ਮਸਕੀਨ ਪ੍ਰਭ ਤੇਰੇ ਹਰਿ ਰਾਖੁ ਰਾਖੁ ਵਡ ਵਡਾ ਹੇ ॥ ਜਨ ਨਾਨਕ ਨਾਮੁ ਅਧਾਰੁ ਟੇਕ ਹੈ ਹਰਿ ਨਾਮੇ ਹੀ ਸੁਖੁ ਮੰਡਾ ਹੇ ॥੪॥੪॥ {ਪੰਨਾ 13}

- ਉਪਰੋਕਤ ਪਵਿੱਤਰ ਬਾਣੀ ,ਚੌਥੇ ਨਾਨਕ ,ਸਾਹਿਬ ਸ਼੍ਰੀ ਗੁਰੂ ਰਾਮਦਾਸ ਸਾਹਿਬ ਦੁਆਰਾ ਰਚੀ ਗਈ ਹੈ। ਰਾਗ ਹੈ ਗੌੜੀ ਪੂਰਵੀ।
- ਭਾਵ ਅਰਥ:-

ਹੇ ਅਕਾਲ ਪੁਰਖੁ, ਨਗਰਾਂ ਦੇ ਨਗਰਾਂ ਵਿੱਚ ਕਾਮ ,ਕ੍ਰੋਧ ਜਿਹੇ ਵਿਕਾਰਾਂ ਦਾ ਧਲੱਲੇ ਨਾਲ ਬੋਲ ਬਾਲਾ ਹੈ, ਜਿਸਦਾ ਖਾਤਮਾ ਸਾਧਸੰਗਤਿ ਨਾਲ ਹੀ ਹੋ ਸਕਦਾ ਹੈ। ਜਿਸ ਮਨੁੱਖ ਨੂੰ ਕਰਮਾਂ ਨਾਲ ਗੁਰੂ ਦਾ ਮਿਲਾਪ ਹੋ ਜਾਂਦਾ ਹੈ , ਉਸਨੂੰ ਸਦਗੁਣਾਂ ਦੀ ਸਿਖਿਆ ਮਿਲਣ ਨਾਲ , ਵਾਹਿਗੁਰੂ ਦਾ ਮਾਰਗ ਮਿਲ ਜਾਂਦਾ ਹੈ ਤੇ ਉਹ ਇਨਾਂ ਵਿਕਾਰਾਂ ਤੋਂ ਬਚ ਜਾਂਦਾ ਹੈ।ਹੇ! ਭਾਈ ਗੁਰੂ ਅੱਗੇ ਜੋਦੜੀ ਕਰ,ਡੰਡਉਤ ਨਮਨ ਕਰ,ਇਹ ਬਹੁਤ ਵੱਡਾ ਨੇਕ ਕਾਰਜ ਹੈ। ਸੱਚੇ ਪਾਤਸ਼ਾਹ ਨਾਲੋਂ ਟੁੱਟੇ ਮਨੁੱਖ ਉਸਦੇ ਆਸ਼ੀਰਵਾਦ ਦਾ ਸਵਾਦ ਨਹੀਂ ਮਾਣ ਸਕਦੇ। ਉਨਾਂ ਦੇ ਮਨ ਵਿੱਚ ਮਾਨੋ ਹੰਕਾਰ ਦਾ ਕੰਡਾ ਚੁਭਿਆ ਹੈ। ਜਿਵੇਂ ਜਿਵੇਂ ਉਨਾਂ ਦਾ ਜੀਵਨ ਲੰਘਦਾ ਹੈ ,ਦੁਖਾਂ ਦੇ ਰੂਪ ਵਿੱਚ ਉਹੀ ਕੰਡਾ ਚੁੱਭਦਾ ਜਾਂਦਾ ਹੈ। ਇਸ ਤਰਾਂ ਆਤਮਿਕ ਮੌਤ ਦਾ ਭਉ ਉਨਾਂ ਉੱਤੇ ਬਣਿਆ ਰਹਿੰਦਾ ਹੈ।

ਦੂਜੇ ਪਾਸੇ ਉਸ ਉੱਤਮ ਪੁਰਖ ਦੀ ਸਿਫਤ ਸਾਲਾਹ ਨਾਲ ਜੁੜੇ ਰਹਿਣ ਵਾਲੇ ਚਰਾਸੀ ਦਾ ਗੇੜ ਕੱਟ ਜਾਂਦੇ ਹਨ। ਉਨ੍ਹਾਂ ਨੂੰ ਉਹ ਅਕਾਲ ਮੂਰਤਿ ਸਰਬਵਿਆਪੀ ਪ੍ਰਭੂ ਹਾਸਿਲ ਹੋ ਜਾਂਦਾ ਹੈ।ਅਜਿਹੇ ਅਭਿਲਾਸ਼ੀਆਂ ਦੀ ਚਰਚਾ ਖੰਡਾ ਬ੍ਰਹਿਮੰਡਾਂ ਵਿੱਚ ਉਜਾਗਰ ਹੋ ਜਾਂਦੀ ਹੈ।ਹੇ! ਪ੍ਰਭੂ ਅਸੀਂ ਜੀਵ ,ਤੇਰੇ ਦਰ ਦੇ ਭਿਖਾਰੀ ,ਤੂ ਵੱਡਦਾਨਾ ਹੈਂ,ਸਾਨੂੰ ਇਸ ਦੂਜੇ ਭਾਵ{ ਮਾਇਆ,ਦੇ ਵਿਕਾਰਾਂ ਆਦਿਕ} ਤੋਂ ਬਚਾ ਲੈ । ਹੇ !ਦਾਤਾ ਤੇਰੇ ਦਾਸ ਨਾਨਕ ਨੂੰ ਤੇਰੀ ਹੀ ਅਧਾਰ ਟੇਕ ਹੈ, ਤੇਰੇ ਹੀ ਨਾਮ ਦਾ ਆਸਰਾ ਹੈ ਤੇ ਇਸੇ ਵਿੱਚ ਸਾਰੇ ਸੁੱਖ ਹਨ।

ਰਾਗੁ ਗਉੜੀ ਪੂਰਬੀ ਮਹਲਾ ੫ ॥

ਕਰਉ ਬੇਨੰਤੀ ਸੁਣਹੁ ਮੇਰੇ ਮੀਤਾ ਸੰਤ ਟਹਲ ਕੀ ਬੇਲਾ ॥ ਈਹਾ ਖਾਟਿ ਚਲਹੁ ਹਰਿ ਲਾਹਾ ਆਗੈ ਬਸਨੁ ਸੁਹੇਲਾ ॥੧॥ ਅਉਧ ਘਟੈ ਦਿਨਸੁ ਰੈਣਾਰੇ ॥ ਮਨ ਗੁਰ ਮਿਲਿ ਕਾਜ ਸਵਾਰੇ ॥੧॥ ਰਹਾਉ ॥ ਇਹੁ ਸੰਸਾਰੁ ਬਿਕਾਰੁ ਸੰਸੇ ਮਹਿ ਤਰਿਓ ਬ੍ਰਹਮ ਗਿਆਨੀ ॥ ਜਿਸਹਿ ਜਗਾਇ ਪੀਆਵੈ ਇਹੁ ਰਸੁ ਅਕਥ ਕਥਾ ਤਿਨਿ ਜਾਨੀ ॥੨॥ ਜਾ ਕਉ ਆਏ ਸੋਈ ਬਿਹਾਝਹੁ ਹਰਿ ਗੁਰ ਤੇ ਮਨਹਿ ਬਸੇਰਾ ॥ ਨਿਜ ਘਰਿ ਮਹਲੁ ਪਾਵਹੁ ਸੁਖ ਸਹਜੇ ਬਹੁਰਿ ਨ ਹੋਇਗੋ ਫੇਰਾ ॥੩॥ ਅੰਤਰਜਾਮੀ ਪੁਰਖ ਬਿਧਾਤੇ ਸਰਧਾ ਮਨ ਕੀ ਪੂਰੇ ॥ ਨਾਨਕ ਦਾਸੁ ਇਹੈ ਸੁਖੁ ਮਾਗੈ ਮੋ ਕਉ ਕਰਿ ਸੰਤਨ ਕੀ ਧੂਰੇ ॥੪॥੫॥ {ਪੰਨਾ 13}

- ਉਪਰੋਕਤ ਪਾਵਨ ਸ਼ਬਦ ਸਾਹਿਬ ਸ਼੍ਰੀ ਗੁਰੂ ਅਰਜੁਨ ਦੇਵ ਜੀ ਮਹਾਰਾਜ ਦੀ ਪਵਿੱਤਰ ਰਸਨਾ ਤੋਂ ਉਚਾਰਿਆ ,ਗੌੜੀ ਪੂਰਵੀ ਰਾਗ ਵਿਚ, ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਹੈ।
- ਭਾਵ ਅਰਥ:-

ਹੇ ਮੇਰੇ ਸੱਜਣ , ਮਿੱਤਰ ਭਾਈ ,ਮੈਂ ਬੇਨਤੀ ਗੁਜ਼ਾਰਦਾ ਹਾਂ ,ਕਿ ਇਹ ਸੁੰਦਰ ਜਨਮ ,ਜਿਹੜਾ ਸਾਨੂੰ ਪਰਮਾਤਮਾ ਤੋਂ ਬਖਸ਼ਿਸ਼ ਹੋਇਆ ਹੈ ,ਇਹ ਸਤਿਗੁਰੂ ਦੀ ਸੇਵਾ ਭਾਵ ਗੁਰੂ ਤੋਂ ਗਿਆਨ ਹਾਸਿਲ ਕਰਨ ਵਾਸਤੇ ਮਿਲਿਆ ਹੈ। ਸਤਿਗੁਰੂ ਨਾਲ ਜੁੜਕੇ,ਅਕਾਲ ਪੁਰਖ ਵਾਹਿਗੁਰੂ ਦੀ ਸਿਫਤ ਸਲਾਹ ਦੇ ਮਾਰਗ ਤੇ ਚੱਲਣਾ ਸਿੱਖ,ਤਾਂਕਿ ਤੇਰਾ ਜੀਵਨ ਆਵਾਗਵਣ ਦੇ ਚੱਕਰਾਂ ਵਿਚੋਂ ਨਿੱਕਲ ਸਕੇ। ਇਸਲਈ ਇਸ ਉੱਤਮ ਜੂੰਨੀ ਦਾ ਫਾਇਦਾ ਉਠਾ। ਦਿਨ ਰਾਤ ਉਮਰ ਘਟਦੀ ਜਾਂਦੀ ਹੈ,ਵਕਤ ਰਹਿੰਦਿਆਂ ਹੀ ਆਪਣਾ ਜੀਵਨ ਸੁਧਾਰ ਲੈ॥ ਰਹਾਉ॥ਇਹ ਦੁਨੀਆਂ ਬਿਨਾਂ ਮਤਲਬ ਦੇ ਕੰਮਾਂ ਵਿੱਚ ਉਲਝੀ ਹੋਈ ਹੈ,ਤੇ ਇਨਾਂ ਉਲਝੇਵਿਆਂ ਤੋਂ ਜਿਹੜੇ ਮਨੁੱਖ ਪਰੇ ਹੋ ਜਾਂਦੇ ਹਨ,ਪ੍ਰਭੂ ਨਾਲ ਲਿਵ ਜੋੜ ਲੈਂਦੇ ਹਨ,ਉਹੀ ਉੱਤਮ ਪਦਵੀ ,{ ਬ੍ਰਹਮ ਗਿਆਨ } ਪਾ ਲੈਂਦੇ ਹਨ। ਇਹ ਮਨੁੱਖ ਪਰਮਾਤਮਾ ਦੀ ਸੰਪੂਰਣ ਜਾਣਕਾਰੀ ਤੋਂ ਦੂਰ ਹੈ,ਜਿਸ ਉਪਰ ਉਹ ਮਿਹਰਬਾਨ ਹੁੰਦਾ ਹੈ, ਉਸਨੂੰ ਹੀ ਆਪਣੇ ਨਾਮ ਦਾ ਅਮ੍ਰਿਤ ਰਸ ਬਖਸ਼ਦਾ ਹੈ । ਹੇ! ਪੁਰਖ, ਜਿਸ ਕੰਮ {ਪ੍ਰਭੂ ਭਗਤੀ} ਲਈ ਆਏ ਹੋ,ਉਹੀ ਵਣਜ ਕਰੋ। ਹਰਿ ਨਾਮ ਗੁਰੂ ਜੀ ਰਾਹੀਂ ਮਨ ਵਿੱਚ ਵੱਸ ਸਕਦਾ ਹੈ। ਇਸਤਰਾਂ ਆਤਮਿਕ ਅਡੋਲਤਾ ਤਾਂ ਮਿਲੇਗੀ ਹੀ, ਨਾਲ ਹੀ ਜਨਮ ਮਰਨ ਦਾ ਗੇੜ ਵੀ ਮੁੱਕ ਜਾਵੇਗਾ।

**ਅੰਗ 14**

ੴ ਸਤਿਗੁਰ ਪ੍ਰਸਾਦਿ ॥

ਰਾਗੁ ਸਿਰੀਰਾਗੁ ਮਹਲਾ ਪਹਿਲਾ ੧ ਘਰੁ ੧ ॥ ਮੋਤੀ ਤ ਮੰਦਰ ਊਸਰਹਿ ਰਤਨੀ ਤ ਹੋਹਿ ਜੜਾਉ ॥ ਕਸਤੂਰਿ ਕੁੰਗੂ ਅਗਰਿ ਚੰਦਨਿ ਲੀਪਿ ਆਵੈ ਚਾਉ ॥ ਮਤੁ ਦੇਖਿ ਭੂਲਾ ਵੀਸਰੈ ਤੇਰਾ ਚਿਤਿ ਨ ਆਵੈ ਨਾਉ ॥੧॥ ਹਰਿ ਬਿਨੁ ਜੀਉ ਜਲਿ ਬਲਿ ਜਾਉ ॥ ਮੈ ਆਪਣਾ ਗੁਰੁ ਪੂਛਿ ਦੇਖਿਆ ਅਵਰੁ ਨਾਹੀ ਥਾਉ ॥੧॥ ਰਹਾਉ ॥ ਧਰਤੀ ਤ ਹੀਰੇ ਲਾਲ ਜੜਤੀ ਪਲਘਿ ਲਾਲ ਜੜਾਉ ॥ ਮੋਹਣੀ ਮੁਖਿ ਮਣੀ ਸੋਹੈ ਕਰੇ ਰੰਗਿ ਪਸਾਉ ॥ ਮਤੁ ਦੇਖਿ ਭੂਲਾ ਵੀਸਰੈ ਤੇਰਾ ਚਿਤਿ ਨ ਆਵੈ ਨਾਉ ॥੨॥ ਸਿਧੁ ਹੋਵਾ ਸਿਧਿ ਲਾਈ ਰਿਧਿ ਆਖਾ ਆਉ ॥ ਗੁਪਤੁ ਪਰਗਟੁ ਹੋਇ ਬੈਸਾ ਲੋਕੁ ਰਾਖੈ ਭਾਉ ॥ ਮਤੁ ਦੇਖਿ ਭੂਲਾ ਵੀਸਰੈ ਤੇਰਾ ਚਿਤਿ ਨ ਆਵੈ ਨਾਉ ॥੩॥ ਸੁਲਤਾਨੁ ਹੋਵਾ ਮੇਲਿ ਲਸਕਰ ਤਖਤਿ ਰਾਖਾ ਪਾਉ ॥ ਹੁਕਮੁ ਹਾਸਲੁ ਕਰੀ ਬੈਠਾ ਨਾਨਕਾ ਸਭ ਵਾਉ ॥ ਮਤੁ ਦੇਖਿ ਭੂਲਾ ਵੀਸਰੈ ਤੇਰਾ ਚਿਤਿ ਨ ਆਵੈ ਨਾਉ ॥੪॥੧॥ {ਪੰਨਾ 14}

ਉਪਰ ਅੰਕਿਤ ਸ਼ਬਦ , ਸਾਹਿਬ ਸ਼੍ਰੀ ਗੁਰੂ ਨਾਨਕ ਦੇਵ ਜੀ ਦੁਆਰਾ ਰਚਿਤ ਰਾਗ ਸਿਰੀਰਾਗ ਵਿੱਚ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪੰਨਾ 14 ਤੇ ਵਿਰਾਜਮਾਨ ਹੈ।

ਭਾਵ ਅਰਥ:-

ਜੇ ਮੇਰੇ ਖਾਤਿਰ ਮੋਤੀਆਂ ਜੜਿਤ ਮਹਿਲ ਉਸਾਰੇ ਹੋਣ ਤੇ ਉਨਾਂ ਉੱਤੇ ਰਤਨ ਵੀ ਜੜੇ ਹੋਣ ਨਾਲ ਹੀ,ਕਸਤੂਰੀ,ਚੰਦਨ ਤੇ ਕੇਸਰ ਆਦਿਕ ਖੁਸਬੂਦਾਰ ਵਸਤਾਂ ਦਾ ਲੇਪ ਫਿਰਿਆ ਹੋਵੇ ,ਜੋ ਕਿ ਮੈਨੂੰ ਖੁਸ਼ ਕਰਨ ਲਈ ਕੀਤਾ ਗਿਆ ਹੋਵੇ,ਤਾਂ ਵੀ ਇਹ ਸਾਰਾ ਕੁਝ ਵਿਅਰਥ ਹੈ। ਕਿਉਂਕਿ ਮੈਨੂੰ ਖਤਰਾ ਹੈ ਮੈਂ ਕਿਤੇ ਇਨਾਂ ਵਸਤਾਂ ਤੇ ਡੁੱਲ੍ਹਕੇ ਹੇ ਪ੍ਰਭੂ ਤੈਨੂੰ ਭੁਲਾ ਨਾ ਦਵਾਂ। ਮੇਰੇ ਚਿੱਤ ਵਿੱਚੋਂ ਤੇਰਾ ਨਾਮ ਵਿਸਰ ਨਾ ਜਾਵੇ, ਤੇ ਮੇਰੇ ਚਿੱਤ ਵਿੱਚ ਟਿਕੇ ਹੀ ਨਾਂਅ ਰਹਾਂ। ਮੈਂ ਆਪਣੇ ਗੁਰੂ ਕੋਲੋਂ ਵੀ ਪੁੱਛ ਹਟਿਆ ਹਾਂ ਆਪਜੀ ਬਗੈਰ ਮੇਰਾ ਕੋਈ ਨਹੀਂ,ਆਪ ਤੋਂ ਬਿਨਾਂ ਮੇਰਾ ਮਨ ਚਿੱਤ ਸੜ ਬਲ ਜਾਵੇਗਾ॥ ਰਹਾਉ॥

ਜੇ ਮੇਰੇ ਸੁੱਖ ਸਾਧਨਾ ਲਈ, ਧਰਤੀ ਤੇ ਪਲੰਘ ਲਾਲ ਜੜਿਤ ਹੋਣ,ਸੁੰਦਰ ਇਸਤਰੀ ਪੂਰੇ ਸ਼ਿੰਗਾਰ ਕਰਕੇ ਮੈਨੂੰ ਆਪਣੇ ਵੱਲ ਖਿੱਚਣ ਦਾ ਯਤਨ ਕਰੇ ,ਤਾਂ ਹੇ ਸੱਚੇ ਪਾਤਸ਼ਾਹ। ਮੈਨੂੰ ਡਰ ਹੈ ਕਿਤੇ ਮੈਂ ਆਪਨੂੰ ਵਿਸਾਰ ਨਾ ਦੇਵਾਂ ,ਕਿਤੇ ਤੂੰ ਮੈਨੂੰ ਬੁਲਾ ਨਾ ਦਵੇਂ, ਕਿਤੇ ਤੇਰਾ ਨਾਮ ਮੇਰੇ ਚਿੱਤ ਵਿੱਚ ਟਿਕੇ ਹੀ ਨਾ ।

ਜੇ ਮੈਂ ਪਹੁੰਚਿਆ ਹੋਇਆ ਜੋਗੀ ਹੋਵਾਂ ।ਸਮਾਧੀ ਲੀਨ ਹੋ ਜਾਵਾਂ ਤੇ ਰਿਧੀਆਂ ਸਿਧੀਆਂ ਮੇਰੇ ਅੱਗੇ ਪਿਛੇ ਹੋਣ ਤੇ ਜੋਗ ਦੀ ਸ਼ਕਤੀ ਨਾਲ ਪ੍ਰਤੱਖ ਅਪ੍ਰਤੱਖ ਹੋ ਸਕਾਂ। ਵਾਹਿਗੁਰੂ ! ਮੈਨੂੰ ਡਰ ਹੈ, ਮੈਂ ਤੈਨੂੰ ਭੁਲਾ ਨਾ ਦਵਾਂ,ਤੂ ਮੈਨੂੰ ਵਿਸਾਰ ਨਾ ਦੇਵੇਂ,ਤੇਰਾ ਨਾਮ ਮੇਰੇ ਚੇਤੇ ਵਿੱਚ ਟਿਕੇ ਹੀ ਨਾ।

ਜੇ ਕਿਤੇ ਮੈਨੂੰ ਰਾਜ ਭਾਗ ਮਿਲ ਜਾਵੇ ਤੇ ਤਖ਼ਤ ਤੇਵਿਰਾਜਮਾਨ ਹੋ ਜਾਵਾਂ , ਤਾਂ ਵੀ ਇਹ ਸਾਰਾ ਕੁਝ ਮੇਰੇ ਲਈ ਵਿਅਰਥ ਹੈ। ਹੇ ਪ੍ਰਭੂ ਮੈਨੂੰ ਡਰ ਹੈ ਮੈਂ ਆਪਜੀ ਨੂੰ ਭੁੱਲ ਨਾ ਜਾਵਾਂ ,ਆਪਜੀ ਮੈਨੂੰ ਵਿਸਾਰ ਨਾ ਦਿਓ ਜਾਂ ਫਿਰ ਕਿਤੇ ਆਪਦਾ ਨਾਮ ਮੇਰੇ ਚਿੱਤ ਵਿੱਚ ਟਿਕੇ ਹੀ ਨਾ।

ਸਿਰੀਰਾਗੁ ਮਹਲਾ ੧ ॥

ਕੋਟਿ ਕੋਟੀ ਮੇਰੀ ਆਰਜਾ ਪਵਣੁ ਪੀਅਣੁ ਅਪਿਆਉ ॥ ਚੰਦੁ ਸੂਰਜੁ ਦੁਇ ਗੁਫੈ ਨ ਦੇਖਾ ਸੁਪਨੈ ਸਉਣ ਨ ਥਾਉ ॥ ਭੀ ਤੇਰੀ ਕੀਮਤਿ ਨਾ ਪਵੈ ਹਉ ਕੇਵਡੁ ਆਖਾ ਨਾਉ ॥੧॥ ਸਾਚਾ ਨਿਰੰਕਾਰੁ ਨਿਜ ਥਾਇ ॥ ਸੁਣਿ ਸੁਣਿ ਆਖਣੁ ਆਖਣਾ ਜੇ ਭਾਵੈ ਕਰੇ ਤਮਾਇ ॥੧॥ ਰਹਾਉ ॥ ਕੁਸਾ ਕਟੀਆ ਵਾਰ ਵਾਰ ਪੀਸਣਿ ਪੀਸਾ ਪਾਇ ॥ ਅਗੀ ਸੇਤੀ ਜਾਲੀਆ ਭਸਮ ਸੇਤੀ ਰਲਿ ਜਾਉ ॥ ਭੀ ਤੇਰੀ ਕੀਮਤਿ ਨਾ ਪਵੈ ਹਉ ਕੇਵਡੁ ਆਖਾ ਨਾਉ ॥੨॥ ਪੰਖੀ ਹੋਇ ਕੈ ਜੇ ਭਵਾ ਸੈ ਅਸਮਾਨੀ ਜਾਉ ॥ ਨਦਰੀ ਕਿਸੈ ਨ ਆਵਊ ਨਾ ਕਿਛੁ ਪੀਆ ਨ ਖਾਉ ॥ ਭੀ ਤੇਰੀ ਕੀਮਤਿ ਨਾ ਪਵੈ ਹਉ ਕੇਵਡੁ ਆਖਾ ਨਾਉ ॥੩॥ ਨਾਨਕ ਕਾਗਦ ਲਖ ਮਣਾ ਪੜਿ ਪੜਿ ਕੀਚੈ ਭਾਉ ॥ ਮਸੂ ਤੋਟਿ ਨ ਆਵਈ ਲੇਖਣਿ ਪਉਣੁ ਚਲਾਉ ॥ ਭੀ ਤੇਰੀ ਕੀਮਤਿ ਨਾ ਪਵੈ ਹਉ ਕੇਵਡੁ ਆਖਾ ਨਾਉ ॥੪॥੨॥ {ਪੰਨਾ 14}

ਭਾਵ ਅਰਥ:-

ਗੁਰੂ ਨਾਨਕ ਦੇਵ ਜੀ ਮਹਾਰਾਜ ਉਪਰੋਕਤ ਸ਼ਬਦ ਬਾਣੀ,ਜੋ ਕਿ ਸਿਰੀਰਾਗ ਤਹਿਤ ਗੁਰੂ ਗ੍ਰੰਥ ਸਾਹਿਬ ਜੀ ਦੇ ਅੰਗ 14 ਉਪਰ ਅੰਕਿਤ ਹੈ, ਫਰਮਾ ਰਹੇ ਹਨ,ਹੇ ਦਾਤਾ! ਜੇ ਮੇਰੀ ਉਮਰ ਕਰੋੜਾਂ ਸਾਲ ਵੀ ਹੋ ਜਾਵੇ ਤੇ ਮੈਨੂੰ ਜੀਉਂਦਿਆਂ ਰੱਖਣ ਲਈ ਕੇਵਲ ਹਵਾ ਹੋਵੇ ।ਮੈਂ ਇਸਤਰਾਂ ਦੀ ਗੁਫਾ ਵਿੱਚ ਸਮਾਧੀ ਲਾਈ ਹੋਵੇ,ਜਿਥੇ ਸੂਰਜ ਤੇ ਚੰਨ ਦੀ ਰੋਸ਼ਨੀ ਕਦੇ ਨਾ ਪਹੁੰਚ ਸਕਦੀ ਹੋਵੇ ਤੇ ਨੀਂਦ ਸੁਪਨੇ ਵਿੱਚ ਵੀ ਨਾ ਮਿਲੇ, ਤਾਂ ਵੀ ਮੈਂ ਤੇਰਾ ਅੰਤ ਨਹੀਂ ਜਾਣ ਸਕਦਾ ਤੇ ਤੇਰੇ ਨਾਮ ਦੀ ਮਹਿਮਾ ਪੂਰੀ ਤਰਾਂ ਕਰਨ ਵਿੱਚ ਅਸਮਰੱਥ ਹੋਵਾਂਗਾ। ਨਿਰ ਆਕਾਰ ਪ੍ਰਭੂ ਆਪਣੇ ਆਪ ਵਿੱਚ ਟਿਕਿਆ ਹੈ,ਉਸਨੂੰ ਕਿਸੇ ਦੀ ਮੁਥਾਜੀ ਨਹੀਂ । ਅਸੀਂ ਜੀਵ ਕੇਵਲ ਇੱਕ ਦੂਜੇ ਤੋਂ ਸੁਣਕੇ ਉਸਨੂੰ ਵੱਡਾ ਵੱਡਾ ਕਹੀ ਜਾਂਦੇ ਹਾਂ , ਹਕੀਕਤ ਕੋਈ ਨਹੀਂ ਜਾਣ ਪਾਇਆ । ਜੇ ਸਤਿਗੁਰੂ ਨੂੰ ਚੰਗਾ ਲੱਗੇ ਤਾਂ ਉਹ ਆਪ ਜੀਵ ਅੰਦਰ "ਉਸਦੀ" ਤਾਂਘ ਨਾ ਦਿੰਦਾ ਹੈ॥ ਰਹਾਉ॥

ਜੇ ਮੇਰੇ ਸ਼ਰੀਰ ਨੂੰ ਕੋਹ ਦਿੱਤਾ ਜਾਵੇ, ਵਿੱਚ ਬੋਟੀਆਂ ਵਿੱਚ ਕੱਟਿਆ ਜਾਵੇ,ਚੱਕੀ ਵਿੱਚ ਪੀਸਿਆ ਜਾਵੇ ,ਅੱਗ ਵਿੱਚ ਸਾੜਿਆ ਜਾਵੇ ਤੇ ਆਪਣੇ ਆਪ ਨੂੰ ਸੁਆਹ ਵਿੱਚ ਰਲਾ ਦਿਆਂ। ਹੇ! ਪ੍ਰਭੂ ਇਨੇ ਸਖ਼ਤ ਤਪ ਤੋਂ ਬਾਅਦ ਵੀ ਆਪਦੇ ਬਰਾਬਰ ਕੋਈ ਨਹੀਂ ਮਿਲ ਸਕਦਾ,ਇਸਦੇ ਬਾਵਜੂਦ ਵੀ ਮੇਰੀ ਹਸਤੀ ਨਹੀਂ ਕਿ ਤੇਰੀ ਵਡਿਆਈ ਬਿਆਨ ਕਰ ਸਕਾਂ।

ਜੇ ਮੈਂ ਪੰਛੀ ਹੋਵਾਂ ਤੇ ਉੱਡ ਸਕਾਂ, ਸੈਂਕੜੇ ਅਸਮਾਨਾਂ ਤੱਕ ਪਹੁੰਚ ਸਕਾਂ ਤੇ ਇਨੀ ਉੱਚਾ ਉੱਠ ਸਕਾਂ , ਕਿ ਕਿਸੇ ਨੂੰ ਨਜ਼ਰ ਨਾ ਆਵਾਂ , ਖਾਵਾਂ ਪੀਵਾਂ ਵੀ ਕੁਝ ਨਾ,ਇੰਨੀ ਉੱਚੀ ਪਹੁੰਚ ਰੱਖਣ ਤੇ ਵੀ ,ਹੇ ! ਦਾਤਾਰ ਤੇਰੇ ਬਰਾਬਰ ਦਾ ਕੋਈ ਹੋਰ ਨਹੀਂ ਲੱਭ ਸਕਦਾਂ । ਮੈਂ ਤੇਰੀ ਵਡਿਆਈ ਦੱਸਣ ਯੋਗ ਹੀ ਨਹੀਂ।

ਹੇ ਪ੍ਰਭੂ !ਦੇ ਮੇਰੇ ਕੋਲ ਲੱਖਾਂ ਮਣ ਕਾਗਜ਼ ਹੋਣ ਤੇ ਮੈਂ ਉਨਾਂ ਨੂੰ ਮੁੜ ਮੁੜ ਪੜਕੇ ਵਿਚਾਰ ਵੀ ਕਰਾਂ,ਜੇ ਤੇਰੀ ਵਡਿਆਈ ਲਿਖਣ ਵਾਸਤੇ ਹਵਾ ਨੂੰ ਹੀ ਕਲਮ ਬਣਾ ਲਵਾਂ ਤੇ ਸਿਆਹੀ ਵੀ ਅਮੁੱਕ ਹੋਵੇ ,ਤਾਂ ਵੀ ਮੇਰੇ ਪਾਰਬ੍ਰਹਮ ਮੈਂ ਆਪਦਾ ਮੁੱਲ ਨਹੀਂ ਪਾ ਸਕਦਾ ।ਮੇਰੇ ਵਿੱਚ ਇੰਨੀ ਸ਼ਕਤੀ ਹੀ ਨਹੀਂ ਕਿ ਆਪ ਜੀ ਦੀ ਪੂਰਣ ਤੌਰ ਤੇ ਵਡਿਆਈ ਬਿਆਨ ਕਰ ਸਕਾਂ। ਭਾਵ ਹੇ! ਨਿਰਾਕਾਰ ਪ੍ਰਭੂ ਆਪ ਅਸੀਮ ਹੋ, ਬੇਅੰਤ ਹੋ ।



ਨਰੇਸ਼ ਕੁਮਾਰੀ
ਨਿਊਜ਼ੀਲੈਂਡ
+642041755894


Gillson
TRUCKING INC
NOW HIRING
TRUCK DRIVERS
CLASS A CDL
✓Signing Bonus
✓Top pay
✓Mileage Pay
✓Great Benefits
✓Over the Road or Local Routes
✓Reefers and Dry Van Operations
✓No touch freight
SKILLS
✓Responsible truck driver.
✓Experience with electronic equipment.
✓Ability to travel regularly.
✓Adaptivity and foresight to handle unexpected situations
(traffic, weather conditions and roads, etc.)
RESPONSIBILITIES
✓Safely operating assigned vehicles.
✓The Vehicles are maintained and serviced as needed.
✓Report any vehicle defects for repair.
✓Make safety a priority at all times.
✓Comply with standard federal laws and with company. policies and procedures.
PAY
✓Average pay: $0.45-$0.60 cents/mile
✓Weekly direct deposits
✓Bonuses for clean inspections
✓High mileage bonuses
NEWER EQUIPMENT
Freightliner and Volvo 2020 and present
Reset pay away from Terminals– Stockton,. CA and Dayton, Ohio
Flexible Home Time
Pet Friendly
Rider Policy
SCAN QR CODE FOR
APPLY NOW
HEALTH BENEFITS
Health
Dental
Vision
1801 E Dr. Martin Luther King Jr. Blvd.
Stockton, CA 95205
925-400-9094 ext. 116, ext. 130 and ext. 144
info@teamgillson.com
GET IN TOUCH
gillsontrucking
company/gillsontrucking
www.teamgillson.com

# ਟਰੰਪ ਵੱਲੋਂ ਅਮਰੀਕੀ ਅਦਾਲਤਾਂ ਨੂੰ ਟੈਰਿਫ ਨੀਤੀ 'ਤੇ ਚਿਤਾਵਨੀ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸ਼ੁੱਕਰਵਾਰ ਨੂੰ ਅਮਰੀਕੀ ਅਦਾਲਤਾਂ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਉਹ ਉਨ੍ਹਾਂ ਦੀ ਟੈਰਿਫ (ਆਯਾਤ ਡਿਊਟੀ) ਨੀਤੀ ਨੂੰ ਰੱਦ ਕਰਦੇ ਹਨ, ਤਾਂ ਇਸ ਨਾਲ ਭਾਰੀ ਆਰਥਿਕ ਨੁਕਸਾਨ ਹੋ ਸਕਦਾ ਹੈ। ਟਰੰਪ ਦਾ ਕਹਿਣਾ ਹੈ ਕਿ ਇਨ੍ਹਾਂ ਟੈਰਿਫਾਂ ਦਾ ਸਟਾਕ ਮਾਰਕੀਟ 'ਤੇ "ਬਹੁਤ ਸਕਾਰਾਤਮਕ ਪ੍ਰਭਾਵ" ਪਿਆ ਹੈ ਅਤੇ ਜੇਕਰ ਇਸ ਨੀਤੀ ਨੂੰ ਛੱਡ ਦਿੱਤਾ ਜਾਂਦਾ ਹੈ, ਤਾਂ ਅਮਰੀਕਾ ਮਹਾਮੰਦੀ ਵਰਗੀ ਸਥਿਤੀ ਵਿਚ ਪਹੁੰਚ ਸਕਦਾ ਹੈ।

ਟਰੰਪ ਨੇ ਆਪਣੇ ਸੋਸ਼ਲ ਮੀਡੀਆ ਪਲੇਟਫਾਰਮ ਟਰੂਥ ਸੋਸ਼ਲ 'ਤੇ ਲਿਖਿਆ: "ਜੇਕਰ ਇੱਕ ਕੱਟੜਪੰਥੀ ਖੱਬੀ ਅਦਾਲਤ ਇੰਨੇ ਲੰਬੇ ਸਮੇਂ ਵਿਚ ਸਾਡੇ ਵਿਰੁੱਧ ਫੈਸਲਾ ਦਿੰਦੀ ਹੈ ਅਤੇ ਸਾਡੇ ਦੁਆਰਾ ਬਣਾਈ ਗਈ ਦੌਲਤ, ਜਾਇਦਾਦ ਅਤੇ ਪ੍ਰਭਾਵ ਦੇ ਸਭ ਤੋਂ ਵੱਡੇ ਸਿਸਟਮ ਨੂੰ ਹਿਲਾ ਦਿੰਦੀ ਹੈ, ਤਾਂ ਅਮਰੀਕਾ ਕਦੇ ਵੀ ਇਸਦੀ ਭਰਪਾਈ ਨਹੀਂ ਕਰ ਸਕੇਗਾ।

ਇਹ 1929 ਦੇ ਮਹਾਮੰਦੀ ਵਿਚ ਵਾਪਰੇ ਵਾਂਗ ਹੋਵੇਗਾ।" ਉਨ੍ਹਾਂ ਅੱਗੇ ਕਿਹਾ, "ਜੇਕਰ ਅਦਾਲਤਾਂ ਨੂੰ ਫੈਸਲਾ ਦੇਣਾ ਹੀ ਪੈਂਦਾ, ਤਾਂ ਉਨ੍ਹਾਂ ਨੂੰ ਕੇਸ ਦੀ ਸ਼ੁਰੂਆਤ ਵਿਚ ਦੇਣਾ ਚਾਹੀਦਾ ਸੀ, ਜਦੋਂ ਅਮਰੀਕਾ ਕੋਲ ਇੰਨਾ ਮਹਾਨ ਬਣਨ ਦਾ ਮੌਕਾ ਨਹੀਂ ਸੀ। ਹੁਣ ਅਜਿਹਾ ਕਰਨਾ ਇੱਕ ਨਿਆਂਇਕ ਦੁਖਾਂਤ ਹੋਵੇਗਾ, ਜਿਸ ਤੋਂ ਅਮਰੀਕਾ ਉਭਰ ਨਹੀਂ ਸਕੇਗਾ।"

ਟਰੰਪ ਦੀ ਟੈਰਿਫ ਨੀਤੀ 'ਤੇ ਸੁਣਵਾਈ ਇਸ ਸਮੇਂ ਸੰਘੀ ਅਪੀਲ ਅਦਾਲਤ ਵਿਚ ਚੱਲ ਰਹੀ ਹੈ। ਟੈਰਿਫ ਇੱਕ



ਅਜਿਹਾ ਟੈਕਸ ਹੈ, ਜੋ ਕਿਸੇ ਦੇਸ਼ ਤੋਂ ਆਯਾਤ ਕੀਤੇ ਗਏ ਸਮਾਨ 'ਤੇ ਲਗਾਇਆ ਜਾਂਦਾ ਹੈ। ਟਰੰਪ ਨੇ ਆਪਣੇ ਕਾਰਜਕਾਲ ਦੌਰਾਨ ਕਈ ਚੀਨੀ ਅਤੇ ਹੋਰ ਦੇਸ਼ਾਂ ਦੇ ਸਮਾਨ 'ਤੇ ਉੱਚ ਟੈਰਿਫ ਲਗਾਏ ਸਨ। ਇਹ ਟੈਰਿਫ 1977 ਵਿਚ ਬਣੇ ਅੰਤਰਰਾਸ਼ਟਰੀ ਐਮਰਜੈਂਸੀ ਆਰਥਿਕ ਸ਼ਕਤੀ ਐਕਟ (ਆਈ.ਈ.ਈ.ਪੀ.ਏ.) ਦੇ ਤਹਿਤ ਲਾਗੂ ਕੀਤੇ ਗਏ ਸਨ। ਪਰ ਕਾਨੂੰਨੀ ਮਾਹਿਰਾਂ ਅਤੇ ਸਾਬਕਾ ਸੰਸਦ ਮੈਂਬਰਾਂ ਦਾ ਕਹਿਣਾ ਹੈ ਕਿ ਰਾਸ਼ਟਰਪਤੀ ਨੂੰ ਦਿੱਤੀ ਗਈ ਇਹ ਸ਼ਕਤੀ ਸੀਮਤ ਹੈ ਅਤੇ ਇਹ ਸੰਭਵ ਹੈ ਕਿ ਸੁਪਰੀਮ ਕੋਰਟ ਇਨ੍ਹਾਂ ਟੈਰਿਫਾਂ ਨੂੰ ਗੈਰ-ਕਾਨੂੰਨੀ ਐਲਾਨ ਕਰ ਸਕਦੀ ਹੈ। ਸਾਬਕਾ ਸਪੀਕਰ ਪਾਲ ਰਿਆਨ ਨੇ ਇਸ ਹਫ਼ਤੇ ਕਿਹਾ ਸੀ ਕਿ ਅਦਾਲਤਾਂ ਇਨ੍ਹਾਂ ਟੈਰਿਫਾਂ ਨੂੰ ਖਾਰਜ ਕਰ ਸਕਦੀਆਂ ਹਨ, ਜਿਸਦਾ ਟਰੰਪ ਦੀ ਨੀਤੀ 'ਤੇ ਵੱਡਾ ਪ੍ਰਭਾਵ ਪਵੇਗਾ।

ਟੈਰਿਫ ਹਟਾਉਣ ਨਾਲ ਅਮਰੀਕਾ ਨੂੰ ਆਯਾਤ ਸਸਤਾ ਹੋ ਸਕਦਾ ਹੈ, ਪਰ ਟਰੰਪ ਦਾ ਕਹਿਣਾ ਹੈ ਕਿ ਇਸ ਨਾਲ ਦੇਸ਼ ਦੀ ਆਰਥਿਕਤਾ, ਵਪਾਰ ਅਤੇ ਬਾਜ਼ਾਰਾਂ ਨੂੰ ਵੱਡਾ ਨੁਕਸਾਨ ਹੋਵੇਗਾ। ਮਾਹਿਰ ਐਲਨ ਵੁਲਫ਼ (ਪੀਟਰਸਨ ਇੰਸਟੀਚਿਊਟ ਫਾਰ ਇੰਟਰਨੈਸ਼ਨਲ ਇਕਨਾਮਿਕਸ) ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਅਦਾਲਤਾਂ ਟੈਰਿਫ ਰੱਦ ਕਰ ਦਿੰਦੀਆਂ ਹਨ, ਤਾਂ ਇਹ ਫੈਸਲਾ ਕਰਨਾ ਬਹੁਤ ਮੁਸ਼ਕਲ ਹੋ ਜਾਵੇਗਾ ਕਿ ਕਿਸ ਨੂੰ ਕਿੰਨੀ ਰਕਮ ਵਾਪਸ ਕਰਨੀ ਹੈ, ਜਿਸ ਨਾਲ ਇੱਕ ਕਿਸਮ ਦੀ ਨੌਕਰਸ਼ਾਹੀ ਹਫੜਾ-ਦਫੜੀ ਪੈਦਾ ਹੋ ਸਕਦੀ ਹੈ। ਉਨ੍ਹਾਂ ਕਿਹਾ, "ਇਹ ਇੱਕ ਘੰਟੀ ਹੈ, ਜੋ ਦੁਬਾਰਾ ਨਹੀਂ ਵਜਾਈ ਜਾ ਸਕਦੀ"।


ਟਰੰਪ ਨੇ ਕਿਹਾ ਕਿ ਉਨ੍ਹਾਂ ਦੇ ਟੈਰਿਫ ਨੇ ਸਟਾਕ ਮਾਰਕੀਟ ਵਿਚ ਜ਼ਬਰਦਸਤ ਵਾਧਾ ਕੀਤਾ ਹੈ। ਪਰ ਸੱਚਾਈ ਥੋੜ੍ਹੀ ਮਿਲੀ-ਜੁਲੀ ਹੈ: ਜਦੋਂ ਟਰੰਪ ਨੇ ਅਪ੍ਰੈਲ ਵਿਚ 90 ਦਿਨਾਂ ਲਈ ਟੈਰਿਫ ਮੁਅੱਤਲ ਕਰ ਦਿੱਤੇ, ਤਾਂ ਨੈਸਡੈਕ ਕੰਪੋਜ਼ਿਟ ਇੰਡੈਕਸ ਕੁਝ ਮਿੰਟਾਂ ਵਿਚ 7% ਵੱਧ ਗਿਆ। ਏ.ਐੱਮ.ਡੀ., ਮਾਰਵੈਲ ਅਤੇ ਐਪਲ ਵਰਗੀਆਂ ਕੰਪਨੀਆਂ ਦੇ ਸ਼ੇਅਰ ਤੇਜ਼ੀ ਨਾਲ ਵਧੇ, ਜਦੋਂ ਉਨ੍ਹਾਂ ਨੂੰ ਅਮਰੀਕਾ ਵਿਚ ਨਿਰਮਾਣ ਵਧਾਉਣ ਦੇ ਬਦਲੇ ਟੈਰਿਫ ਤੋਂ ਛੋਟ ਦਿੱਤੀ ਗਈ।

# ਅਮਰੀਕਾ ਵਿਚ ਬੱਚਿਆਂ ਲਈ ਗ੍ਰੀਨ ਕਾਰਡ ਦੇ ਬਦਲ ਗਏ ਨਿਯਮ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਅਮਰੀਕਾ ਵਿਚ ਬੱਚਿਆਂ ਲਈ ਗ੍ਰੀਨ ਕਾਰਡ ਦੇ ਨਿਯਮ ਬਦਲ ਗਏ ਹਨ ਅਤੇ ਇਸਦੇ ਪ੍ਰਭਾਵ ਦੂਰਗਾਮੀ ਹੋਣਗੇ। ਅਮਰੀਕਾ ਦੇ ਟਰੰਪ ਪ੍ਰਸ਼ਾਸਨ ਨੇ ਗ੍ਰੀਨ ਕਾਰਡ ਦੇ ਨਿਯਮਾਂ 'ਚ ਬਦਲਾਅ ਕੀਤਾ ਹੈ, ਜਿਸ ਨਾਲ ਉਨ੍ਹਾਂ ਬੱਚਿਆਂ 'ਤੇ ਅਸਰ ਪਵੇਗਾ ਜੋ ਆਪਣੇ ਮਾਪਿਆਂ ਦੀਆਂ ਪਟੀਸ਼ਨਾਂ 'ਤੇ ਗ੍ਰੀਨ ਕਾਰਡ ਲਈ ਅਰਜ਼ੀ ਦਿੰਦੇ ਹਨ। ਭਾਵੇਂ ਇਹ ਬਦਲਾਅ ਤਕਨੀਕੀ ਲੱਗ ਸਕਦਾ ਹੈ, ਪਰ ਇਸਦਾ ਪ੍ਰਭਾਵ ਬਹੁਤ ਨਿੱਜੀ ਹੈ। ਨਾਗਰਿਕਤਾ ਅਤੇ ਇਮੀਗ੍ਰੇਸ਼ਨ ਸੇਵਾਵਾਂ ਦੇ ਨਵੇਂ ਨਿਯਮ ਵਿਚ ਕਿਹਾ ਗਿਆ ਹੈ ਕਿ ਹੁਣ ਅਰਜ਼ੀ ਦਾਇਰ ਕਰਨ ਦੀਆਂ ਤਰੀਕਾਂ ਦੀ ਬਜਾਏ ਬੱਚੇ ਦੀ ਉਮਰ ਦੀ ਗਣਨਾ ਕਰਨ ਲਈ ਅੰਤਿਮ ਕਾਰਵਾਈ ਮਿਤੀ ਦੀ ਵਰਤੋਂ ਕੀਤੀ ਜਾਵੇਗੀ। ਇਸਦਾ ਮਤਲਬ ਹੈ ਕਿ ਬੱਚਿਆਂ ਨੂੰ ਜਲਦੀ ਹੀ ਬਾਲਗ ਮੰਨਿਆ ਜਾਵੇਗਾ। ਨਵਾਂ ਨਿਯਮ 15 ਅਗਸਤ ਤੋਂ ਲਾਗੂ ਹੋ ਰਿਹਾ ਹੈ।

ਅਮਰੀਕਾ ਦੇ ਮੌਜੂਦਾ ਨਾਗਰਿਕਤਾ ਅਤੇ ਇਮੀਗ੍ਰੇਸ਼ਨ ਨਿਯਮਾਂ ਤਹਿਤ ਪਰਿਵਾਰ-ਪ੍ਰਯੋਜਿਤ, ਰੁਜ਼ਗਾਰ-ਅਧਾਰਤ ਜਾਂ ਵਿਭਿੰਨਤਾ ਵੀਜ਼ਾ ਲਈ ਆਪਣੇ ਮਾਪਿਆਂ ਦੀ ਪ੍ਰਵਾਨਿਤ ਪਟੀਸ਼ਨ ਦੇ ਆਧਾਰ 'ਤੇ ਅਮਰੀਕਾ ਵਿਚ ਵੈਧ ਸਥਾਈ ਨਿਵਾਸੀ ਦਾ ਦਰਜਾ ਹਾਸਲ ਕਰਨ ਲਈ ਇੱਕ ਅਣਵਿਆਹੇ ਵਿਦੇਸ਼ੀ ਬੱਚੇ ਦੀ ਉਮਰ




21 ਸਾਲ ਤੋਂ ਘੱਟ ਹੋਣੀ ਚਾਹੀਦੀ ਹੈ। ਜੇਕਰ ਉਹ ਇਮੀਗ੍ਰੇਸ਼ਨ ਪ੍ਰਕਿਰਿਆ ਦੌਰਾਨ 21 ਸਾਲ ਦੇ ਹੋ ਜਾਂਦੇ ਹਨ, ਤਾਂ ਉਨ੍ਹਾਂ ਦੀ ਉਮਰ ਖ਼ਤਮ ਹੋ ਜਾਂਦੀ ਹੈ ਅਤੇ ਉਹ ਆਮ ਤੌਰ 'ਤੇ ਮਾਪਿਆਂ ਦੀ ਪਟੀਸ਼ਨ ਦੇ ਆਧਾਰ 'ਤੇ ਇਮੀਗ੍ਰੇਸ਼ਨ ਲੈਣ ਦੇ ਯੋਗ ਨਹੀਂ ਰਹਿੰਦੇ। 15 ਅਗਸਤ ਤੋਂ ਯੂਐੱਸਸੀਆਈਐੱਸ ਵੀਜ਼ਾ ਬੁਲੇਟਿਨ ਵਿਚ ਅੰਤਿਮ ਕਾਰਵਾਈ ਮਿਤੀ ਦੇ ਆਧਾਰ 'ਤੇ ਬੱਚੇ ਦੀ ਉਮਰ ਨਿਰਧਾਰਤ ਕਰੇਗਾ। ਪਹਿਲਾਂ ਇਸਨੂੰ ਅਰਜ਼ੀ ਦੀ ਮਿਤੀ ਤੋਂ ਲਿਆ ਜਾਂਦਾ ਸੀ। ਇਸ ਬਦਲਾਅ ਦਾ ਮਤਲਬ ਹੈ ਕਿ ਬੱਚੇ ਦੇ 21ਵੇਂ ਜਨਮਦਿਨ ਦੀ ਉਲਟੀ ਗਿਣਤੀ ਅੰਤਿਮ ਕਾਰਵਾਈ ਤੱਕ ਗਿਣੀ ਜਾਵੇਗੀ, ਜੋ ਆਮ ਤੌਰ 'ਤੇ ਹੌਲੀ ਹੋਵੇਗੀ। ਇਹ ਬਦਲਾਅ ਸੰਭਾਵਤ ਤੌਰ 'ਤੇ ਵਧੇਰੇ ਨੌਜਵਾਨ ਬਿਨੈਕਾਰਾਂ ਨੂੰ ਉਨ੍ਹਾਂ ਦੀਆਂ ਅਰਜ਼ੀਆਂ 'ਤੇ ਕਾਰਵਾਈ ਕਰਨ ਤੋਂ ਪਹਿਲਾਂ ਅਯੋਗ ਕਰ ਦੇਵੇਗਾ। ਨਿਯਮਾਂ ਵਿਚ ਇਹ ਬਦਲਾਅ ਭਾਰਤ ਵਰਗੇ ਉੱਚ-ਮੰਗ ਵਾਲੇ ਦੇਸ਼ਾਂ ਵਿਚ ਪਰਿਵਾਰਾਂ ਨੂੰ ਕਾਫ਼ੀ ਪ੍ਰਭਾਵਿਤ ਕਰ ਸਕਦਾ ਹੈ, ਜੋ ਪਹਿਲਾਂ ਹੀ ਲੰਬੇ ਸਮੇਂ ਤੋਂ ਗ੍ਰੀਨ ਕਾਰਡ ਲਈ ਅਰਜ਼ੀ ਦੇ ਰਹੇ ਹਨ।

ਅਮਰੀਕੀ ਕਾਨੂੰਨ ਅਨੁਸਾਰ ਇੱਕ ਅਣਵਿਆਹੇ ਬੱਚੇ ਦੀ ਉਮਰ ਮਾਪਿਆਂ ਤੋਂ ਪ੍ਰਵਾਨਿਤ ਪਟੀਸ਼ਨ ਰਾਹੀਂ ਗ੍ਰੀਨ ਕਾਰਡ ਪ੍ਰਾਪਤ ਕਰਨ ਲਈ 21 ਸਾਲ ਤੋਂ ਘੱਟ ਹੋਣੀ ਚਾਹੀਦੀ ਹੈ। ਇਹ ਪਰਿਵਾਰ-ਪ੍ਰਯੋਜਿਤ, ਰੁਜ਼ਗਾਰ-ਅਧਾਰਤ ਅਤੇ ਵਿਭਿੰਨਤਾ ਵੀਜ਼ਾ ਦੇ ਸਾਰੇ ਤਰੀਕਿਆਂ ਲਈ ਇੱਕੋ ਜਿਹੀ ਹੈ। ਜੇਕਰ ਬੱਚਾ ਪ੍ਰਕਿਰਿਆ ਦੌਰਾਨ 21 ਸਾਲ ਦਾ ਹੋ ਜਾਂਦਾ ਹੈ, ਤਾਂ ਉਹ ਆਮ ਤੌਰ 'ਤੇ ਯੋਗਤਾ ਗੁਆ ਦਿੰਦਾ ਹੈ ਅਤੇ ਉਸ ਨੂੰ ਇੱਕ ਵੱਖਰੀ ਅਰਜ਼ੀ ਸ਼ੁਰੂ ਕਰਨੀ ਪੈਂਦੀ ਹੈ। ਇਸ ਵਿਚ ਅਕਸਰ ਬਹੁਤ ਲੰਮੀ ਉਡੀਕ ਸ਼ਾਮਲ ਹੁੰਦੀ ਹੈ।

# ਅਮਰੀਕਾ ਭਰ ਵਿੱਚ BAPS ਦੇ ਗਿਆਨਵਤਸਲ ਸਵਾਮੀ ਦਾ ਸਨਮਾਨ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਅਮਰੀਕਾ ਭਰ ਵਿੱਚ ਇੱਕ ਇਤਿਹਾਸਕ ਯਾਤਰਾ ਵਿੱਚ, BAPS ਸਵਾਮੀਨਾਰਾਇਣ ਸੰਸਥਾ ਦੇ ਸੰਤ ਪੂਜਯ ਗਿਆਨਵਤਸਲ ਸਵਾਮੀ, ਜੋ ਕਿ ਅਧਿਆਤਮਿਕ ਗੁਰੂ ਅਤੇ BAPS ਦੇ ਵਿਸ਼ਵ ਨੇਤਾ ਮਹੰਤ ਸਵਾਮੀ ਮਹਾਰਾਜ ਦੇ ਸਮਰਪਿਤ ਚੇਲੇ ਹਨ, ਨੂੰ ਅਮਰੀਕੀ ਨੇਤਾਵਾਂ ਦੇ ਇੱਕ ਸ਼ਾਨਦਾਰ ਸਮੂਹ ਦੁਆਰਾ ਸਨਮਾਨਿਤ ਕੀਤਾ ਗਿਆ ਹੈ, ਜੋ ਕਿ ਰਾਜ ਸਰਕਾਰਾਂ ਅਤੇ ਸੈਨੇਟਰਾਂ ਤੋਂ ਲੈ ਕੇ ਰਾਜਪਾਲਾਂ ਅਤੇ ਮੇਅਰਾਂ ਤੱਕ ਹਨ।

ਅਮਰੀਕਾ ਵਿੱਚ BAPS ਸੰਤ ਦੀ ਵਿਆਪਕ ਮਾਨਤਾ ਸਵਾਮੀ ਵਿਵੇਕਾਨੰਦ ਦੇ ਭਵਿੱਖਬਾਣੀ ਸ਼ਬਦਾਂ ਨੂੰ ਜਾਇਜ਼ ਠਹਿਰਾਉਂਦੀ ਹੈ, ਕਿ ਭਾਰਤ ਇੱਕ ਦਿਨ ਅਧਿਆਤਮਿਕ ਤੌਰ 'ਤੇ ਦੁਨੀਆ ਦੀ ਅਗਵਾਈ ਕਰੇਗਾ।

ਸਿਰਫ਼ ਇੱਕ ਫੇਰੀ ਵਿੱਚ, ਸਵਾਮੀ ਨੂੰ ਦੇਸ਼ ਭਰ ਦੇ ਰਾਜਪਾਲਾਂ ਅਤੇ ਮੇਅਰਾਂ ਤੋਂ ਵੱਕਾਰੀ ਘੋਸ਼ਣਾਵਾਂ ਅਤੇ ਪ੍ਰਸ਼ੰਸਾ ਪੱਤਰਾਂ ਦੇ ਨਾਲ-ਨਾਲ ਅੱਠ ਅਧਿਕਾਰਤ ਰਾਜ ਸਨਮਾਨ ਪ੍ਰਾਪਤ ਹੋਏ ਹਨ। ਇਹ ਪ੍ਰਸ਼ੰਸਾ ਨਾ ਸਿਰਫ਼ ਉਨ੍ਹਾਂ ਦੇ ਭਾਸ਼ਣਾਂ ਨੂੰ ਮਾਨਤਾ ਦਿੰਦੀ ਹੈ ਬਲਕਿ ਭਾਰਤੀ ਸੱਭਿਆਚਾਰ ਦੇ ਸਦੀਵੀ ਮੁੱਲਾਂ ਨੂੰ ਇੱਕ ਆਧੁਨਿਕ, ਭੌਤਿਕ-ਸੰਚਾਲਿਤ ਸੰਸਾਰ ਦੇ ਦਿਲ ਵਿੱਚ ਲਿਆਉਣ ਵਿੱਚ ਉਨ੍ਹਾਂ ਦੀ ਭੂਮਿਕਾ ਦੀ ਪੁਸ਼ਟੀ ਵੀ ਕਰਦੀ ਹੈ।

ਆਪਣੇ ਰੁਝੇਵਿਆਂ ਦੌਰਾਨ, ਪੂਜਯ ਗਿਆਨਵਤਸਲ ਸਵਾਮੀ ਨੇ ਭਾਈਚਾਰਕ ਨੇਤਾਵਾਂ ਤੋਂ ਲੈ ਕੇ ਪੇਸ਼ੇਵਰਾਂ, ਨੌਜਵਾਨਾਂ ਅਤੇ ਕਾਨੂੰਨਸਾਜ਼ਾਂ ਤੱਕ ਦੇ ਦਰਸ਼ਕਾਂ ਨੂੰ ਸੰਬੋਧਨ ਕੀਤਾ। ਉਸਨੇ ਨੈਤਿਕ ਇਮਾਨਦਾਰੀ, ਅੰਦਰੂਨੀ ਸ਼ਾਂਤੀ, ਨਿਰਸਵਾਰਥ ਸੇਵਾ ਅਤੇ ਸੱਭਿਆਚਾਰਕ ਮਾਣ ਦੇ ਵਿਸ਼ਿਆਂ 'ਤੇ ਗੱਲ ਕੀਤੀ, ਸਮਕਾਲੀ ਜੀਵਨ ਦੇ ਦਬਾਅ ਨੂੰ ਨੇਵੀਗੇਟ ਕਰਨ ਲਈ ਇੱਕ ਸਪੱਸ਼ਟ ਰੋਡਮੈਪ ਪੇਸ਼ ਕੀਤਾ।

ਪੂਰਬੀ ਤੱਟ ਤੋਂ ਦੱਖਣ ਤੱਕ, ਅਮਰੀਕੀ ਪਤਵੰਤਿਆਂ ਨੇ ਉਸਦਾ ਨਿੱਘਾ ਸਵਾਗਤ ਕੀਤਾ:



- ਨਿਊ ਜਰਸੀ ਨੇ ਸੈਨੇਟਰ ਪੈਟ੍ਰਿਕ ਡਿਗਨਨ ਰਾਹੀਂ ਸਵਾਮੀ ਨੂੰ ਉਨ੍ਹਾਂ ਦੇ ਨੈਤਿਕ ਅਤੇ ਸੱਭਿਆਚਾਰਕ ਯੋਗਦਾਨ ਲਈ ਸਨਮਾਨਿਤ ਕੀਤਾ।
- ਮੈਸੇਚਿਉਸੇਟਸ ਵਿੱਚ, ਪ੍ਰਤੀਨਿਧੀ ਸਭਾ ਦੇ ਸਪੀਕਰ ਰੋਨਾਲਡ ਮਾਰੀਆਨੋ ਨੇ ਭਾਈਚਾਰਿਆਂ ਨੂੰ ਉੱਚਾ ਚੁੱਕਣ ਵਿੱਚ ਉਨ੍ਹਾਂ ਦੀ ਅਗਵਾਈ ਦੀ ਪ੍ਰਸ਼ੰਸਾ ਕੀਤੀ।

ਵਰਜੀਨੀਆ ਦੀ ਸੈਨੇਟ ਨੇ ਉਨ੍ਹਾਂ ਦੇ ਵਿਸ਼ਵਵਿਆਪੀ ਪ੍ਰਭਾਵ ਨੂੰ ਮਾਨਤਾ ਦਿੰਦੇ ਹੋਏ ਇੱਕ ਰਸਮੀ ਮਤਾ ਜਾਰੀ ਕੀਤਾ। ਡੇਲਾਵੇਅਰ ਦੇ ਗਵਰਨਰ ਮੈਥਿਊ ਮੇਅਰ ਨੇ ਅੰਤਰ-ਸੱਭਿਆਚਾਰਕ ਪੁਲ ਬਣਾਉਣ ਵਿੱਚ ਉਨ੍ਹਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ।

ਡੈਨੀਅਲ ਰੌਰਕੇ (ਲੋਵੇਲ, ਐਮਏ), ਜੇਮਜ਼ ਏ. ਗ੍ਰੇ ਜੂਨੀਅਰ (ਹੈਂਪਟਨ, ਵੀਏ), ਅਤੇ ਫਿਲਿਪ ਜੋਨਸ (ਨਿਊਪੋਰਟ ਨਿਊਜ਼, ਵੀਏ) ਸਮੇਤ ਮੇਅਰਾਂ ਨੇ ਅਧਿਕਾਰਤ ਸ਼ਹਿਰ ਸਨਮਾਨ ਪੇਸ਼ ਕੀਤੇ।

ਇਹਨਾਂ ਸਮਾਗਮਾਂ ਵਿੱਚ ਬੋਲਦੇ ਹੋਏ, ਸਵਾਮੀ ਨੇ ਜ਼ੋਰ ਦੇ ਕੇ ਕਿਹਾ ਕਿ ਜਦੋਂ ਕਿ ਆਧੁਨਿਕ ਦੁਨੀਆ ਭੌਤਿਕ ਸੁੱਖ-ਸਹੂਲਤਾਂ ਨਾਲ ਭਰੀ ਹੋਈ ਹੈ, ਸੱਚੀ ਪੂਰਤੀ ਚਰਿੱਤਰ, ਹਮਦਰਦੀ ਅਤੇ ਉਦੇਸ਼ ਦੀ ਸਪਸ਼ਟਤਾ ਤੋਂ ਆਉਂਦੀ ਹੈ। ਉਨ੍ਹਾਂ ਦਾ ਸੰਦੇਸ਼ ਸੱਭਿਆਚਾਰਕ ਅਤੇ ਭੂਗੋਲਿਕ ਸੀਮਾਵਾਂ ਤੋਂ ਪਾਰ ਜਾ ਕੇ ਵਿਭਿੰਨ ਸਰੋਤਿਆਂ ਨਾਲ ਡੂੰਘਾਈ ਨਾਲ ਗੂੰਜਿਆ। ਇਨ੍ਹਾਂ ਸਨਮਾਨਾਂ ਰਾਹੀਂ, ਪੂਜਯ ਗਿਆਨਵਤਸਲ ਸਵਾਮੀ ਨੇ ਇੱਕ ਵਾਰ ਫਿਰ ਦਿਖਾਇਆ ਹੈ ਕਿ ਭਾਰਤੀ ਅਧਿਆਤਮਿਕ ਕਦਰਾਂ-ਕੀਮਤਾਂ ਅਤੀਤ ਦੇ ਅਵਸ਼ੇਸ਼ ਨਹੀਂ ਹਨ, ਸਗੋਂ ਵਰਤਮਾਨ ਅਤੇ ਭਵਿੱਖ ਲਈ ਜੀਵੰਤ, ਸਾਹ ਲੈਣ ਵਾਲੇ ਹੱਲ ਹਨ। ਅਮਰੀਕਾ ਵਿੱਚ ਉਨ੍ਹਾਂ ਦੀ ਮਾਨਤਾ ਸਿਰਫ਼ ਇੱਕ ਨਿੱਜੀ ਪ੍ਰਾਪਤੀ ਨਹੀਂ ਹੈ, ਇਹ ਭਾਰਤ ਲਈ ਮਾਣ ਦਾ ਪਲ ਹੈ, ਜੋ ਵਿਸ਼ਵ ਪੱਧਰ 'ਤੇ ਸਵਾਮੀ ਵਿਵੇਕਾਨੰਦ ਦੇ ਅਧਿਆਤਮਿਕ ਅਗਵਾਈ ਦੇ ਦ੍ਰਿਸ਼ਟੀਕੋਣ ਨੂੰ ਦਰਸਾਉਂਦਾ ਹੈ।

ਸਨਮਾਨਾਂ ਦੀ ਇਹ ਲੜੀ ਨਾ ਸਿਰਫ਼ ਸਵਾਮੀ ਦੀ ਵਾਕਫੀਅਤ ਅਤੇ ਬੁੱਧੀ ਦਾ ਪ੍ਰਮਾਣ ਹੈ, ਸਗੋਂ ਮਹੰਤ ਸਵਾਮੀ ਮਹਾਰਾਜ ਦੇ ਬ੍ਰਹਮ ਮਾਰਗਦਰਸ਼ਨ ਦਾ ਵੀ ਪ੍ਰਮਾਣ ਹੈ, ਜਿਨ੍ਹਾਂ ਦੀ ਅਧਿਆਤਮਿਕ ਅਗਵਾਈ ਵਿੱਚ ਭਅਫਸ਼ ਦੁਨੀਆ ਭਰ ਵਿੱਚ ਲੱਖਾਂ ਲੋਕਾਂ ਨੂੰ ਪ੍ਰੇਰਿਤ ਕਰਦਾ ਰਹਿੰਦਾ ਹੈ। ਮਹੰਤ ਸਵਾਮੀ ਮਹਾਰਾਜ ਦੇ ਆਸ਼ੀਰਵਾਦ ਅਤੇ ਦ੍ਰਿਸ਼ਟੀ ਨੇ ਗਿਆਨਵਤਸਲ ਸਵਾਮੀ ਵਰਗੇ ਉਨ੍ਹਾਂ ਦੇ ਚੇਲਿਆਂ ਨੂੰ ਵਿਸ਼ਵ ਨਾਲ ਸਦੀਵੀ ਭਾਰਤੀ ਕਦਰਾਂ-ਕੀਮਤਾਂ ਸਾਂਝੀਆਂ ਕਰਨ ਲਈ ਸ਼ਕਤੀ ਪ੍ਰਦਾਨ ਕੀਤੀ ਹੈ, ਜੋ ਭਗਵਾਨ ਸਵਾਮੀ ਨਾਰਾਇਣ ਅਤੇ ਸਵਾਮੀ ਵਿਵੇਕਾਨੰਦ ਦੋਵਾਂ ਦੇ ਦ੍ਰਿਸ਼ਟੀਕੋਣ ਨੂੰ ਪੂਰਾ ਕਰਦੇ ਹਨ।

# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੋਮਿਓਪੈਥਿਕ ਕਨਸਲਟੈਂਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।

ਕਾਲ ਕਰ ਸਕਦੇ ਹੋ 408-687-1899

ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.

To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday  Friday in Punjabi.

## HOMEOPATHIC NATURAL MEDICINES

**When Tired of All Treatments,
For any Disease, at any Age
Try Alternative Treatment**

**Safe and Effective Medicines without any Side Effects**



**GURDIP S SANDHU**




**Consultant/Physician
Since 1973
DHMS-Gold Medalist,
BAMS, MDEH
Ex-Prof, Principal &
CMO Medical
Colleges/Hospitals in
India**

**(408) 687-1899     (925) 587-1148**

**Homeopathic Medicine and Notary Consultancy**

9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**


NOW OPEN
Tandoori FLAVORS
MARINATE MEAT SHOP
ਮੇਰੀਨੇਟ ਮੀਟ ਸ਼ੋਪ
551
Tandoori Flavors
---- MARINATED MEAT SHOP ----
ਚਾਹੇ ਕੱਚਾ ਚਾਹੀਦਾ, ਜਾਂ ਪੱਕਾ
ਸਾਡੀ ਚੋਣ ਹੈ ਸਭ ਤੋਂ ਵਧੀਆ!
POULTRY SPECIALS ਦੇ ਵਿਚ ਤੁਹਾਨੂੰ ਮਿਲੇਗਾ :-
- Chicken Wings , Cooked Wings, Breast , Boneless Thighs, Paneer Skewers
- CURRY LOVERS ਦੇ ਲਈ ਖਾਸ ਰਹੇਗਾ :-
- Butter Chicken, Shahi Paneer, ਬੱਕਰਾ Curry
- RICE BOWLS – ON THE GO !
- Shahi Paneer Bowl, Butter Chicken Bowl
- SEAFOOD 'ਚ ਵੀ ਕੁਝ ਅਜਿਹਾ ਰਹੇਗਾ ਖਾਸ :-
- Basa (Swai) Fish, Fish Pakora, Cooked Pakora Fish
Tandoori FLAVORS
ਭੋਜਨ ਪ੍ਰੇਮੀਆਂ ਲਈ ਖਾਸ ਹਰ ਰੋਜ਼ - RICE BOWL ONLY $11.99 ਸ਼ਾਹੀ ਪਨੀਰ ਜਾਂ ਬਟਰ ਚਿਕਨ ਦੇ ਨਾਲ
RICE ਸਾਰੀਆਂ CURRIES ਨਾਲ ਮੁਫ਼ਤ ਮਿਲਣਗੇ।
ਤੁਸੀਂ ਸਾਡੇ ਕੋਲੋਂ COOKED ਫ਼ੂਡ ਤੇ ਮੈਰੀਨੇਡ ਮੀਟ ਦਾ ਸਾਫ਼ ਕੀਤਾ RAW ਮੈਟੀਰੀਅਲ ਵੀ ਪ੍ਰਾਪਤ ਕਰ ਸਕਦੇ ਹੋ।
ACHAR LOVERS ਲਈ ਬੱਕਰੇ ਤੇ ਮੁਰਗੇ ਦਾ ਆਚਾਰ ਵੀ ਸਾਡੇ ਕੋਲ ਉਪਲਬਧ ਹੈ।
ਇਥੇ ਇਹ ਵੀ ਖਾਸ ਹੈ ਕਿ
"ਅਸੀਂ ਆਪਣੇ ਖਾਣੇ 'ਚ ਫ਼ੂਡ-ਕਲਰ ਨਹੀਂ ਵਰਤਦੇ।"
551, West Clover Road, Tracy
California- 95376
ਸੰਪਰਕ ਕਰੋ -
209-207-9781
ਸਾਡਾ ਸਟੋਰ ਖੁੱਲ੍ਹਣ ਦਾ ਸਮਾਂ ਹੈ :
ਸਵੇਰੇ 10 ਵਜੇ ਤੋਂ ਰਾਤੀਂ 9 ਵਜੇ ਤੱਕ
Visit Us Online: www.Tandoori-Flavors.com

WE HAVE THE CHEAPEST FARES TO INDIA

# LEGEND TRAVEL



arc accredited agency
CST # 207524-40

Special Fares To India From West-coast (us) On Air India Direct Flights




JATINDER SINGH

LOWEST AIRFARES FROM USA TO INDIA

★Travel Insurance ★ Great last Minute Deals ★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US (510) 797-9010

USA OFFICE: 2450 PERALTA BLVD., STE 106-108,
FREMONT CA 94536 PH.: 510-797-9010

Website: www.legendamerica.net

Emirates | CATHAY PACIFIC | ASIANA AIRLINES | JET AIRWAYS | CHINA AIRLINES | BRITISH AIRWAYS | SINGAPORE AIRLINES | Lufthansa | ANA

# ਕਿੱਥੇ ਗੁੰਮ ਹੋ ਗਿਆ ਪਿੱਠੂ ?



ਰਾਜਿੰਦਰ ਸਿੰਘ 'ਰਾਜਨ'
ਪਠਾਨਕੋਟ
9417427656

ਅੱਜ ਦੇ ਡਿਜੀਟਲ ਯੁੱਗ ਵਿੱਚ ਜਿੱਥੇ ਬੱਚਿਆਂ ਦੇ ਹੱਥਾਂ ਵਿੱਚ ਸਮਾਰਟਫੋਨ, ਟੈਬਲਟ ਤੇ ਲੈਪਟਾਪ ਆ ਗਏ ਹਨ, ਉੱਥੇ ਛੋਟੀਆਂ ਵਿਰਾਸਤੀ ਖੇਡਾਂ, ਜੋ ਕਦੇ ਗਲੀਆਂ ਵਿੱਚ ਰੌਲਾ ਪਾਉਂਦੀਆਂ ਸਨ, ਹੁਣ ਬੀਤੇ ਸਮੇਂ ਦੀ ਯਾਦ ਬਣ ਕੇ ਰਹਿ ਗਈਆਂ ਹਨ। ਜੇਕਰ ਅੱਜ ਦੀ ਨਵੀਂ ਪੀੜੀ ਨੂੰ ਇਹ ਪੁੱਛਿਆ ਜਾਵੇ ਕਿ "ਪਿੱਠੂ" ਕਿਹੜੀ ਖੇਡ ਹੈ, ਤਾਂ ਉਹ ਹੈਰਾਨ ਹੋ ਕੇ ਆਪਣੀਆਂ ਉਂਗਲਾਂ ਦੰਦਾਂ ਹੇਠ ਰੱਖ ਕੇ ਸੋਚਣ ਲਈ ਮਜ਼ਬੂਰ ਹੋ ਜਾਂਣਗੇ ਅਤੇ ਦੱਸਣਾ ਉਨ੍ਹਾਂ ਦੇ ਵੱਸ ਦੀ ਗੱਲ ਨਹੀਂ ਹੋਵੇਗੀ ਪਰ ਹਕੀਕਤ ਇਹ ਹੈ ਕਿ ਪਿੱਠੂ ਇੱਕ ਛੋਟੀ ਪਰ ਵਿਰਾਸਤੀ ਲੋਕ-ਖੇਡ ਹੈ ਜੋ ਨਾ ਸਿਰਫ ਮਨੋਰੰਜਨ ਦਿੰਦੀ ਸੀ, ਸਗੋਂ ਸਰੀਰਕ, ਮਾਨਸਿਕ, ਸਮਾਜਿਕ ਅਤੇ ਭਾਵਨਾਤਮਕ ਵਿਕਾਸ ਦਾ ਸਰੋਤ ਵੀ ਸੀ। ਇਹ ਖੇਡ ਖਾਸ ਕਰਕੇ 12-14 ਸਾਲ ਦੇ ਬੱਚਿਆਂ ਦੀ ਪਸੰਦੀਦਾ ਖੇਡ ਹੈ, ਪਰ ਕਈ ਨੌਜਵਾਨ ਵੀ ਇਸ ਵਿੱਚ ਭਰਪੂਰ ਰੁਚੀ ਲੈਂਦੇ ਸਨ। ਪਿੰਡਾਂ ਦੀਆਂ ਗਲੀਆਂ, ਸਕੂਲਾਂ ਦੀਆਂ ਗਰਾਊਂਡਾਂ ਜਾਂ ਬੋਹੜ ਦੀ ਛਾਂ ਹੇਠ ਇਹ ਪ੍ਰਚਲਿਤ ਖੇਡ ਆਪਣੀ ਵੱਖਰੀ ਅਮਿੱਟ ਛਾਪ ਛੱਡਦੀ ਸੀ ਪਰ ਅਫਸੋਸ ਕਿ ਅੱਜ ਇਸ ਦਿਲਚਸਪ ਖੇਡ ਦੇ ਨਜ਼ਾਰੇ ਅਲੋਪ ਹੋ ਗਏ ਹਨ।

ਪਿੱਠੂ ਖੇਡਣ ਲਈ ਕਿਸੇ ਮਹਿੰਗੇ ਸਾਜੋ-ਸਾਮਾਨ ਦੀ ਲੋੜ ਨਹੀਂ ਹੁੰਦੀ। ਸਿਰਫ ਪੰਜ-ਛੇ ਠੀਕਰੀਆਂ ਅਤੇ ਇੱਕ ਖਿੱਦੋ (ਗੇਂਦ) ਹੀ ਕਾਫ਼ੀ ਹੁੰਦੀ ਹੈ। ਪਿੱਠੂ ਖੇਡ ਨੂੰ ਖੇਡਣ ਲਈ ਗੋਲ ਜਾਂ ਚੌਰਸ ਬਿਸਕੁਟ ਦੇ ਆਕਾਰ ਵਰਗੀਆ ਪੰਜ ਛੇ ਠੀਕਰੀਆਂ ਲਈਆ ਜਾਂਦੀਆਂ ਹਨ। ਉਨ੍ਹਾਂ ਨੂੰ ਇਕ ਦੂਜੇ ਉਤੇ ਕਤਾਰ ਬਣਾ ਕੇ ਟਿਕਾ ਦਿੱਤਾ ਜਾਂਦਾ ਹੈ। ਇਹਨਾਂ ਠੀਕਰੀਆਂ ਤੋਂ ਕਰੀਬ ਪੰਜ ਫੁੱਟ ਦਾ ਫ਼ਾਸਲਾ ਰੱਖਕੇ ਇਕ ਲਾਈਨ ਲਾ ਦਿੱਤੀ ਜਾਂਦੀ ਹੈ। ਇਸ ਤੋਂ ਉਪਰੰਤ ਟਿਕਾਈਆਂ ਗਈਆਂ ਠੀਕਰੀਆਂ ਨੂੰ ਖਿੱਦੋ (ਗੇਂਦ) ਨਾਲ ਨਿਸ਼ਾਨਾ ਲਾਕੇ ਡੇਗਣ ਵਾਸਤੇ ਹੱਦ ਮੰਨੀ ਜਾਂਦੀ ਹੈ ਤੇ ਫਿਰ ਵਾਰੀ ਲੈਣ ਵਾਲਾ ਖਿਡਾਰੀ ਇਸ ਲਾਈਨ ਦੇ ਮਗਰ ਖੜਾਂ ਹੋਕੇ ਖਿੱਦੋ ਨਾਲ ਟਿਕਾਈਆਂ ਹੋਈਆਂ ਠੀਕਰੀਆਂ ਨੂੰ ਡੇਗਣ ਦੀ ਕੋਸ਼ਿਸ਼ ਕਰਦਾ ਹੈ ਅਤੇ ਵਿਰੋਧੀ ਧਿਰ ਤੇ ਖਿਡਾਰੀਆਂ ਨੂੰ ਦੂਰ ਜਾਣ ਤੋਂ ਰੋਕਣ ਲਈ ਲਾਈਨ ਦੇ ਪਿੱਛੇ ਕੁਝ ਫਾਸਲੇ ਉੱਤੇ ਖੜਾ ਹੋ ਜਾਂਦਾ ਹੈ । ਜੇਕਰ ਉਹ ਗੇਂਦ ਠੀਕਰੀਆਂ ਨੂੰ ਨਾ ਵਜੇ ਤਾਂ ਵਿਰੋਧੀ ਖਿਡਾਰੀ ਨੂੰ ਗੇਂਦ ਦਾ ਟੱਪਾ ਪੈਣ ਮਗਰੋਂ ਕੈਚ ਨਾ ਕਰ ਸਕੇ ਤਾਂ ਵਾਰੀ ਲੈਣ ਵਾਲਾ ਖਿਡਾਰੀ ਫੇਰ ਗੇਂਦ ਨਾਲ ਟਿਕਾਈਆਂ ਠੀਕਰੀਆਂ ਤੇ ਨਿਸ਼ਾਨਾ ਲਗਾਉਂਦਾ ਹੈ ਫਿਰ ਜੇਕਰ ਠੀਕਰੀਆਂ ਡਿੱਗ ਜਾਣ ਤੇ ਖਿੱਦੋ ਮਾਰਨ ਵਾਲਾ ਖਿਡਾਰੀ ਠੀਕਰੀਆਂ ਨੂੰ ਮੁੜ ਇਕ ਦੂਜੇ ਤੇ ਰੱਖਣ ਤੋਂ ਪਹਿਲਾਂ ਪਹਿਲਾਂ ਖਿੱਦੋ ਨਾਲ ਉਸ ਨੂੰ ਨਿਸ਼ਾਨਾ ਬਣਾਉਂਦਾ ਹੈ ਤੇ ਜੇਕਰ ਵਿਰੋਧੀ ਖਿਡਾਰੀ ਬਾਲ ਲੱਗਣ ਤੋਂ ਪਹਿਲਾਂ ਪਹਿਲਾਂ ਪਹਿਲਾਂ ਠੀਕਰੀਆਂ ਖੜੀਆਂ ਕਰਨ ਵਿੱਚ ਕਾਮਯਾਬ ਹੋ ਜਾਂਦਾ ਹੈ ਤਾਂ ਸਮਝੋ ਕਿ ਉਸ ਦੀ ਇਕ ਵਾਰੀ ਵਿੱਚ ਹੋਰ ਅਯਾਫਾ ਹੋ ਗਿਆ ਅਤੇ ਜੇਕਰ ਵਿਰੋਧੀ ਖਿਡਾਰੀ ਠੀਕਰੀਆਂ ਇੱਕ ਦੂਜੇ ਤੇ ਰੱਖਣ ਵੇਲ਼ੇ ਖਿਡਾਰੀ ਤੇ ਨਿਸ਼ਾਨਾ ਸਾਧ ਦੇਵੇ ਤਾਂ ਉਹ ਵਾਰੀ ਲੈਣ ਦਾ ਹੱਕਦਾਰ ਹੋ ਗਿਆ। ਫਿਰ ਖਿੱਦੋ ਦਾ ਟੱਪਾ ਪੈਣ ਪਿਛੋ ਉਸ ਦੇ ਕੈਚ ਕਰਨ ਤੇ ਵੀ ਖਿੱਦੋ ਮਾਰਨ ਵਾਲੇ ਦੀ ਵਾਰੀ ਵਾਰੀ ਖਤਮ ਹੋ ਜਾਂਦੀ ਹੈ। ਫਿਰ ਇਹ ਖੇਡ ਦੀਆਂ ਵਾਰੀਆਂ ਚਲਦੀਆਂ ਰਹਿੰਦੀਆਂ ਨੇ ਤੇ ਖੇਡ ਨਿਰੰਤਰ ਚਲਦੀ ਰਹਿੰਦੀ ਹੈ।

ਇਸ ਵਿਰਾਸਤੀ ਛੋਟੀ ਖੇਡ ਪਿੱਠੂ ਨੂੰ ਖੇਡਦਿਆਂ ਖਿਡਾਰੀ ਨੂੰ ਪੂਰੀ ਖੇਡ ਵਿੱਚ ਸੱਭ ਤੋਂ ਵੱਧ ਖੁਸ਼ੀ ਉਸ ਵੇਲੇ ਮਿਲਦੀ ਹੈ ਜਦੋਂ ਠੀਕਰੀਆਂ ਉੱਤੇ ਸਾਧਿਆ ਨਿਸ਼ਾਨਾ ਲੱਗਦਾ ਹੈ ਅਤੇ ਉਹਨਾਂ ਨੂੰ "ਖੇਰੂੰ ਖੇਰੂੰ" ਕਰ ਦਿੱਤਾ ਜਾਂਦਾ ਹੈ। ਇਹ ਪਲ ਖਿਡਾਰੀ ਲਈ ਸਿਰਫ਼ ਨਿਸ਼ਾਨੇ ਦੀ ਸਫਲਤਾ ਨਹੀਂ ਹੁੰਦੀ, ਸਗੋਂ ਉਹਦੇ ਮਨ ਦੇ ਅੰਦਰ ਇੱਕ ਜਿੱਤ ਦੀ ਲਹਿਰ ਦੌੜ ਪੈਂਦੀ ਹੈ। ਜਿਵੇਂ ਕਿਰਕਿਟ ਵਿੱਚ ਬੱਲੇਬਾਜ਼ ਦੀ ਵਿਕਟ ਉਖੇੜਨ 'ਤੇ ਜਸ਼ਨ ਮਨਾਇਆ ਜਾਂਦਾ ਹੈ, ਓਸੇ ਤਰ੍ਹਾਂ ਖਿੱਦੋ ਵਿੱਚ ਠੀਕਰੀਆਂ ਉਡਾਉਣ ਦਾ ਪਲ ਵੀ ਖਿਡਾਰੀ ਲਈ ਸ਼ਾਨਦਾਰ ਕਾਮਯਾਬੀ ਦਾ ਇਜ਼ਹਾਰ ਹੁੰਦਾ ਹੈ। ਦੂਜ਼ੀ ਤੇ ਉਸ ਤੋਂ ਵੀ ਵਧੀਕ ਖੁਸ਼ੀ ਉਸ ਸਮੇਂ ਮੌਜੂਦ ਖਿਡਾਰੀ ਦੇ ਚਿਹਰੇ ਤੇ ਚਮਕ ਵਾਂਗ ਝਲਕਦੀ ਹੈ, ਜਦੋਂ "ਖੇਰੂੰ ਖੇਰੂੰ" ਹੋਈਆਂ ਠੀਕਰੀਆਂ ਨੂੰ ਫੁਰਤੀ ਨਾਲ ਇੱਕ ਦੂਜੇ ਉੱਤੇ ਰੱਖ ਕੇ, ਸਾਰੇ ਟੀਮ ਦੇ ਸਾਥੀ ਇੱਕ ਆਵਾਜ਼ ਹੋ ਕੇ ਜ਼ੋਰਦਾਰ ਨਾਅਰਾ ਲਾਉਂਦੇ ਹਨ "ਪਿੱਠੂ ਗਰਮ ਹੈ!"। ਇਸ ਨਾਅਰੇ ਦੀ ਗੂੰਜ ਸਿਰਫ਼ ਮੈਦਾਨ ਦੀ ਹਦ ਤੱਕ ਸੀਮਤ ਨਹੀਂ ਰਹਿੰਦੀ, ਸਗੋਂ ਉਹ ਖਿਡਾਰੀ ਦੇ ਦਿਲ ਦੀ ਧੜਕਣ ਬਣ ਜਾਂਦੀ ਹੈ। ਇਹ ਜਿੱਤ ਦਾ ਐਲਾਨ ਹੁੰਦਾ ਹੈ, ਜਿਵੇਂ ਕਿਸੇ ਜੰਗ ਜਿੱਤਣ ਮਗਰੋਂ ਫ਼ਤਹ ਦੀ ਝੰਡੀ ਲਹਿਰਾਈ ਜਾਂਦੀ ਹੋਵੇ।

### ਕਿਵੇਂ ਤਿਆਰ ਕੀਤਾ ਜਾਂਦਾ ਸੀ ਖਿੱਦੋ

ਇੱਕ ਵੇਸਟ ਕੱਪੜਾ ਲੈ ਕੇ, ਉਸ ਵਿੱਚ ਪੁਰਾਣੀਆਂ ਲੀਰਾਂ ਜਾਂ ਰੂੰ ਭਰੋ, ਹੁਣ ਇਸ ਨੂੰ ਹੌਲੀ-ਹੌਲੀ ਗੇਂਦ ਦੇ ਆਕਾਰ ਵਿਚ ਗੋਲ ਕਰਦੇ ਹੋਏ ਇਸ ਤਰ੍ਹਾਂ ਸੂਈ-ਧਾਗੇ ਨਾਲ ਸਿਲਾਈ ਕਰੋ ਕਿ ਅੰਦਰ ਭਰਿਆ ਹੋਇਆ ਗੁੱਦਾ ਕਦੇ ਵੀ ਬਾਹਰ ਨਾ ਨਿਕਲ ਸਕੇ। ਇਹ ਸਿਲਾਈ ਮਜ਼ਬੂਤ ਹੋਣੀ ਚਾਹੀਦੀ ਹੈ। ਜਦੋਂ ਗੇਂਦ ਦਾ ਅਕਾਰ ਸਹੀ ਬਣ ਜਾਵੇ, ਤਾਂ ਉਸ ਦੇ ਬਾਹਰੀ ਹਿੱਸੇ 'ਤੇ ਰਬੜ ਦੀ ਬਰੀਕ ਰੱਸੀ ਜਾਂ ਰੰਗੀਨ ਧਾਗਿਆਂ ਦੇ ਲਪੇਟੇ ਪਾ ਕੇ ਉਸ ਨੂੰ ਹੋਰ ਵੀ ਆਕਰਸ਼ਕ ਬਣਾ ਦਿਓ। ਤੁਸੀਂ ਚਾਹੋ ਤਾਂ ਉੱਤੇ ਤਾਰੇ ਜਾਂ ਹੋਰ ਰਚਨਾਤਮਕ ਡਿਜ਼ਾਈਨ ਵੀ ਬਣਾਕੇ ਇਸ ਨੂੰ ਖਾਸ ਲੁੱਕ ਦੇ ਸਕਦੇ ਹੋ, ਤਾਂ ਜੋ ਜਦੋਂ ਵੀ ਕੋਈ ਬੱਚਾ ਇਹ ਖਿੱਦੋ ਵੇਖੇ, ਉਹਦੀਆਂ ਅੱਖਾਂ ਖਿੜ ਜਾਂਣ। ਇਸ ਤਰ੍ਹਾਂ ਬਣਾਇਆ ਗਿਆ ਖਿੱਦੋ ਨਾ ਸਿਰਫ਼ ਖੇਡਣ ਲਈ ਸੁਰੱਖਿਅਤ ਹੁੰਦਾ ਹੈ, ਸਗੋਂ ਘਰ ਵਿੱਚ ਉਪਲੱਬਧ ਸਮਾਨ ਨਾਲ ਬਣ ਕੇ ਬੱਚਿਆਂ ਨੂੰ ਆਪਣੇ ਹੱਥੀਂ ਬਣਾਉਣ ਦੀ ਰਚਨਾਤਮਕ ਖੁਸ਼ੀ ਵੀ ਦਿੰਦਾ ਹੈ। ਵੈਸੇ ਵੀ ਬਹੁਤੇ ਬੱਚੇ ਖਿੱਦੋ ਦੀ ਖੇਡ ਨੂੰ ਰਬੜ ਦੇ ਬਾਲ ਨਾਲ ਵੀ ਖੇਡ ਕੇ ਆਪਣਾ ਮਨਪਸੰਦ ਖੇਡ-ਰਸ ਲੈ ਲੈਂਦੇ ਹਨ, ਪਰ ਆਪਣੇ ਬਣਾਏ ਹੋਏ ਖਿੱਦੋ ਨਾਲ ਖੇਡਣ ਦਾ ਮਜ਼ਾ ਹੀ ਕੁਝ ਹੋਰ ਹੁੰਦਾ ਹੈ!

ਇਹ ਖੇਡ ਨਾ ਸਿਰਫ਼ ਦੌੜ ਭੱਜ, ਤੰਦਰੁਸਤੀ ਅਤੇ ਚੁਸਤੀ ਵਧਾਉਂਦੀ ਹੈ, ਸਗੋਂ ਇਹ ਰਣਨੀਤੀ, ਸਹਿਯੋਗ, ਲੀਡਰਸ਼ਿਪ, ਧੀਰਜ ਅਤੇ ਹਾਰ-ਜਿੱਤ ਨੂੰ ਸਹਿਣ ਦੀ ਸਮਰਥਾ ਵੀ ਬਚਿਆਂ ਵਿੱਚ ਵਿਕਸਤ ਕਰਦੀ ਹੈ। ਖਿੱਦੋ ਦੇ ਵੱਜਣ ਤੇ ਉੱਡਣ ਵਾਲੀਆਂ ਖੁਸ਼ੀਆਂ, ਖਿੱਦੋ ਬਣਾਉਣ ਦੇ ਉਤਸ਼ਾਹ ਅਤੇ ਜਿੱਤ ਦੀਆਂ ਗੂੰਜਦੀਆਂ ਚੀਕਾਂ, ਇਹ ਉਹ ਲਹਿਰਾਂ ਹਨ ਜੋ ਕਦੇ ਵੀ ਕਿਸੇ ਵੀ ਡਿਜੀਟਲ ਸਕਰੀਨ ਤੋਂ ਨਹੀਂ ਮਿਲ ਸਕਦੀਆਂ। ਅੱਜ ਜਦ ਬੱਚੇ ਘਰਾਂ ਵਿੱਚ ਕੈਦ ਹੋ ਕੇ ਸਕਰੀਨਾਂ ਦੇ ਗੁਲਾਮ ਬਣ ਗਏ ਹਨ, ਤਾਂ ਇਹ ਸਾਡੀ ਜ਼ਿੰਮੇਵਾਰੀ ਬਣਦੀ ਹੈ ਕਿ ਅਸੀਂ ਉਨ੍ਹਾਂ ਨੂੰ ਦੂਬਾਰਾ ਮੈਦਾਨਾਂ ਵਿੱਚ ਲੈ ਕੇ ਆਈਏ। ਪਿੱਠੂ ਵਰਗੀਆਂ ਖੇਡਾਂ ਨਾਲ ਮੁੜ ਜਿੰਦਾਬਾਦ ਕਰੀਏ। ਅਸੀਂ ਜੇ ਚਾਹੀਏ ਤਾਂ ਸਕੂਲਾਂ, ਕਾਲਜਾਂ ਅਤੇ ਕਸਬਿਆਂ ਦੇ ਮੈਦਾਨਾਂ ਵਿੱਚ ਇਹ ਖੇਡ ਮੁੜ ਸ਼ੁਰੂ ਕਰ ਸਕਦੇ ਹਾਂ। ਖੇਡ ਮੇਲੇ, ਸਮਾਗਮ ਅਤੇ ਸੈਮੀਨਾਰਾਂ ਰਾਹੀਂ ਇਹ ਖੇਡ ਨਵੀਂ ਪੀੜੀ ਨੂੰ ਸਿੱਖਾਈ ਜਾ ਸਕਦੀ ਹੈ।


ਪਿੱਠੂ ਖੇਡ ਦਾ ਮੁੱਖ ਮੰਤਵ ਸਿਰਫ਼ ਮਨੋਰੰਜਨ ਤੱਕ ਸੀਮਤ ਨਹੀਂ, ਸਗੋਂ ਇਹ ਬੱਚਿਆਂ ਦੇ ਭਾਵਨਾਤਮਕ, ਸਰੀਰਕ, ਮਾਨਸਿਕ ਅਤੇ ਸਮਾਜਿਕ ਵਿਕਾਸ ਲਈ ਇੱਕ ਬਹੁਤ ਹੀ ਸੌਖਾ ਪਰ ਅੱਤ ਪ੍ਰਭਾਵਸ਼ਾਲੀ ਮਾਧਿਅਮ ਹੈ। ਇਹ ਖੇਡ ਜਿਥੇ ਤੰਦਰੁਸਤੀ ਅਤੇ ਫੁਰਤੀ ਵਧਾਉਂਦੀ ਹੈ, ਉੱਥੇ ਹੀ ਸੋਚ ਦੀ ਤੀਖਣਤਾ, ਚੁਸਤਤਾ ਅਤੇ ਚਤੁਰਾਈ ਨੂੰ ਵੀ ਨਿਖਾਰਦੀ ਹੈ। ਪਿੱਠੂ ਖੇਡ ਦੇ ਰਾਹੀਂ ਬੱਚੇ ਸਹਿਯੋਗ, ਟੀਮਵਰਕ ਅਤੇ ਰਣਨੀਤੀਕ ਸੋਚ ਨੂੰ ਅਪਣਾਉਂਦੇ ਹਨ। ਇਹ ਖੇਡ ਬੱਚਿਆਂ ਨੂੰ ਹਾਰ ਤੇ ਜਿੱਤ ਦੋਵਾਂ ਨੂੰ ਸਹਿਣ ਦੀ ਸਮਰਥਾ, ਧੀਰਜ, ਮਨੋਬਲ ਅਤੇ ਸਪੁਰਦਗੀ ਸਿਖਾਉਂਦੀ ਹੈ। ਇਸ ਦੇ ਨਾਲ ਨਾਲ, ਪਿੱਠੂ ਸਾਂਝੀ ਵਿਰਾਸਤ ਨਾਲ ਜੁੜਾਅ ਦਾ ਇੱਕ ਮਜ਼ਬੂਤ ਪੁਲ ਹੈ, ਜੋ ਬੱਚਿਆਂ ਨੂ ਲੋਕ-ਸੰਸਕਾਰ ਅਤੇ ਮਿੱਟੀ ਦੀ ਮਹਿਕ ਨਾਲ ਜੋੜਦੀ ਹੈ।

ਪਿੱਠੂ ਖੇਡ, ਖਿਡਾਰੀਆਂ ਨੂੰ ਹੁਸ਼ਿਆਰ, ਮਜ਼ਬੂਤ ਅਤੇ ਜ਼ਿੰਮੇਵਾਰ ਨਾਗਰਿਕ ਬਣਾਉਣ ਵਿੱਚ ਵੀ ਬੜੀ ਭੂਮਿਕਾ ਨਿਭਾਉਂਦੀ ਹੈ।

ਪਠਾਨਕੋਟ ਦੇ ਨਾਲ ਪੈਂਦੇ ਸਰਕਾਰੀ ਸੀਨੀਅਰ ਸੈਕੰਡਰੀ ਸਮਰਾਟ ਸਕੂਲ ਜੰਗਲ ਵਿੱਚ, ਪਿੱਠੂ ਖੇਡ ਨੂੰ ਜ਼ਿੰਦਾ ਰੱਖਣ ਲਈ ਸਕੂਲ ਦੇ ਪ੍ਰਿੰਸੀਪਲ ਬਲਵਿੰਦਰ ਸੈਣੀ ਅਤੇ ਸਟੇਟ ਅਵਾਰਡੀ ਲੈਕਚਰਾਰ ਸਿਧਾਰਥ ਚੰਦਰ ਦੀ ਅਗਵਾਈ ਹੇਠ ਵਿਦਿਆਰਥੀਆਂ ਦੀ ਸਰਵਾਂਗੀਣ ਵਿਕਾਸ ਵੱਲ ਵਧਦੇ ਕਦਮਾਂ ਦੀ ਇਕ ਮਨਮੋਹਕ ਤਸਵੀਰ ਵੇਖਣ ਨੂੰ ਮਿਲਦੀ ਹੈ। ਸਿਹਤ ਤੇ ਸਰੀਰਕ ਸਿੱਖਿਆ ਨਾਲ ਸਬੰਧਤ ਅਧਿਆਪਕ ਦੀ ਆਸਾਮੀ ਲੰਬੇ ਸਮੇਂ ਤੋਂ ਖ਼ਾਲੀ ਹੋਣ ਦੇ ਬਾਵਜੂਦ, ਲੈਕਚਰਾਰ ਸਿਧਾਰਥ ਚੰਦਰ ਆਪਣੇ ਸਮਰਪਣ ਅਤੇ ਜ਼ਿੰਮੇਵਾਰੀ ਦੇ ਭਾਵ ਨਾਲ ਵਿਦਿਆਰਥੀਆਂ ਨੂੰ ਰੋਜ਼ਾਨਾ ਮੈਦਾਨ ਵਿੱਚ ਲੈ ਜਾਂਦੇ ਹਨ। ਉਹ ਖੇਡਾਂ ਦੇ ਮੁੱਲ, ਨੈਤਿਕਤਾ, ਅਤੇ ਸਰੀਰਕ ਫ਼ੁਰਤੀ ਬਾਰੇ ਨਾ ਸਿਰਫ਼ ਗਿਆਨ ਦਿੰਦੇ ਹਨ, ਬਲਕਿ ਆਪਣੇ ਆਪ ਨੂੰ ਵੀ ਉਨ੍ਹਾਂ ਨਾਲ ਕਦਮ ਮਿਲਾ ਕੇ ਦੌੜਦੇ ਹਨ। ਮੌਕੇ ਦੀ ਤਾਕੀਦ ਕਰਦੇ ਹੋਏ ਸਟੇਟ ਐਵਾਰਡੀ ਲੈਕਚਰਾਰ ਸਿਧਾਰਥ ਚੰਦਰ ਪਿੱਠੂ-ਖੇਡ ਦੇ ਦਾਅ-ਪੇਚ, ਕਸਰਤ ਅਤੇ ਟੀਮ ਸਪਿਰਿਟ ਦੇ ਜ਼ਰੀਏ ਵਿਦਿਆਰਥੀਆਂ ਨੂੰ ਸਿੱਖਣ ਦੀ ਪ੍ਰੇਰਣਾ ਦੇ ਰਹੇ ਹਨ। ਉਨ੍ਹਾਂ ਦੀ ਗੱਲਬਾਤ, ਅੰਦਾਜ਼ ਅਤੇ ਅਸਰਦਾਰ ਲੀਡਰਸ਼ਿਪ ਦੇ ਨਾਲ ਵਿਦਿਆਰਥੀਆਂ ਦੇ ਚਿਹਰਿਆਂ 'ਤੇ ਖੁਸ਼ੀ ਅਤੇ ਜੋਸ਼ ਦੀ ਚਮਕ ਵੱਧ ਰਹੀ ਹੈ, ਅਜਿਹੇ ਅਧਿਆਪਕ ਨਿਸ਼ਚਤ ਤੌਰ 'ਤੇ ਸਿੱਖਿਆ ਵਿਭਾਗ ਲਈ ਪ੍ਰੇਰਣਾ ਦਾ ਸਰੋਤ ਹਨ।

ਸੋ ਇਹ ਵਿਰਾਸਤੀ ਛੋਟੀ ਖੇਡ ਪਿੱਠੂ ਨੂੰ ਜ਼ਿੰਦਾਂ ਰਖਣ ਲਈ ਪੰਜਾਬ ਸਰਕਾਰ, ਸਿੱਖਿਆ ਵਿਭਾਗ, ਪੰਚਾਇਤਾਂ ਅਤੇ ਸਮਾਜਿਕ ਸੰਸਥਾਵਾਂ ਨੂੰ ਇਹ ਪਹਿਲ ਕਦਮੀ ਲੈਣੀ ਹੋਵੇਗੀ, ਤਾਂ ਕਿ ਅਸੀਂ ਆਪਣੀ ਵਿਰਾਸਤ ਖੇਡ ਨੂੰ ਬਚਾ ਸਕੀਏ ਅਤੇ ਅਪਣੇ ਬੱਚਿਆਂ ਨੂੰ ਉਹ ਨਿਰੋਏ ਲਹਿਜ਼ੇ, ਉਹ ਹਾਸੇ ਅਤੇ ਉਹ ਮਿੱਠਾ ਬਚਪਨ ਦੇ ਸਕੀਏ ਜੋ ਅਸੀਂ ਅਨੁਭਵ ਕੀਤਾ ਸੀ।

ਆਓ, ਇੱਕ ਵਾਰੀ ਫੇਰ ਗਲੀ 'ਚ ਪਿੱਠੂ ਲਾਈਏ, ਬਚਪਨ ਦੀਆਂ ਮਿੱਠੀਆਂ ਯਾਦਾਂ ਨੂੰ ਜ਼ਿੰਦਾ ਕਰੀਏ, ਤੇ ਆਪਣੀ ਮਿੱਟੀ ਦੀ ਖੇਡ ਨੂੰ ਮੁੜ ਵਸਾਈਏ !







ATWAL
IMMIGRATION SERVICES
ATWAL
TAX & IMMIGRATION
SERVICES
FAMILY PETITIONS
NATURALIZATION (US CITIZENSHIP)
GREEN CARD RENEW
WORK PERMIT RENEW
AFFIDAVIT OF SUPPORT
INDIAN AND US PASSPORT RENEW
INDIAN VISA
OCI
E-VISA
INDIAN PASSPORT SURRENDER
ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ
TONY
ATWAL
ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com
ਜਾਂ ਫ਼ਿਰ ਸਾਡੀ WEBSITE
www.atwaltaximmigrationservices.com
ADDRESS 1
119 N Maple Ave, Ste B,Manteca, CA,95336 Manteca
(209) 505-6384
ADDRESS 2
2800 Mitchell Rd,Ste.W,Ceres ,CA 95307, Ceres
(209) 568-9682


FLEET SAFETY
Management
• Driver Qualification Files
• Employment Background Verification
• Clearing House Enrollment & Admin Accounts
• DMV Employer Pull Notice (EPN & MVR)
• FMCSA Monitoring
• Accident Claims Assistance
• Vehicle Maintenance Records
• Daily Logbook Audits
• SAP Program Assistance
• Roadside Inspection Updates
• Citation Acknowledgement
• CDL and Medical Card Follow-Up
ਟਰੱਕਿੰਗ ਕੰਪਨੀ, ਦੇ ਮਾਲਕ ਜਾਂ Driver ਹੋ ?
Compliance ਵਿੱਚ ਰਹਿਣ ਲਈ ਮਦਦ ਚਾਹੀਦੀ ਹੈ ?
ਤੁਹਾਡਾ Audit Fail ਹੋ ਗਿਆ ਹੈ ?
ਤੁਹਾਡਾ License ਕਿਸੇ ਵੀ ਨਸ਼ੇ ਕਰਕੇ Suspend ਹੋਇਆ ਹੈ ?
Drug Test ਵਿੱਚ Fail ਹੋ ਗਏ ਹੋ ?
17910 Murphy pkwy Lathrop, CA
(678) 984-2697


SERVPRO
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Fire Damage Restoration
ਅਸੀਂ ਇਮਾਰਤ ਵਿਚ ਲੱਗੀ ਅੱਗ, ਸਵਾਹ ਦੇ ਲੱਗੇ ਦਾਗ ਕੰਧਾਂ, ਛਤਾਂ ਅਤੇ ਫ਼ਰਸ਼ ਤੋਂ ਮਸ਼ੀਨਾਂ ਨਾਲ ਸਾਫ਼ ਕਰਦੇ ਹਾਂ | ਅੱਗ ਲੱਗੇ ਘਰ ਦੀ ਹਵਾ ਮਸ਼ੀਨਾਂ ਨਾਲ ਸਾਫ਼ ਕਰਦੇ ਹਾਂ
Water Removal and Dehumidification
ਤੁਹਾਡੀ ਇਮਾਰਤ ਵਿੱਚ ਪਾਣੀ ਆ ਜਾਵੇ ਜਾਂ ਪਾਣੀ ਨਾਲ ਆਈ ਸਲਾਬ ਨੂੰ ਮਸ਼ੀਨ ਨਾਲ ਖਤਮ ਕਰਦੇ ਹਾਂ | ਸਾਰਾ ਪਾਣੀ ਕੱਢ ਕੇ ਜਾਗ੍ਹ ਨੂੰ ਸੁਕਾ ਕੇ ਖ਼ਰਾਬ ਹੋਇਆ ਸਮਾਨ ਜਾਂ floor ਨੂੰ ਇੰਸੂਰਾਂਸ ਕੰਪਨੀ ਕੋਲੋਂ Approval ਲੈ ਕੇ Remove ਕਰਦੇ ਹਾਂ,
Ozone and Hydroxyl, Neutralizing
ਅਸੀਂ ਘਰ ਅਤੇ Rental Property ਵਿਚੋਂ Ozone Hydroxyl ਮਸ਼ੀਨਾਂ ਨਾਲ ਮਸਾਲਿਆਂ ਜਾਂ ਸਿਗਰਟ ਦੀ ਬਦਬੂ ਖਤਮ ਕਰਦੇ ਹਾਂ
Mold-Biohazard Remediation
ਘਰ ਵਿਚ ਜੇਕਰ ਕਿਸੇ ਕਾਰਨ ਕਰਕੇ Mold ਆ ਜਾਂਦੀ ਹੈ ਤਾਂ ਅਸੀਂ Mold ਨੂੰ ਹਟਾ ਵੀ ਸਕਦੇ ਹਾਂ ਅਤੇ ਭਵਿੱਖ ਵਿੱਚ ਕਦੇ ਦੋਬਾਰਾ Mold ਨਾ ਆ ਸਕੇ ਉਸ ਦਾ ਵੀ ਅਸੀਂ ਪ੍ਰਬੰਧ ਕਰਦੇ ਹਾਂ ਤਾਂ ਕਿ ਦੱਮੇ (ਸਾਹ) ਦੀ ਬਿਮਾਰੀ ਜਾਂ ਹੋਰ ਕੋਈ ਬਿਮਾਰੀ ਨਾ ਆ ਸਕੇ
Carpet and Hard Floor Cleaning and Care
Carpet ਜਾਂ Hard Floor ਦੀ ਸਫ਼ਾਈ ਅਤੇ ਸਾਂਭ-ਸੰਭਾਲ ਵੀ ਕਰਦੇ ਹਾਂ
Stain Removal, Stain Resistance Applications
ਅੱਗ ਲੱਗਣ,ਧੂਆਂ ਹੋਣ ਜਾਂ ਸਵਾਹ ਖਿੱਲਰ ਜਾਵੇ ਅਸੀਂ ਤੁਹਾਡੀ ਸਫਾਈ ਕਰਦੇ ਹਾਂ
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702

# EXIT REALTY CONSULTANTS

150 W.Yosemite Ave.,Manteca ,CA ,95336



ਵਪਾਰਕ, ਰਿਹਾਇਸ਼ੀ, ਉਦਯੋਗਿਕ, ਖੇਤੀਬਾੜੀਜ਼ਮੀਨਾਂ
(ਘਰ , ਖਾਲੀ ਜ਼ਮੀਨ ,ਫਾਰਮ ,ਸਟੇਸ਼ਨ )
ਵਾਜਬ ਰੇਟਾਂ ਤੇ ਵੇਚਣ ਜਾਂ ਖਰੀਦਣ ਲਈ
ਇਮਾਨਦਾਰ ਅਤੇ ਭਰੋਸੇਮੰਦ ਸੇਵਾਵਾਂ ਲਈ ਮਿਲੋ

## Raman Bassi

Realtor DRE # 02162139



ਵਧੇਰੇ ਜਾਣਕਾਰੀ ਲਈ ਕਾਲ ਕਰੋ

Cell : 510-432-8122
Office : 209-823-1234

www.RamanBassi.EXITHOME.COM
RBassi@EXITHOME.com

# ਇਕ ਤਰਫਾ ਟੈਰਿਫ਼ ਵਾਧਾ ਅਮਰੀਕਾ ਦਾ ਸੰਸਾਰ ਬਾਜ਼ਾਰ 'ਤੇ ਹਮਲਾ

ਅੱਜ ਸੰਸਾਰ ਅੰਦਰ ਪੂੰਜੀਵਾਦੀ ਪ੍ਰਣਾਲੀਗਤ ਸੰਕਟ ਦੇ ਸਿੱਟੇ ਵਜੋਂ ਸਾਮਰਾਜੀ ਅਮਰੀਕਾ ਸਮੇਤ ਵਿਕਸਤ ਦੇਸ਼ਾਂ ਅੰਦਰ ਵਿਕਾਸ ਦਰ ਸੁਸਤ ਚਲ ਰਹੀ ਹੈ। ਜਿਸ ਕਰਕੇ ਸਿੱਟੇ ਵਜੋਂ ਆਰਥਿਕ ਅਸਮਾਨਤਾਵਾਂ, ਗਰੀਬੀ, ਬੇਰੁਜ਼ਗਾਰੀ, ਭੁੱਖਮਰੀ ਵਧ ਰਹੀ ਹੈ। ਉਥੇ ਅਮਰੀਕਾ ਇਸ ਸੰਕਟ ਦਾ ਬੋਝ ਅੰਤਰ-ਰਾਸ਼ਟਰੀ ਵਿਤੀ ਪੂੰਜੀ ਦੀ ਅਗਵਾਈ ਅਤੇ ਦਬਾਅ ਅਧੀਨ ਆਪਣੇ ਪੂੰਜੀ-ਸੰਗ੍ਰਹਿ ਦੀ ਪ੍ਰਕਿਰਿਆ ਨੂੰ ਤੇਜ਼ ਕਰ ਰਿਹਾ ਹੈ। ਇਹ ਅਮਰੀਕਾ ਦੇ ਸਾਮਰਾਜਵਾਦੀ ਹਮਲਾਵਰੀ ਵੱਲ ਵੱਧਣ ਦੇ ਸਪਸ਼ਟ ਲੱਛਣ ਹਨ। ਅਮਰੀਕਾ ਦੀ ਅਗਵਾਈ ਵਾਲੇ ਜੀ-7 ਅਤੇ ਨਾਟੋ 'ਤੇ ਖੁਦ ਅਮਰੀਕਾ, ਖੁਲ੍ਹੇਆਮ ਕੇਵਲ ਆਰਥਿਕ ਮੁਹਾਜ ਹੀ ਨਹੀਂ ਸਗੋਂ ਨਾ-ਸਹਿਮਤੀ ਵਾਲੇ ਦੇਸ਼ਾਂ ਅੰਦਰ ਯੁੱਧ ਅਤੇ ਆਰਥਿਕ ਧੌਂਸਾਂ ਰਾਹੀਂ ਅਲੱਗ-ਥਲੱਗ ਵਾਲੀਆਂ ਜ਼ਬਰੀ ਨੀਤੀਆਂ ਵੀ ਲਾਗੂ ਕਰ ਰਿਹਾ ਹੈ। ਡੋਨਾਲਡ ਟਰੰਪ ਵਲੋਂ ਚੀਨ, ਭਾਰਤ ਅਤੇ ਹੋਰ ਕਈ ਦੇਸ਼ਾਂ ਨਾਲ ਵਾਪਾਰ ਅੰਦਰ ਵਿਤੀ ਹਮਲੇ ਵੀ ਸੇਧ ਦਿੱਤੇ ਹਨ। ਕਈ ਖੇਤਰਾਂ ਅੰਦਰ ਵਾਪਾਰ ਪੂੰਜੀ ਨਿਵੇਸ਼ ਅਤੇ ਐਕਸਪੋਰਟ ਖੇਤਰ ਵਿੱਚ ਜਿਨ੍ਹਾਂ ਕਿਸੇ ਦੋ ਧਿਰੀ (ਰੀ-ਨੈਗੋਸੀਏਸ਼ਨ) ਗਲਬਾਤ, 'ਸਿਧੇ ਟੈਰਿਫ਼ ਦੀਆਂ ਦਰਾਂ 'ਚ ਅਥਾਹ ਵਾਧਾ ਕਰ ਦਿੱਤਾ ਹੈ। ਭਾਰਤ ਅੰਦਰ ਮੋਦੀ ਸਰਕਾਰ ਜੋ ਟਰੰਪ ਦੀ ਹੋਜਲੀ ਅਤੇ ਨੇੜਤਾ ਰੱਖਦੀ ਸੀ, ਉਤੇ 25-ਫੀਸਦ ਟੈਰਿਫ਼ (ਟੈਕਸ) ਲਗਾਇਆ ਸੀ, ਉਹ ਹੁਣ ਵਧਾ ਕੇ 50-ਫੀ ਸਦ ਕਰਨ ਦਾ ਐਲਾਨ ਕਰ ਦਿੱਤਾ ਹੈ।

ਇਸ ਵੇਲੇ ਦੁਨੀਆ ਦੇ 166-ਦੇਸ਼ ਸੰਸਾਰ ਵਾਪਾਰ ਸੰਸਥਾਂ ਦੇ ਮੈਂਬਰ ਹਨ। ਇਹ ਦੇਸ਼ ਆਪੋ ਆਪਣੇ ਹਿਤਾਂ ਮੁਤਾਬਕ ਅੰਦਰ ਰਹਿਕੇ ਜਾਂ ਬਾਹਰ ਰਹਿ ਕੇ ਆਪਸੀ ਸਮਝੌਤੇ ਰਾਹੀਂ ਵਾਪਾਰ ਕਰਦੇ ਆ ਰਹੇ ਹਨ। ਅਮਰੀਕਾ ਅਤੇ ਭਾਰਤ ਵਿਚਕਾਰ ਵੀ ਆਪਸੀ ਸੰਬੰਧ ਕਾਫੀ ਸੁਧਰੇ ਹੋਏ ਸਨ। ਭਾਰਤ ਜੋ ਸ਼ੁਰੂ ਤੋਂ ਹੀ ਨਿਰਪੱਖਤਾ ਵਾਲੀ ਨੀਤੀ ਅਪਣਾਉਂਦਾ ਰਿਹਾ ਸੀ। ਪਰ ਪਿਛਲੇ ਇਕ ਦਹਾਕੇ ਤੋਂ ਮੌਜੂਦਾ ਬੀ.ਜੇ.ਪੀ. ਦੀ ਮੋਦੀ ਸਰਕਾਰ ਕਾਫੀ ਹੱਦ ਤਕ ਅਮਰੀਕਾ ਪੱਖੀ ਪੈਂਤੜੇ ਲੈਂਦੀ ਆ ਰਹੀ ਹੈ। 1947-48 ਕਸ਼ਮੀਰ ਸੰਕਟ ਤੋਂ ਲੈ ਕੇ ਭਾਰਤ ਆਪਣੇ ਨਿੱਜੀ ਹਿਤਾਂ ਕਾਰਨ ਪਹਿਲਾ ਸੋਵੀਅਤ ਯੂਨੀਅਨ ਅਤੇ 1991 ਤੋਂ ਬਾਅਦ ਰੂਸ ਵਲ ਝੁਕਾਅ ਰੱਖਦਾ ਆ ਰਿਹਾ ਸੀ। ਕੁਝ ਅਰਸੇ ਤੋਂ ਕੌਮਾਂਤਰੀ ਹਲਾਤਾਂ ਦੀ ਬਦਲੀ ਹਵਾ ਅਨੁਸਾਰ ਹੁਣ ਭਾਰਤ, ਚੀਨ ਨਾਲ ਵੀ ਨੇੜਤਾ ਲਈ ਆਪਣਾ ਹੱਥ ਮਿਲਾ ਰਿਹਾ ਹੈ। ਗਾਜਾਂ ਅੰਦਰ ਇਸਰਾਇਲ ਦੇ ਵਿਸਥਾਰਵਾਦੀ ਨੀਤੀਆਂ ਅਤੇ ਲੋਕਾਂ 'ਤੇ ਹਮਲਿਆ ਕਾਰਨ, ਯੂਕਰੇਨ-ਰੂਸ ਜੰਗ ਅਤੇ ਮੱਧ-ਪੂਰਬ ਅੰਦਰ ਸਾਮਰਾਜੀ ਹਮਲਿਆ ਦੇ ਨਤੀਜੇ ਵਜੋਂ ਭਾਰਤ ਹੁਣ ਕੌਮਾਂਤਰੀ ਸਾਖ ਅਤੇ ਏਸ਼ੀਆ ਅੰਦਰ ਆਪਣੀ ਸਥਾਪਤੀ ਲਈ ਰੂਸ ਅਤੇ ਚੀਨ ਦੇ ਹੋਰ ਨੇੜੇ ਵੀ ਆ ਰਿਹਾ ਹੈ। ਜੋ ਦੁਨੀਆ ਦੀ ਦਾਦਾਗਿਰੀ ਕਰਨ ਵਾਲੇ ਅਮਰੀਕਾ ਨੂੰ ਭਾਉਂਦਾ ਨਹੀਂ ਹੈ। ਇਹ ਤਾਂ ਭਾਰਤ ਨੇ ਦੇਖਣਾ ਹੈ ਕਿ ਉਸ ਦੇ ਆਰਥਿਕ ਅਤੇ ਕੌਮਾਂਤਰੀ ਹਿਤ ਕਿਸ ਦੇਸ਼ ਨਾਲ ਠੀਕ ਬੈਹਿੰਦੇ ਹਨ ?

ਪਰ ਅੱਜੇ ਵੀ ਭਾਰਤ ਵਲੋਂ ਆਪਣੀ ਅਮਰੀਕਾ ਪੱਖੀ ਵਿਦੇਸ਼ ਨੀਤੀ ਅਤੇ ਅਮਰੀਕੀ ਸਾਮਰਾਜਵਾਦ ਨਾਲ ਰਣਨੀਤਕ ਸਬੰਧਾਂ ਨੂੰ ਨਾ ਹੀ ਬਦਲਿਆ ਤੇ ਨਾ ਹੀ ਕੋਈ ਆਸ ਦਿੱਸਦੀ ਹੈ? ਵੱਧ ਰਹੇ ਬਹੁ-ਧਰੁਵੀ ਸੰਸਾਰ ਦੀਆਂ ਹਕੀਕਤਾਂ ਨੇ ਮੋਦੀ ਸਰਕਾਰ ਨੂੰ ਬ੍ਰਿਕਸ ਅਤੇ ਸ਼ਿੰਘਾਈ ਸਹਿਯੋਗ ਸੰਗਠਨ ਵਿੱਚ ਇਕ ਸਰਗਰਮ ਭਾਈਵਾਲ ਬਣਨ ਲਈ ਭਾਵੇਂ ਮਜਬੂਰ ਵੀ ਕੀਤਾ ਹੋਇਆ ਹੈ ਪਰ ਯੂਕਰੇਨ-ਰੂਸ ਜੰਗ ਨੂੰ ਛੱਡ ਕੇ ਜਿਥੇ ਭਾਰਤ ਨੇ ਨਿਰਪੱਖ ਸਥਿਤੀ ਅਪਣਾਉਣ ਦੀ ਕੋਸ਼ਿਸ਼ ਕੀਤੀ ਹੈ, ਉਥੇ ਅਜੇ ਵੀ ਭਾਰਤ ਦੀ ਵਿਦੇਸ਼ ਨੀਤੀ ਮੋਟੇ ਤੌਰ ਤੇ ਅਮਰੀਕਾ ਦੇ ਭੂਗੋਲਿਕ ਰਾਜਨੀਤਕ ਮਨਸੂਬਿਆ ਨਾਲ ਜੁੜੀ ਰਹੀ ਹੈ। ਪਿਛਲੇ 7-ਸਾਲਾਂ ਵਿੱਚ ਭਾਰਤ ਨੇ ਅਮਰੀਕਾ ਤੋਂ 15-ਬਿਲੀਅਨ ਡਾਲਰ ਦੇ ਹਥਿਆਰ ਖਰੀਦੇ ਹਨ। ਪਰ ਪਿਛਲੇ ਕੁਝ ਦਿਨਾਂ ਤੋਂ ਹੁਣ ਨਿਰਯਾਤ 'ਤੇ ਟੈਕਸ ਅਤੇ ਟੈਰਿਫ ਦੇ ਮੁੱਦੇ 'ਤੇ ਟਰੰਪ ਦਾ ਰੁੱਖ ਭਾਰਤ ਪ੍ਰਤੀ ਅਲੱਗ ਹੀ ਨਹੀਂ ਸਗੋਂ ਹਮਲਾਵਰੀ ਵੀ ਦਿਸ ਰਿਹਾ ਹੈ। ਉਸ ਦਾ ਕਾਰਨ ਦੁਨੀਆ ਅੰਦਜ ਸਾਮਰਾਜੀ ਅਮਰੀਕਾ ਦੀ ਅਰਥ-ਵਿਵੱਸਥਾ ਦੀ ਸਥਿਤੀ ਅੰਦਰ ਆਈ ਡਾਵਾਂਡੋਲਤਾ ਵੀ ਹੈ। ਹੁਣ ਟਰੰਪ ਨੇ ਆਪਣੇ ਵਾਪਾਰ ਸਬੰਧਾਂ ਅੰਦਰ ਕਾਫੀ ਬਦਲਾਅ ਕਰਕੇ ਆਪਣੀਅ ਆਰਥਿਕਤਾ ਨੂੰ ਮਜ਼ਬੂਤ ਕਰਨ ਲਈ ਟੈਰਿਫ ਦਰਾਂ 'ਚ ਅਥਾਹ ਵਾਧਾ ਐਲਾਨਿਆ ਹੈ।

ਭਾਰਤ ਕਿਉਂਕਿ ਤੇਲ ਅਤੇ ਹਥਿਆਰ ਰੂਸ ਪਾਸੋਂ ਖਰੀਦਦਾ ਹੈ ਅਤੇ ਦੋਨੋਂ ਦੇਸ਼ਾਂ ਦੇ ਕੁਠ ਖੇਤਰਾਂ 'ਚ ਮਜ਼ਬੂਤ ਸਬੰਧਾਂ ਕਾਰਨ, 'ਅਮਰੀਕਾ ਨੇ ਬਖਲਾਕੇ ਭਾਰਤ 'ਤੇ 25-ਫਰ 'ਤੇ ਟੈਰਿਫ ਥੋਪਿਆ ਸੀ। ਬਹਾਨਾ ਇਹ ਬਣਾ ਰਿਹਾ ਹੈ, 'ਕਿ ਭਾਰਤ ਤੇ ਰੂਸ ਦੀ ਆਰਥਿਕਤਾ ਮਰੀ ਹੋਈ ਭਾਵ ਡੁੱਬ ਰਹੀ ਹੈ। ਹੁਣ ਉਹ ਵਧਾ ਕੇ 50-ਫੀਸਦ ਕਰਨ ਦਾ ਐਲਾਨ ਕਰ ਦਿੱਤਾ ਹੈ। ਮੋਦੀ ਦੇ ਹੇਜਲੇ ਟਰੰਪ ਨੇ ਹੋਰ ਕਈ ਢੁੱਚਰਾ ਵੀ ਢਾਹੀਆ ਹਨ। ਪਰ ਇਹ ਵੀ ਐਲਾਨਿਆ ਕਿ ਭਾਰਤ-ਅਮਰੀਕਾ ਮਿੱਤਰ ਹਨ। ਪਰ ਭਾਰਤ ਨੇ ਸਾਡੇ ਨਾਲ ਘੱਟ ਵਾਪਾਰ ਕੀਤਾ ਹੈ। ਭਾਵੇਂ ਅਮਰੀਕਾ ਨੇ 70 ਤੋਂ ਵੱਧ ਦੇਸ਼ਾਂ ਤੇ 10-ਫੀ ਸਦ ਤੋਂ 41-ਫੀਸਦ ਤਕ (ਏਚਿਪਰੋਚਓਲ) ਦੋ ਤਰਫ਼ਾ ਆਪਸੀ ਟੈਰਿਫ ਲਾਉਣ ਦਾ ਵੀ ਐਲਾਨ ਕੀਤਾ ਹੈ। ਭਾਰਤ ਦੇ ਗੁਵਾਂਢੀ ਦੇਸ਼ ਪਾਕਿਸਤਾਨ 'ਤੇ 19-ਫੀਸਦ ਟੈਰਿਫ਼ ਲਾਇਆ ਹੈ। ਇਹ ਵਾਪਾਰ ਟੈਕਸ ਕੀ ਹੁਣ ਗਲਬਾਤ ਰਾਹੀਂ ਘੱਟਣਗੇ ਜਾਂ ਦੋ ਦਰਫ਼ਾਂ ਟੈਕਸ ਦਬਾਅ ਅਧੀਨ ਹੋਰ ਸ਼ਕਲ ਅਖਤਿਆਰ ਕਰਨਗੇ, ਸਮਾਂ ਹੀ ਦੱਸੇਗਾ ?ਭਾਰਤ ਵਲੋਂ ਵੀ ਅਧਿਕਾਰਤ ਜਵਾਬੀ ਪ੍ਰਕਿਰਿਆ ਹੋਈ ਹੈ। ਭਾਰਤ; ਹੁਣ ਆਪਣੇ ਕੌਮੀ ਹਿਤਾਂ ਅਤੇ ਆਰਥਿਕ ਰੱਖਿਆ ਲਈ ਜ਼ਰੂਰੀ ਕਦਮ ਉਠਾਏਗਾ। ਇਹ ਵੀ ਕਿਹਾ ਕਿ ਸਾਡੇ ਤੇ ਅਲੋਚਨਾ ਕਰਨ ਵਾਲੇ ਖੁਦ ਰੂਸ ਨਾਲ ਵਾਪਾਰ ਕਰਦੇ ਹਨ। ਇਹ ਵਿਰੋਧੀਆਂ ਤੇ ਦਬਾਅ ਪਾਉਣ ਲਈ ਅਜਿਹੇ ਹੱਥਕੰਡੇ ਵਰਤੇ ਜਾ ਰਹੇ ਹਨ। ਚੀਨ 'ਤੇ 145-ਫੀਸਦ ਟੈਕਸ ਐਲਾਨਿਆ, ਜਦ ਚੀਨ ਨੇ ਵੀ ਅੱਖਾਂ ਦਿਖਾਈਆਂ ਤਾਂ ਘੱਟ ਕਰਕੇ 35-ਫੀਸਦ ਕਰ ਦਿੱਤਾ।

ਕੂਟਨੀਤਕ ਹਲਕਿਆ ਅੰਦਰ ਇਹ ਵੀ ਇਕ ਪੱਖ ਹੈ ਕਿ ਟਰੰਪ ਇਸ ਗੱਲੋਂ ਨਰਾਜ਼ ਹੈ ਕਿ ਭਾਰਤ-ਪਾਕਿ ਜੰਗਬੰਦੀ ਲਈ ਭਾਰਤ ਸਰਕਾਰ ਟਰੰਪ ਦੀ ਵਿਚੋਲਗੀ ਤੋਂ ਇਨਕਾਰੀ ਹੋ ਰਿਹਾ ਹੈ। ਸ਼ੀਤ ਯੁੱਧ ਦੇ ਸਮੇਂ ਤੋਂ ਅੱਜ ਤੱਕ ਅਮਰੀਕਾ ਨਾਲ ਭਾਰਤ ਦੇ ਸਬੰਧ ਕਈ ਵਾਰ ਖਰਾਬ ਹੋਏ ਤੇ ਖੱਟੇ-ਮਿੱਠੇ ਰਹੇ ਹਨ। ਅਟੱਲ-ਵਾਜਪਈ ਵੇਲੇ ਤੇ ਮਨਮੋਹਨ ਸਿੰਘ ਵੇਲੇ ਪ੍ਰਮਾਣੂ ਸੰਧੀ 'ਤੇ ਕਈ ਹੋਰ ਮੁਦਿਆਂ 'ਤੇ ਸਬੰਧ ਸੁਧਰੇ ਤੇ ਦੂਰੀਆਂ ਵੱਧੀਆ ਵੀ: ਪਿਛੇ ਜਿਹੇ ਹੀ ਮੋਦੀ ਸਰਕਾਰ ਦੇ ਗਲਿਆਰਿਆ ਅੰਦਰ ਟਰੰਪ ਨੂੰ ਸ਼ਾਂਤੀ ਨੋਬਲ ਪ੍ਰਾਇਜ਼ ਦੇਣ ਲਈ ਚਰਚਾ ਵੀ ਹੁੰਦੀ ਸੀ। ਟਰੰਪ ਵਲੋਂ ਮਿੱਤਰ ਦੱਸ ਕੇ ਟੈਰਿਫ਼ ਦਰਾਂ 'ਚ ਵਾਧਾ ਐਲਾਨ ਦਾ ਭਾਰਤ ਲਈ ਕਠੋਰ, ਗੈਰ-ਸਹਿਣਯੋਗ ਅਤੇ ਗੈਰ-ਮੁਦਰਿਕ ਵਾਪਾਰ ਰੋਕਾਂ ਹਨ। ਟਰੰਪ ਨੇ ਫਿਰ ਦੁਹਰਾਇਆ ਹੈ ਭਾਰਤ ਅਮਰੀਕਾ ਪ੍ਰਤੀ ਵਾਪਾਰ ਅੰਦਰ ਸੰਕੋਚ ਵਰਤ ਰਿਹਾ ਹੈ। ਉਹ ਰੂਸ ਨਾਲ ਵਾਪਾਰ ਅਤੇ ਤੇਲ ਲੈਣ ਲਈ ਨੇੜਤਾ ਜਾਰੀ ਰੱਖ ਰਿਹਾ ਹੈ। ਪਰ ਟਰੰਪ ਦਾ ਪਾਕਿ ਪ੍ਰਤੀ ਨਰਮ ਰਵੱਈਆ ਤੇ ਰੂਸ-ਭਾਰਤ ਡੈਡ-ਆਰਥਿਕਤਾ ਨੇ ਅਮਰੀਕਾ-ਭਾਰਤ ਸਬੰਧਾਂ ਤੇ ਪਾਣੀ ਫੇਰਨਾ ਤੇ ਰਾਜਨੀਤਕ ਸਬੰਧਾਂ ਨੂੰ ਫਿਕਾ ਕੀਤਾ ਹੈ। ਕੀ ਹੁਣ ਭਾਰਤ ਅਮਰੀਕਾ ਦੇ ਇਸ ਰਵੱਈਏ ਪ੍ਰਤੀ ਅਡਿੰਗ ਰਹਿ ਸੱਕੇਗਾ ?

ਭਾਰਤ ਆਪਣੀ ਤੇਲ ਦੀ ਜ਼ਰੂਰਤ ਪੂਰੀ ਕਰਨ ਲਈ 2021-22 'ਚ ਰੂਸ ਤੋਂ 2.10-ਫੀਸਦ ਤੇਲ ਖਰੀਦਦਾ ਸੀ ਜੋ 2022-23 'ਚ 19.10-ਫੀਸਦ, 2023-24 'ਚ ਇਹ ਵਾਧਾ 33.40-ਫੀ ਸਦ ਅਤੇ 2024-25 ਤਕ ਇਹ ਵੱਧ ਕੇ 35.10ਫੀ ਸਦ ਪੁੱਜ ਗਿਆ ਸੀ। ਇਸ ਤੋਂ ਬਿਨਾਂ ਭਾਰਤ ਇਰਾਕ, ਇਰਾਨ, ਅਰਬ ਅਤੇ ਹੋਰ ਦੇਸ਼ਾਂ ਤੋਂ ਵੀ ਜ਼ਰੂਰਤ ਲਈ ਤੇਲ ਖਰੀਦ ਰਿਹਾ ਹੈ। ਭਾਰਤ ਨੇ ਅਮਰੀਕਾ ਤੋਂ ਸਾਲ 2024-25 ਦੁਰਾਨ 4.60-ਫੀ ਤੇਲ ਖਰੀਦਿਆ ਸੀ। ਹਰ ਸਾਲ ਭਾਰਤ 11 ਲੱਖ ਕਰੋੜ ਰੁਪਏ ਦਾ ਪੈਟਰੋਲ ਤੇ ਡੀਜ਼ਲ ਦੂਸਰੇ ਦੇਸ਼ਾਂ ਤੋਂ ਖਰੀਦਦਾ ਹੈ, ਜੋ 80ਫੀ ਸਦ ਸੀ। ਭਾਰਤ ਦਾ ਰੁਪਿਆ ਡਾਲਰ ਦੇ ਮੁਕਾਬਲੇ ਲਗਾਤਾਰ ਕਮਜ਼ੋਰ ਹੁੰਦਾ ਜਾ ਰਿਹਾ ਹੈ। ਪਰ ਟਰੰਪ ਵਲੋਂ ਭਾਰਤ ਨੂੰ ਕੋਈ ਰਾਹਤ ਅਤੇ ਸਹੂਲਤ ਨਹੀਂ ਮਿਲ ਰਹੀ ਹੈ। ਫਿਰ ਭਾਰਤ ਅਮਰੀਕਾ ਤੋਂ ਮਹਿੰਗਾ ਤੇਲ ਕਿਉਂ ਖਰੀਦੇਗਾ? 50-ਫੀਸਦ ਟੈਰਿਫ ਭਾਰਤ ਤੇ ਲਗਾਉਣਾ ਇਹ ਸੁਝਾਅ ਕਿਉਂ ? ਟਰੰਪ ਅੱਜੇ ਹੋਰ ਜੁਰਮਾਨਾ ਲਾਉਣ ਲਈ ਕਹਿ ਰਿਹਾ ਹੈ। ਅਮਰੀਕਾ ਵਲੋਂ ਰੂਸ 'ਤੇ ਤੇਲ ਦੀਆਂ ਕੀਮਤਾਂ ਘੱਟ ਕਰਾਉਣ ਲਈ, ' ਟਰੰਪ ਦਾ ਇਹ ਇਕ ਢੰਗ ਹੈ। ਕਿਵੇਂ ਪੂਤਿਨ ਉਪਰ ਯੂਕਰੇਨ ਜੰਗ ਰੋਕਣ ਲਈ ਦਬਾਅ ਬਣਾਉਣਾ ਹੈ ? ਦੂਸਰੇ ਪਾਸੇ 2024 ਦੌਰਾਨ ਯੂਰਪੀ-ਸੰਘ ਦਾ ਰੂਸ ਨਾਲ ਵਾਪਾਰ 67.5 ਅਰਬ ਯੂਰੋ ਤਕ ਸੀ, ਜੋ ਫਰਟਾਲਾਈਜ਼ਰ, ਖਨਨ, ਕੈਮੀਕਲ, ਲੋਹਾ, ਸਟੀਲ, ਆਟੋਪਾਰਟ, ਯੂਰੇਨੀਅਮ ਗੈਸ ਆਦਿ ਖੇਤਰਾਂ ਅੰਦਰ ਹੋਇਆ।

ਅਮਰੀਕਾ ਅਤੇ ਯੂਰਪੀ ਸੰਘ ਦੇ ਉਨ੍ਹਾਂ ਯਤਨਾਂ ਦੀ ਭਾਰਤ ਨੇ ਅਲੋਚਨਾ ਕੀਤੀ ਹੈ ਜਿਹੜੇ ਭਾਰਤ ਦੀਆਂ ਰਿਫਾਈਨਰੀਆਂ ਨੂੰ ਬੰਦ ਕਰਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਭਾਰਤ ਦਾ ਆਯਾਤ ਗਲੋਬਲ ਮਾਰਕੀਟ ਦੇ ਹਲਾਤਾਂ ਅਨੁਸਾਰ ਜ਼ਰੂਰੀ ਹੈ। ਇਹ ਭਾਰਤ ਦਾ ਨਿਜੀ ਮਾਮਲਾ ਹੈ। ਭਾਰਤ ਨੇ ਆਪਣੀਆਂ ਲੋੜਾਂ ਅਨੁਸਾਰ ਆਯਾਤ-ਨਿਰਯਾਤ ਕਰਨਾ ਹੈ। ਇਸ ਨੂੰ ਰੋਕਣਾ ਕਈ ਪ੍ਰਕਾਰ ਦੀਆਂ ਉਲਝਨਾ ਪੈਦਾ ਕਰਨਾ ਹੋਵੇਗਾ ? ਤੇਲ ਅੱਜ ਦੁਨੀਆ ਅੰਦਰ ਇਕ ਯੁਧਨੀਤਕ ਹਥਿਆਰ ਹੈ। ਇਸ ਨੂੰ ਭਾਰਤ ਵਲੋ ਸੰਸਾਰ-ਵਿਆਪੀ ਘਟਨਾਕਰਮ ਅਤੇ ਭੂਗੋਲਿਕ-ਰਾਜਨੀਤਕ ਰਿਸ਼ਤਿਆ ਦੇ ਸੰਦਰਭ ਵਿੱਚ ਦੇਖਿਆ ਜਾਣਾ ਚਾਹੀਦਾ ਹੈ। ਜਿਸ ਦਾ ਭਾਰਤ ਦੀ ਕੌਮੀ ਸਥਿਤੀ 'ਤੇ ਸਿੱਧਾ ਪ੍ਰਭਾਵ ਪੈਂਦਾ ਹੈ। ਭਾਰਤ ਵਲੋਂ ਰੂਸ ਤੋਂ ਤੇਲ ਖਰੀਦਣਾਂ ਤੇ ਵਾਪਾਰ ਵਧਾਉਣਾ ਦੋਨੋ ਦੇਸ਼ਾਂ ਦੇ ਹਿਤਾਂ ਵਿੱਚ ਹੈ ਜੋ ਅਮਰੀਕਾ ਨੂੰ ਭਾਉਂਦਾ ਨਹੀ ਹੈ।



ਜਗਦੀਸ਼ ਸਿੰਘ ਚੋਹਕਾ
ਕੈਲਗਰੀ (ਕੈਨੇਡਾ)
91-92179-97445
001-403-285-4208
jagdishchohka@gmail.com

Now Open New Banquet Hall in Sacramento
For more info: Contact Paul : (916)334-6000






ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




e-Baba Entertainment App ਨੂੰ Download ਕਰੋ।

ਹੁਣ ਕਿਸੇ ਵੀ Company ਦੇ ਬਣੇ Android TV 'ਚ **eBaba App** ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ **eBaba** ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also **eBaba** Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ
ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।


ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ
HOPE
IMMIGRATION
Where Hope Meets
IMMIGRATION OPPORTUNITIES
USA SERVICES :
CITIZENSHIP
GREEN CARD & PETITION
AFFIDAVIT OF SUPPORT
WORK PERMIT RENEW
STUDENT VISA & TRANSFER
TOURIST VISAS
INDIAN SERVICES :
Passport
VISA
OCI CARD
RENUNCIATION
POWER OF ATTORNEY
LEGAL DOCUMENTS ATTESTATIONS
NOTARY SERVICES
WE CAN HELP YOU WORK AND SETTLE IN COUNTRIES WORLDWIDE ALSO
ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ
ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630
WEBSITE : www.hopeimmigration.net | Email : help@hopeimmigration.net
ਅਸੀਂ California State ਦੇ Bonded Immigration Consultant ਹਾਂ
ADDRESS : 2953 W CAPITOL AVE WEST SACRAMENTO, CA 95691
ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ





RE/MAX EXECUTIVE

ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।

**Kirandeep Kaur**

Realtor ®

CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

# PAL FILMS & PHOTO BOOKS

*All Your Photo/Videography & Post Production needs Under One Roof*




Music Video | Pre Shoots | Weddings | Birthdays | Graduations
Stage Shows Or Any Kind Of Events | Customize Photobooks (upto 6 feet)
Video Editing VFX/DI/CC & Much More....

*Full Photo & Videography studio with Green Screen Blue Screen*

**PH: 925 489 3400, 341 356 1517**

**Email: palfilms@yahoo.com, palfilms925@gmail.com, www.palfilms.com**

**4007 Railroad Ave Pittsburgh, CA 94565**

# ਕਿੱਥੇ ਤੁਰ ਗਏ ਪਿਆਰੇ ਲੋਕ?

ਸਿਰ ’ਤੇ ਹੱਥ ਪਲੋਸਣ ਵਾਲੇ।
ਨਿਰਛਲ ਸੱਚੇ ਭੋਲੇ ਭਾਲੇ।
ਸਭ ਦੀ ਧੀ ਨੂੰ ਧੀ ਕਹਿੰਦੇ ਸੀ।
ਇੱਕ ਮਰਿਆਦਾ ਵਿੱਚ ਰਹਿੰਦੇ ਸੀ।
ਜਾਂਦੇ ਸੀ ਸਤਿਕਾਰੇ ਲੋਕ।
ਕਿੱਥੇ ਤੁਰ ਗਏ ਪਿਆਰੇ ਲੋਕ?

ਬਲਦਾਂ ਦੇ ਗਲ ਟੋਲੀਆਂ ਖੜਕਣ।
ਪੈਰ੍ਹਾਂ ਦੇ ਵਿੱਚ ਲੈਅ ਦੀ ਥਰਕਣ।
ਹੱਲ ਪੰਝਾਲੀ ਲੈ ਕੇ ਜਾਂਦੇ।
ਸ਼ਾਮ ਢਲੇ ਨੂੰ ਵਾਪਿਸ ਆਂਦੇ।
ਮਿਹਨਤ ਦੇ ਵਣਜਾਰੇ ਲੋਕ।
ਕਿੱਥੇ ਤੁਰ ਗਏ ਪਿਆਰੇ ਲੋਕ?

ਸੱਥ ਵਿਚ ਮਿਰਜ਼ਾ ਗਾਵਣ ਵਾਲੇ।
ਠੰਢੀਆਂ ਛਾਵਾਂ ਮਾਨਣ ਵਾਲੇ।
ਰਲ ਮਲ ਭੰਗੜਾ ਪਾਵਣ ਵਾਲੇ।
ਰੁੱਸੇ ਯਾਰ ਮਨਾਵਣ ਵਾਲੇ।
ਵੰਡਦੇ ਫਿਰਨ ਨਜ਼ਾਰੇ ਲੋਕ।
ਕਿਥੇ ਤੁਰ ਗਏ ਪਿਆਰੇ ਲੋਕ?

ਬੱਚੇ ਮੁਫ਼ਤ ਪੜ੍ਹਾਂਦੇ ਸੀ ਜੋ।
ਭਗਤੀ ਬੱਲ ਸਿਖਾਂਦੇ ਸੀ ਜੋ।
ਪੁੱਤਾਂ ਵਾਂਗੂੰ ਪਾਲਣ ਵਾਲੇ।
ਕੁਕਰਮ ਤੋਂ ਟਾਲਣ ਵਾਲੇ।
ਸੱਚੇ ਤਾਰਨਹਾਰੇ ਲੋਕ।
ਕਿੱਥੇ ਤੁਰ ਗਏ ਪਿਆਰੇ ਲੋਕ?

ਸਫ਼ਰ ’ਚ ਵੇਖ ਪੰਜਾਬੀ ਮੁੰਡੇ।
ਜ਼ੁਰਰਤ ਨਈਂ ਸੀ ਕਰਦੇ ਗੁੰਡੇ।
ਧੀਆਂ ਭੈਣਾਂ ਚੈਨ ’ਚ ਬੈਠਣ।
ਦਿਨ ਹੋਵੇ ਜਾਂ ਰੈਣ ’ਚ ਬੈਠਣ
ਇੱਜ਼ਤਦਾਰ ਨਿਆਰੇ ਲੋਕ।
ਕਿੱਥੇ ਤੁਰ ਗਏ ਪਿਆਰੇ ਲੋਕ?

ਧੀ-ਜਵਾਈ ਜਦ ਪਿੰਡ ’ਚ ਆਏ।
ਹਰ ਕੋਈ ਸਧਰਾਂ ਨਾਲ ਬੁਲਾਏ।
ਕੁੜੀਏ ਰਾਜੀ-ਬਾਜੀ ਏਂ ਨਾ।
ਸੱਸ ਸਹੁਰਾ ਵੀ ਰਾਜੀ ਏ ਨਾ।
ਜਾਂਦੇ ਵਾਰੇ-ਵਾਰੇ ਲੋਕ।
ਕਿੱਥੇ ਤੁਰ ਗਏ ਪਿਆਰੇ ਲੋਕ?

ਠੰਢੀਆਂ ਠਾਰ ਹਵਾਵਾਂ ਅੰਦਰ।
ਸਾਂਝ ਪ੍ਰੀਤਾਂ ਛਾਵਾਂ ਅੰਦਰ।
ਉਂਗਲੀ ਲਾ ਕੇ ਹੱਸਦੇ ਜਾਂਦੇ।
ਸਭ ਨੂੰ ਰਸਤਾ ਦੱਸਦੇ ਜਾਂਦੇ।
ਲਾਉਂਦੇ ਨਈਂ ਸੀ ਲਾਰੇ ਲੋਕ।
ਕਿਥੇ ਤੁਰ ਗਏ ਪਿਆਰੇ ਲੋਕ?

ਦਿਨ ਰਾਤੀ ਜੋ ਲੋਅ ਲਈ ਬਲਦੇ।
ਮੁਫ਼ਤ ਸੇਵਾਵਾਂ ਦੇ ਕੇ ਚਲਦੇ।
ਮਾਨਵਤਾ ਲਈ ਜੀਂਦੇ ਮਰਦੇ।
‘ਬਾਲਮ’ ਧਰਤੀ ਦੇ ਦੁੱਖ ਜਰਦੇ।
ਸੂਰਜ ਚੰਨ ਸਿਤਾਰੇ ਲੋਕ।
ਕਿੱਥੇ ਤੁਰ ਗਏ ਪਿਆਰੇ ਲੋਕ?



ਬਲਵਿੰਦਰ ਬਾਲਮ
ਉਂਕਾਰ ਨਗਰ
ਗੁਰਦਾਸਪੁਰ (ਪੰਜਾਬ)
98156-25409

# ਅਜੋਕੇ ਯੁੱਗ ਵਿੱਚ 'ਮੈਂ-ਮੇਰੀ' ਦਾ ਮਾਰੂ ਪ੍ਰਭਾਵ

ਅਜੋਕੇ ਪਦਾਰਥਵਾਦਕ ਯੁੱਗ ਨੂੰ ਜੇਕਰ ਕਿਸੇ ਇਕ ਸ਼ਬਦ ਵਿੱਚ ਸਮੇਟਿਆ ਜਾਵੇ ਤਾਂ ਉਹ ਸ਼ਬਦ ਹੈ ਸਿਰਫ਼ ਤੇ ਸਿਰਫ਼ ਆਤਮ-ਕੇਂਦਰਤਾ। ਮਨੁੱਖ ਦੇ ਵਿਚਾਰ, ਕਰਮ ਅਤੇ ਸੰਬੰਧਾਂ ਦੇ ਕੇਂਦਰ ਵਿੱਚ ਅੱਜ ਸਭ ਤੋਂ ਵੱਧ 'ਮੈਂ' ਅਤੇ 'ਮੇਰੀ' ਹੀ ਵਿਰਾਜਮਾਨ ਹੈ। ਇਹ ਰੁਝਾਨ ਸਿਰਫ਼ ਵਿਅਕਤੀਗਤ ਜੀਵਨ ਤੱਕ ਸੀਮਿਤ ਨਹੀਂ ਰਹਿਆ ਬਲਕਿ ਸਮਾਜਕ, ਰਾਜਨੀਤਿਕ, ਧਾਰਮਿਕ ਅਤੇ ਆਰਥਿਕ ਪੱਧਰ 'ਤੇ ਵੀ ਆਪਣੇ ਪੈਰ ਪਸਾਰ ਚੁੱਕਾ ਹੈ।

ਮੈਂ-ਮੇਰੀ ਦੀਆਂ ਮਨੋਵਿਗਿਆਨਕ ਜੜ੍ਹਾਂ

ਮਨੁੱਖੀ ਮਨ ਵਿੱਚ ਵਿਕਾਰਾਂ ਦੇ ਕਾਰਣ ਕੁਦਰਤੀ ਤੌਰ ਤੇ ਹੰਕਾਰ (ਈਗੋ) ਦੇ ਅੰਸ਼ ਮੌਜੂਦ ਹੁੰਦੇ ਹਨ। ਪਰ ਜਦੋਂ ਇਹ ਹੰਕਾਰ ਨਿਰਧਾਰਿਤ ਸੀਮਾ ਤੋਂ ਪਾਰ ਹੋ ਜਾਂਦਾ ਹੈ ਤਾਂ ਮਨੁੱਖ ਆਪਣੇ ਆਪ ਨੂੰ ਹੀ ਸੰਸਾਰ ਦਾ ਕੇਂਦਰ ਭਾਵ ਧੁਰਾ ਮੰਨਣ ਲੱਗ ਪੈਂਦਾ ਹੈ। ਆਧੁਨਿਕ ਯੁੱਗ ਦੀ ਭੌਤਿਕਤਾ, ਮੁਕਾਬਲੇਬਾਜ਼ੀ ਅਤੇ ਡਿਜ਼ੀਟਲ ਮੀਡੀਆ ਦੇ ਮਨੋਵਿਗਿਆਨਿਕ ਪ੍ਰਭਾਵ ਨੇ ਇਸ 'ਮੈਂ-ਮੇਰੀ' ਵਾਲੇ ਸੋਚ-ਵਿਚਾਰ ਨੂੰ ਹੋਰ ਵੀ ਪ੍ਰਬਲ ਕੀਤਾ ਹੈ।

ਸਮਾਜਿਕ ਪ੍ਰਭਾਵ

1. ਸੰਬੰਧਾਂ ਵਿੱਚ ਦੂਰੀ- ਪਰਿਵਾਰਕ ਤੇ ਦੋਸਤਾਨਾ ਰਿਸ਼ਤਿਆਂ ਵਿੱਚ ਨਿਸ਼ਕਾਮਤਾ ਦੀ ਥਾਂ ਹਿਸਾਬ-ਕਿਤਾਬ ਨੇ ਲੈ ਲਈ ਹੈ। ਹਰ ਸੰਬੰਧ ਵਿੱਚ ਸੋਚ ਇਹ ਬਣ ਗਈ ਹੈ ਕਿ "ਮੈਨੂੰ ਕੀ ਮਿਲੇਗਾ?"
2. ਸਹਿਯੋਗ ਦੀ ਕਮੀ- ਜਥੇਬੰਦੀ ਤੇ ਭਾਈਚਾਰੇ ਦੇ ਕੰਮ ਘੱਟ ਰਹਿ ਗਏ ਹਨ ਕਿਉਂਕਿ ਹਰ ਕੋਈ ਸਿਰਫ਼ ਆਪਣਾ ਲਾਭ ਹੀ ਸੋਚਦਾ ਹੈ।
3. ਸਮਾਜਿਕ ਵਿਭਾਜਨ- ਇਸ ਮੈਂ ਮੇਰੀ ਵਾਲੀ ਸੌੜੀ ਸੋਚ ਅਤੇ ਵਰਗ ਵੰਡ ਨੇ ਸਮਾਜ ਵਿੱਚ ਆਪਸੀ ਟਕਰਾਅ ਵਧਾ ਦਿੱਤਾ ਹੈ।

ਆਰਥਿਕ ਪ੍ਰਭਾਵ

ਬਾਜ਼ਾਰਵਾਦ ਅਤੇ ਖਪਤ ਪ੍ਰਵਿਰਤੀ ਨੇ 'ਮੇਰੀ' ਦੀ ਭਾਵਨਾ ਨੂੰ ਬਹੁਤ ਉੱਚਾ ਚਾੜ੍ਹਿਆ ਹੈ। ਮਨੁੱਖ ਆਪਣੀ ਹਿਸੇਦਾਰੀ ਤੋਂ ਵੱਧ ਖਪਤ ਕਰਨ ਲਈ ਤਿਆਰ ਹੈ ਭਾਵੇਂ ਇਸ ਕਾਰਜ ਲਈ ਉਸਨੂੰ ਕਰਜ਼ਾ ਕਿਉਂ ਨਾ ਚੁੱਕਣਾ ਪਵੇ। ਕਾਰੋਬਾਰ ਵੀ ਇਸ ਮਨੋਵਿਗਿਆਨ ਦਾ ਲਾਭ ਲੈ ਕੇ ਮਨੁੱਖ ਨੂੰ ਹੋਰ ਸਵਾਰਥੀ ਬਣਾਉਂਦਾ ਹੈ।

ਰਾਜਨੀਤਿਕ ਅਤੇ ਧਾਰਮਿਕ ਪ੍ਰਭਾਵ

ਰਾਜਨੀਤੀ ਵਿੱਚ 'ਮੈਂ ਹੀ ਨੇਤਾ' ਅਤੇ 'ਮੇਰਾ ਹੀ ਵਿਚਾਰ ਸਹੀ' ਵਾਲੀ ਮਨੋਵਿਰਤੀ ਨੇ ਲੋਕਤੰਤਰ ਦੀ ਆਤਮਾ ਅਤੇ ਸੇਵਾ ਭਾਵ ਵਾਲੀ ਸੋਚ ਨੂੰ ਕਮਜ਼ੋਰ ਕੀਤਾ ਹੈ। ਧਰਮ ਦੇ ਖੇਤਰ ਵਿੱਚ ਭੀ ਨਿਸ਼ਕਾਮ ਸੇਵਾ ਦੀ ਥਾਂ ਖੁਦ ਦਾ ਅਕਸ ਵੱਡਾ ਬਣਾਉਣ ਤੇ ਜ਼ੋਰ ਵੱਧ ਗਿਆ ਹੈ।

ਸੰਭਾਵਿਤ ਨੁਕਸਾਨ

ਮਨੁੱਖੀ ਸੰਬੰਧਾਂ ਦੀ ਟੁੱਟ ਭੱਜ
ਭਰੋਸੇ ਦੀ ਘਾਟ
ਮਨੋਵਿਗਿਆਨਕ ਤਣਾਅ ਅਤੇ ਡਿਪ੍ਰੈਸ਼ਨ
ਹਿੰਸਾ ਅਤੇ ਅਸਹਿਣਸ਼ੀਲਤਾ ਦਾ ਵਾਧਾ

ਇਸ ਰੁਝਾਨ ਤੋਂ ਬਚਾਅ ਕਿਵੇਂ ਕਰੀਏ ?

1. ਆਤਮ-ਚਿੰਤਨ- ਰੋਜ਼ ਆਪਣੇ ਵਿਚਾਰਾਂ ਤੇ ਕਰਮਾਂ ਦੀ ਸਮੀਖਿਆ ਕਰ ਕੇ ਵਿਕਾਰਾਂ ਅਧੀਨ ਹੋਏ ਕਾਰਜਾਂ ਲਈ ਮੁੜ ਸੋਚ ਵਿਚਾਰ ਕਰਨਾ ਚਾਹੀਦਾ ਹੈ।
2. ਸੇਵਾ ਭਾਵਨਾ- ਬਿਨਾਂ ਲਾਭ ਦੀ ਉਮੀਦ ਕੀਤੀ ਸੇਵਾ 'ਮੈਂ' ਦੀ ਭਾਵਨਾ ਨੂੰ ਘਟਾਉਂਦੀ ਹੈ।
3. ਸਾਂਝਾ ਸੁਖ- ਪਰਿਵਾਰ, ਸਮਾਜ ਅਤੇ ਦੇਸ਼ ਦੀ ਭਲਾਈ ਨੂੰ ਆਪਣੇ ਸੁੱਖ ਨਾਲ ਜੋੜਨਾ।
4. ਅਧਿਆਤਮਿਕ ਅਭਿਆਸ- ਗੁਰਬਾਣੀ, ਧਾਰਮਿਕ ਗ੍ਰੰਥਾਂ ਅਤੇ ਧਿਆਨ ਰਾਹੀਂ ਹੰਕਾਰ ਦਾ ਨਿਵਾਰਣ ਕਰਨ ਲਈ ਘਾਲਣਾ ਕਰਨੀ ਚਾਹੀਦੀ ਹੈ।

ਅਜੋਕੇ ਯੁੱਗ ਵਿੱਚ 'ਮੈਂ-ਮੇਰੀ' ਦਾ ਪ੍ਰਭਾਵ ਮਨੁੱਖੀ ਜੀਵਨ ਨੂੰ ਅਲੱਗਾਵ, ਅਸੰਤੁਸ਼ਟੀ ਅਤੇ ਤਣਾਅ ਵੱਲ ਧੱਕ ਰਿਹਾ ਹੈ। ਸਮਾਜ ਦੇ ਸਿਹਤਮੰਦ ਵਿਕਾਸ ਲਈ ਇਹ ਜ਼ਰੂਰੀ ਹੈ ਕਿ ਅਸੀਂ ਆਪਣੇ ਅੰਦਰ ਦੀ ਸਵਾਰਥੀ ਸੋਚ ਨੂੰ ਘਟਾ ਕੇ ਨਿਸ਼ਕਾਮਤਾ, ਸਹਿਯੋਗ ਅਤੇ ਸਾਂਝੇ ਸੁੱਖ ਦੀ ਦਿਸ਼ਾ ਵੱਲ ਕਦਮ ਵਧਾਈਏ। ਜਦੋਂ 'ਮੈਂ' ਦੀ ਥਾਂ 'ਅਸੀਂ' ਆ ਜਾਵੇਗਾ, ਤਦ ਹੀ ਮਨੁੱਖਤਾ ਦਾ ਅਸਲ ਭਲਾ ਹੋ ਸਕਦਾ ਹੈ।

ਸੁਰਿੰਦਰਪਾਲ ਸਿੰਘ
ਸ੍ਰੀ ਅੰਮ੍ਰਿਤਸਰ ਸਾਹਿਬ



LARRY T. NIERMEYER
Attorney at Law



OFFERING SERVICES IN THE FOLLOWING AREAS





1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation

PHONE: (209) 574-9447

1420 F STREET ST_ 2ND FLOOR MODESTO, CA 95354
Email : ltniermeyer@aol.com


ALL YOUR PROPERTY & FINANCIAL NEEDS UNDER ONE ROOF
REVA BLUE
REALTY, INC
Lic #02059815
SPECIALIZING IN ALL TYPES OF
COMMERCIAL
and
RESIDENTIAL
Agriculture Land
Liquor Stores
Gas Stations
Apartments
Commercial Buildings
ਵਰਗੀਆਂ ਪ੍ਰੋਪਰਟੀਜ਼
ਖਰੀਦਣ ਜਾਂ ਵੇਚਣ ਦੇ
ਚਾਹਵਾਨ
ਇੱਕ ਵਾਰ ਸਾਨੂੰ ਮਿਲੋ
BLUESTONE
LENDING FIRM
WHERE YOUR DREAMS MEET THE RIGHT LOAN
ਕੀ ਤੁਸੀਂ ਆਪਣਾ ਘਰ Re-Finance ਕਰਨਾ ਹੈ, ਘਰ ਖ਼ਰੀਦਣਾ ਹੈ ?
ਜਾਂ Business ਲੈਣਾ ਜਾਂ Re-Finance ਕਰਨਾ, Working Capital ਲੈਣਾ ਹੈ ਤਾਂ ਓਹਦੇ ਵਿੱਚ Bluestone ਤੁਹਾਨੂੰ Assist ਕਰ ਸਕਦੀ ਹੈ |
SBA LOAN | FHA LOAN
CONVENTIONAL LOAN
HARD MONEY LOAN
PRIVATE LOAN
VA LOAN
Masters Club Life Member
SATNAM SINGH, MBA
DRE Lic #02059815
NMLS #2240863
Broker, Lic #01725504
Satnam2000@gmail.com
(510) 926-5738
(209) 587-3644
712 E Main St., Turlock, CA 95380
830 W Olive Ave, Suite D, Merced


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



Capital DRUG TESTING

# CAPITAL DRUG TESTING

## Drug and Alcohol Test

## DOT / NON DOT

PRE EMPLOYMENT - RANDOM
POST ACCIDENT - REASONABLE SUSPICION

Services: DOT Random Prog., FMCSA Clearinghouse, DOT Supervisor Training, SAP Classes Etc.



**Lab. Ph:(916) 680-9293**

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com


"ਕੀ ਤੁਸੀਂ ਆਪਣੇ ਘਰ, ਗੱਡੀ, ਪਰਿਵਾਰ ਜਾਂ ਕਾਰੋਬਾਰ ਦੀ
ਸੁਰੱਖਿਆ ਲਈ ਇੰਸ਼ੋਰੈਂਸ ਲੱਭ ਰਹੇ ਹੋ ?
FARMERS INSURANCE
ਨਵਨੀਤ ਕੌਰ
INSURANCE AGENCY
------------ "ਤੁਹਾਡਾ ਸੁਆਗਤ ਹੈ" ------------
"ਅਸੀਂ ਤੁਹਾਡੀ ਹਰ ਲੋੜ ਲਈ ਇੰਸ਼ੋਰੈਂਸ ਪੌਲਿਸੀਆਂ ਵੇਚਦੇ ਹਾਂ, ਜਿਵੇਂ :
ਆਟੋ
INSURANCE
ਹੋਮ
ਲਾਈਫ
ਵਪਾਰਕ ਇੰਸ਼ੋਰੈਂਸ
"ਸਾਡੇ ਕੋਲ ਖੇਤਾਂ, ਪਹਾੜਾਂ ਅਤੇ ਕਸਟਮ ਬਿਲਡ ਘਰਾਂ ਦੀ ਵੀ ਇੰਸ਼ੋਰੈਂਸ ਉਪਲਬਧ ਹੈ
ਇਸ ਤੋਂ ਇਲਾਵਾ, ਅਸੀਂ ਨੌਨ-ਸਟੈਂਡਰਡ ਆਟੋ ਪੌਲਿਸੀਜ਼ ਵੀ ਕਰਦੇ ਹਾਂ!"
Get a free Quote
"ਸਾਡੇ ਨਾਲ ਸੰਪਰਕ ਕਰੋ :
ਫ਼ੋਨ ਨੰਬਰ: (209) 672-4539
ਪਤਾ :- 17416 Murphy Pkwy, Lathrop, CA 95330
KANWALJIT SINGH
(Insurance Agent)
ਨਵਨੀਤ ਕੌਰ ਫਾਰਮਰ ਇੰਸ਼ੋਰੈਂਸ – ਜਿੱਥੇ ਤੁਹਾਡੀ ਸੁਰੱਖਿਆ ਸਾਡੀ ਪਹਿਲੀ ਤਰਜੀਹ ਹੈ!"

# JVS LOGISTICS

2345 Enterprise Park Place Indianapolis Indiana, 46218



- ਇਥੇ ਸੈਮੀ ਟਰੱਕ ਟ੍ਰੇਲਰ ਦੀ ਮੁਰੰਮਤ ਕੀਤੀ ਜਾਂਦੀ ਹੈ
- ਇਥੇ ਅਸੀਂ Brakes, Drums, Tires, Radiators, Seals, Shocks, Air Bag ਵਰਗੀਆਂ ਸੇਵਾਵਾਂ ਦਿੰਦੇ ਹਾਂ
- ਸੇਮੀ ਟਰੱਕ ਅਤੇ ਟ੍ਰੇਲਰ ਦੀ ਪਾਰਕਿੰਗ lease ਤੇ ਲੈ ਸਕਦੇ ਹੋ





- ਕਰਾਸ ਡੌਕ ਸੇਵਾਵਾਂ
- ਲੋਡ ਟ੍ਰਾਂਸਫਰ ਅਤੇ ਰੀਸਟਾਕ ਕਰੋ
- ਟਿਲਟੇਡ ਪੈਲੇਟਸ ਨੂੰ ਸਿਧੇ ਕੀਤੇ ਜਾਂਦੇ ਹਨ
- ਖਿਲਰੇ ਹੋਏ ਲੋਡ ਨੂੰ ਰੀਸਟਾਕ ਕਰਵਾਓ
- ਇੰਡੀਆਨਾ ਏਰੀਏ 'ਚ ਲੋਡ ਡਿਲੇਵਰ ਕਰਵਾਓ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ

JUGDEV SAMRA (317) 379-4065

jvslogisticsllc@outlook.com

SUKHDEV SAMRA (317) 250-3545

ਸਾਡੀ ਇਹ ਲੋਕੇਸ਼ਨ Near - Indianapolis Downtown on I-70, Exit 85B, Keystone Avenue





RE/MAX EXECUTIVE

ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।

**Kirandeep Kaur**
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

# JK TYRE INC

## JKTYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600

With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-

With Installation
Singh: 510-766-9382

**Firestone FS591**

SPECIAL OFFER !!

STEER TIRE
295/75R22.5

With Installation
Singh: 510-766-9382



11R22.5

With Installation
Singh: 510-766-9382

**Sizes available in drive & trailer**

295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-

With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-

With Installation
Singh: 510-766-9382

**JK JETSTEEL JDL2**

SPECIAL OFFER !!



DRIVE TIRE
11R22.5-
11R24.5-
295/75R22.5-

With Installation
Singh: 510-766-9382



FALKEN TIRES | GOODYEAR | KELLY TIRES | BARKLEY Feel the difference | PIRELLI
MICHELIN A better way forward | BRIDGESTONE | Firestone | YOKOHAMA
PEARLY | NAMA | TOYO TIRES driven to perform | Continental | DUNLOP TIRES

# S. Singh Cell: (510) 766-9382

## 2955 N. Wilson Way Stockton , CA 95205


SINCE 1990
BAGGA
PALACE
ਇੱਕੋ ਥਾਂ 'ਤੇ ਪਿਛਲੇ 1990 ਤੋਂ
ਤੁਹਾਡੀ ਸੇਵਾ ਕਰ ਰਹੇ ਹਨ
ਖਰੀਦੋ ਮਨਪਸੰਦ ਸੋਨੇ ਦੇ ਗਹਿਣੇ
ਨਵੇਂ ਤੋਂ ਨਵੇਂ ਡਿਜ਼ਾਈਨ
ਸ਼ੁੱਧਤਾ ਦੀ 100% ਗਾਰੰਟੀ
22 ਕੈਰੇਟ ਸੋਨੇ ਦੇ ਗਹਿਣੇ
We buy Gold
ਸੋਨੇ ਦੇ ਗਹਿਣੇ ਖਰੀਦਣ, ਵੇਚਣ ਅਤੇ ਪੁਰਾਣੇ ਸੋਨੇ ਬਦਲੇ
ਨਵਾਂ ਸੋਨਾ ਲੈਣ ਲਈ ਸੰਪਰਕ ਕਰੋ
Ph.: (916) 393-1872, (916) 678-9312
Monday to Sunday (open) | Tuesday ( closed )
(closed)
ADDRESS : 6620 FLORIN ROAD, SACRAMENTO , CA 95828


E-MAIL:SALES@ezeldsolutions.com
EZ ELD SOLUTIONS
LOGBOOKS MADE EASY
TRACK YOUR TRUCK WITH
EZ TRUCK SOLUTION
ਆਪਣੇ ਟਰੱਕ ਵਿਚ ELD DEVICE ਲਗਾਉਣ ਲਈ ਸਾਨੂੰ ਕਾਲ ਕਰੋ
ਅਸੀਂ ਤੁਹਾਡੇ ਨਾਲ ਪੰਜਾਬੀ ਵਿਚ ਗੱਲ-ਬਾਤ ਕਰ ਸਕਦੇ ਹਾਂ
FMCSA Complaint & Affordable
The Power of telematics in the palm of your hand
Compliance | Asset Tracking | Management
$100 HARDWARE
ONE-TIME FEE
PT30
$20 MONTHLY
SUBSCRIPTION
CRITICAL ENGINE DATA
Tracking
Tire Pressure
Diagnostics
24/7 TECHNICAL SUPPORT IN
ENGLISH,SPANISH AND PUNJABI.
CALL NOW +1 (800) 556-7105
Official Address : 2301 W Belmont ave, Fresno, CA 93727


JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION
DEFENSE , GREEN CARDS , MARRIAGE , CITIZENSHIP, P3 AND E-2 VISAS
LAW OFFICES IN NY , NJ AND CALIFORNIA
SACRAMENTO, CA
5855 AUBURN BLVD, SACRAMENTO, CA 95841 +1-917-915-4142
FREMONT, CA
3155 KEARNEY ST, SUITE #248, FREMONT, CA 94538 +1-510-657-6444
NEW YORK, NY
108-14 JAMAICA AVENUE, RICHMOND HILL, NY 11418 +1-718-533-8444
FRESNO, CA
1625 E SHAW AVE #122, FRESNO, CA 93711 +1-559-271-5511
NEW JERSEY, NJ
2060 OAK TREE ROAD #1, EDISON, NEW JERSEY, 08820 +1-732-453-6699
LOS ANGELES, CA
1013 N BEGONIA AVE, ONTARIO, CA 91762 +1-917-915-4142
CONTACT
+1-917-915-4142
Jaspreetsinghlaoffice@gmail.com

# PACIFIC ATLANTIC
## INSURANCE SERVICES INC.
AGENCY LIC# 6022536



ਕਿਸੇ ਵੀ ਤਰ੍ਹਾਂ ਦੀ insurance ਕਰਾਉਣ ਲਈ ਕਾਲ ਕਰੋ
ਅਸੀਂ ਹੇਠ ਲਿਖੀਆਂ ਸੇਵਾਵਾਂ ਦਿੰਦੇ ਹਾਂ

- ਟਰੱਕਇੰਗ ਬਿਜ਼ਨਸ (ਟਰੱਕ /ਟ੍ਰੇਲਰ) ਦੀ ਇੰਸ਼ੋਰੈਂਸ
- ਕਮਰਸ਼ੀਅਲ ਪ੍ਰਾਪਰਟੀ ਦੀ ਇੰਸ਼ੋਰੈਂਸ
- ਕਾਰੋਬਾਰ ਦੀ ਇੰਸ਼ੋਰੈਂਸ
- ਕਾਰ ਜਾਂ ਘਰ ਦੀ ਇੰਸ਼ੋਰੈਂਸ



ਅਸੀਂ Compatible ਰੇਟ ਦਿੰਦੇ ਹਾਂ, ਕਿਤੇ ਹੋਰ ਜਾਣ ਤੋਂ ਪਹਿਲਾ ਸਾਡੇ ਰੇਟ ਜਰੂਰ ਚੈੱਕ ਕਰੋ
ਅਤੇ Free QUOTE ਲਈ ਕਾਲ ਕਰੋ

ਸੰਪਰਕ ਕਰੋ

**Farhan Ali**
CLIENT RELATIONS MANAGER

**Jessie Ghangas**
BROKER AGENT CA LIC# 0171673

(916)800-9828

621 Houston Street W. Sacramento, CA 95691
OFFICE : (530)556-8004
Support@pacificatlanticsvs.com | www.pacificatlanticsvs.com

ਅਸੀਂ ਪੰਜਾਬੀ ਹਿੰਦੀ ਉਰਦੂ ਇੰਗਲਿਸ਼ ਅਤੇ ਸਪੇਨਿਸ਼ ਵਿਚ ਗੱਲ ਕਰ ਸਕਦੇ ਹਾਂ

VISIT US ON :

SANJHI SOCH TV & DAILY NEWSPAPER



TO EXPAND YOUR BUSINESS
IN INDIAN COMMUNITY




Through Newspaper & T.V,
Advertise with us just as
low as $100 PER MONTH.

Call +1 (209) 303-1260

ਆਪਣੇ ਕਾਰੋਬਾਰ ਨੂੰ ਭਾਰਤੀ ਭਾਈਚਾਰੇ ਵਿੱਚ ਅਖ਼ਬਾਰ ਅਤੇ
ਟੀਵੀ ਰਾਹੀ ਵਧਾਉਣ ਲਈ ਸਾਨੂੰ ਇਸ਼ਤਿਹਾਰ ਦਿਉ

ਇਸ਼ਤਿਹਾਰ ਲਾਉਣ ਦੀ ਕੀਮਤ ਸਿਰਫ਼ $100 ਤੋਂ ਸ਼ੁਰੂ ਹੁੰਦੀ ਹੈ

www.sanjhisoch.com
Sanjhi Soch TV NRI

ਟੀ.ਵੀ. ਪੱਤਰਕਾਰਾਂ ਦੀ ਜ਼ਰੂਰਤ

ਸਾਂਝੀ ਸੋਚ ਟੀ.ਵੀ. ਲਈ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਚੰਡੀਗੜ੍ਹ
ਤੋਂ ਤਜ਼ੁਰਬੇਕਾਰ ਪੱਤਰਕਾਰਾਂ ਦੀ ਜ਼ਰੂਰਤ ਹੈ। ਤਨਖ਼ਾਹ ਯੋਗਤਾ ਅਨੁਸਾਰ।
ਸੰਪਰਕ: +1 (209) 303-1260